People's Herald
People's Herald
Rs- 100/month



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"
स्वतंत्रता, समानता, भाईचारा

PATIALA
On line paper
02 ਜੂਨ 2025 ਸੋਮਵਾਰ "ਰੋਜ਼ਾਨਾ" ਸਾਲ ਚੌਥਾ
w.e.f. 15 August 2022
ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਅਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਪਟਨਾ ਸਾਹਿਬ ਦੇ ਪੰਜ ਪਿਆਰਿਆਂ ਨੇ ਮੁੜ ਕੀਤਾ ਸੁਖਬੀਰ ਬਾਦਲ ਨੂੰ ਤਲਬ

### ਤਖਤ ਸ੍ਰੀ ਪਟਨਾ ਸਾਹਿਬ ਜੀ ਦੇ ਪੰਜ ਪਿਆਰਿਆਂ ਨੇ 10 ਜੂਨ ਤਕ ਪੇਸ਼ ਹੋਣ ਦੇ ਦਿਤੇ ਹੁਕਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਪਟਨਾ ਸਾਹਿਬ ਦੇ ਪੰਜ ਪਿਆਰਿਆਂ ਦਾ ਮੁੜ ਵੱਡਾ ਫ਼ੈਸਲਾ ਲਿਆ ਗਿਆ ਹੈ। ਅੱਜ ਦੀ ਇਕੱਤਰਤਾ 'ਚ ਸੁਖਬੀਰ ਬਾਦਲ ਨੂੰ ਸਰੀਰਕ ਤੌਰ 'ਤੇ 10 ਜੂਨ ਤਕ ਤਖ਼ਤ ਸ੍ਰੀ ਪਟਨਾ ਸਾਹਿਬ 'ਤੇ ਹਾਜ਼ਰ ਦੇ ਹੁਕਮ ਸੁਣਾਏ ਗਏ ਹਨ ਤੇ ਕਿਹਾ ਗਿਆ ਹੈ ਕਿ ਇਹ ਉਨ੍ਹਾਂ ਲਈ ਆਖ਼ਰੀ ਮੌਕਾ ਹੈ। ਤਖਤ ਸ੍ਰੀ ਪਟਨਾ ਸਾਹਿਬ ਜੀ ਦੇ ਪੰਜ ਪਿਆਰਿਆਂ ਨੇ ਹੁਕਮ ਜਾਰੀ ਕੀਤਾ ਹੈ।

ਜ਼ਿਕਰਯੋਗ ਹੈ ਕਿ ਅਕਾਲ ਤਖ਼ਤ ਸਾਹਿਬ ਵਲੋਂ ਗਿਆਨੀ ਗੌਹਰ ਨੂੰ ਕਲੀਨ ਚਿਟ ਦੇਣ 'ਤੇ ਪਟਨਾ ਸਾਹਿਬ ਦੀ ਸੰਗਤ ਅੰਦਰ ਗੁੱਸਾ ਸੀ ਤੇ ਇਸ ਫ਼ੈਸਲੇ ਤੋਂ ਬਾਅਦ ਪਟਨਾ



ੴ ਸਤਿਗੁਰ ਪ੍ਰਸਾਦਿ
॥ ਅਕਾਲ ਸਹਾਇ ॥ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ ॥
॥ ਹਰਿ ਸਚੇ ਤਖਤ ਰਚਾਇਆ ॥
ਪ੍ਰਕਾਸ਼ ਅਸਥਾਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ॥ ਪਟਨਾ ਗੁਰੂ ਕਾ ਘਰ ਹੈ।
ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ
TAKHAT SRI HARIMANDIR JI, PATNA SAHIB
ਪਟਨਾ- 800008, ਬਿਹਾਰ (ਭਾਰਤ) Patna - 800008, Bihar (India)
Email: headgranthipatnasahib@gmail.com

ਪੱਤਰ ਨੰ.ਤਪਸ/37/ਹ/2025 ਮਿਤੀ...01-06-2025.....

ਆਦੇਸ਼

ਅੱਜ ਮਿਤੀ 01 ਜੂਨ 2025 ਦਿਨ ਐਤਵਾਰ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਦੀ ਵਿਸ਼ੇਸ਼ ਇਕੱਤਰਤਾ ਹੋਈ। ਜਿਸ ਵਿਚ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵੱਲੋਂ ਜਾਰੀ ਹੁਕਮਨਾਮਾ ਨੰ ਤਪਸ/36/ਹ/2025 ਮਿਤੀ 21-05-2025 ਰਾਹੀਂ ਸ. ਸੁਖਬੀਰ ਸਿੰਘ ਬਾਦਲ ਨੂੰ 10 ਦਿਨ ਦੇ ਅੰਦਰ-ਅੰਦਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਦੇ ਸਾਹਮਣੇ ਸਾਰੀਰਕ ਰੂਪ ਵਿਚ ਪੇਸ਼ ਹੋਕੇ ਆਪਣਾ ਪੱਖ ਰਖਣ ਲਈ ਆਦੇਸ਼ ਦਿਤਾ ਗਿਆ ਸੀ ਅਤੇ ਆਦੇਸ਼ ਦੀ ਉਲੰਘਣਾ ਹੋਣ ਤੇ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕਰਨ ਦੀ ਜਾਣਕਾਰੀ ਦਿੱਤੀ ਗਈ ਸੀ।

ਦੀਰਘ ਵਿਚਾਰ ਵਿਮਰਸ਼ ਉਪਰੰਤ ਇਹ ਫੈਸਲਾ ਹੋਇਆ ਕਿ ਮੌਜੂਦਾ ਸਮੇਂ ਸਿੱਖ ਪੰਥ ਦੇ ਘੱਲੂਘਾਰਾ ਦਿਹਾੜੇ ਅਤੇ ਕੌਮ ਲਈ ਸ਼ਹੀਦੀ ਸਪਤਾਹ ਹੋਣ ਦੇ ਕਾਰਨ ਸ. ਸੁਖਬੀਰ ਸਿੰਘ ਬਾਦਲ ਨੂੰ 10 ਦਿਨ ਦਾ ਇਕ ਅੰਤਿਮ ਸਮਾਂ ਦੇਣ ਦੀ ਸਹਮਤੀ ਬਨੀ।

ਇਸ ਲਈ ਸ. ਸੁਖਬੀਰ ਸਿੰਘ ਬਾਦਲ ਨੂੰ ਅੰਤਿਮ ਮੌਕਾ ਦਿੰਦੇ ਹੋਏ 10 ਜੂਨ 2025 ਤੱਕ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਸਤਿਕਾਰ ਯੋਗ ਪੰਜ ਪਿਆਰੇ ਸਿੰਘ ਸਾਹਿਬਾਨ ਦੇ ਸਾਹਮਣੇ ਸਾਰੀਰਕ ਰੂਪ ਵਿਚ ਪੇਸ਼ ਹੋਕੇ ਆਪਣਾ ਪੱਖ ਰਖਣ ਲਈ ਆਦੇਸ਼ ਦਿਤਾ ਜਾਂਦਾ ਹੈ ਅਤੇ ਆਦੇਸ਼ ਦੀ ਉਲੰਘਣਾ ਹੋਣ ਤੇ ਪੰਥਕ ਰਵਾਇਤ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਤਾਰਾ : ਸ. ਸੁਖਬੀਰ ਸਿੰਘ ਬਾਦਲ ਨੂੰ ਜਾਣਕਾਰੀ ਹਿਤ।

ਪੰਜ ਪਿਆਰੇ ਸਿੰਘ ਸਾਹਿਬਾਨ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ

(ਸਿੰਘ ਸਾਹਿਬ ਭਾਈ ਦਲੀਪ ਸਿੰਘ) ਐਡੀਸ਼ਨਲ ਹੈਡ ਗ੍ਰੰਥੀ
(ਸਿੰਘ ਸਾਹਿਬ ਭਾਈ ਬਲਦੇਵ ਸਿੰਘ) ਜਥੇਦਾਰ, ਹੈਡ ਗ੍ਰੰਥੀ
(ਸਿੰਘ ਸਾਹਿਬ ਭਾਈ ਗੁਰਦਿਆਲ ਸਿੰਘ) ਐਡੀਸ਼ਨਲ ਹੈਡ ਗ੍ਰੰਥੀ
(ਸਿੰਘ ਸਾਹਿਬ ਭਾਈ ਪਰਸੁਰਾਮ ਸਿੰਘ) ਸੀ: ਮੀਤ ਗ੍ਰੰਥੀ
(ਸਿੰਘ ਸਾਹਿਬ ਭਾਈ ਅਮਰਜੀਤ ਸਿੰਘ) ਮੀਤ ਗ੍ਰੰਥੀ

ਮੋ. 9931064935, 9852115528 ਫੋਨ: 0612-2641821 Email: info@takhatpatnasahib.in

ਸਾਹਿਬ ਦੇ ਪੰਜ ਪਿਆਰਿਆਂ ਨੇ ਇਕ ਹੁਕਮਨਾਮਾ ਜਾਰੀ ਕਰ ਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਗਿਆਨੀ ਟੇਕ ਸਿੰਘ ਧਨੌਲਾ ਨੂੰ ਤਨਖ਼ਾਹੀਆ ਕਰਾਰ ਦੇ ਦਿਤਾ ਤੇ ਸੁਖਬੀਰ ਸਿੰਘ ਬਾਦਲ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ 'ਤੇ ਪੇਸ਼ ਹੋਣ ਦੇ ਹੁਕਮ ਦਿਤੇ।

ਇਹ ਘਟਨਾਕ੍ਰਮ 21 ਮਈ ਨੂੰ ਵਾਪਰਿਆ ਸੀ। ਇਸ ਤੋਂ ਬਾਅਦ ਦਰਬਾਰ ਸਾਹਿਬ ਦੇ ਪੰਜ ਪਿਆਰਿਆਂ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਪੰਜ ਪਿਆਰਿਆਂ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਪੰਜ ਪਿਆਰਿਆਂ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਹੁਕਮਨਾਮੇ ਨੂੰ ਰੱਦ ਕਰ ਦਿਤਾ। ਇਸ ਨਾਲ ਦੋਹਾਂ ਤਖ਼ਤਾਂ ਅੰਦਰ ਤਣਾਅ ਬਣ ਗਿਆ। ਭਾਵੇਂ ਸ਼੍ਰੋਮਣੀ ਕਮੇਟੀ ਦਾ 6 ਮੈਂਬਰੀ ਵਫ਼ਦ ਵੀ ਪਟਨਾ ਸਾਹਿਬ ਵੀ ਗਿਆ ਪਰ ਕੋਈ ਗੱਲ ਨਾ ਬਣ ਸਕੀ। ਹੁਣ ਇਕ ਵਾਰ ਫਿਰ ਪੰਜ ਪਿਆਰਿਆਂ ਨੇ ਸੁਖਬੀਰ ਬਾਦਲ ਨੂੰ 10 ਦਿਨ ਦੇ ਅੰਦਰ ਤਖ਼ਤ ਸ੍ਰੀ ਪਟਨਾ ਸਾਹਿਬ ਪੇਸ਼ ਹੋਣ ਦੇ ਹੁਕਮ ਦਿਤੇ ਹਨ।

## ਪੰਜਾਬ ਦੀ 'ਆਪ' ਸਰਕਾਰ ਖਿਲਾਫ ਬਸਪਾ ਵਲੋਂ ਜਾਰੀ ਅੰਦੋਲਨ ਬਣਿਆ ਜਨਤਕ ਲਹਿਰ - ਕਰੀਮਪੁਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਫਗਵਾੜਾ 1 ਜੂਨ (ਸ਼ਿਵ ਕੌੜਾ) ਬਹੁਜਨ ਸਮਾਜ ਪਾਰਟੀ ਵਲੋਂ ਸ਼ਹਿਰ ਦੇ ਵਾਰਡ ਨੰਬਰ 25 ਤੋਂ ਪਾਰਟੀ ਦੀ ਕੌਂਸਲਰ ਅਮਨਦੀਪ ਕੌਰ ਦੀ ਜਿੱਤ ਨੂੰ ਲੈ ਕੇ ਮੁਹੱਲਾ ਸ਼ਾਮ ਨਗਰ ਤੇ ਕੌਂਲਸਰ ਦੇ ਸਮੂਹ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕਰਨ ਲਈ ਧੰਨਵਾਦ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਪਾਰਲੀਮੈਂਟ ਅਤੇ ਇੰਚਾਰਜ ਜੰਮੂ-ਕਸ਼ਮੀਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਨੇ ਸਮੂਹ ਵੋਟਰਾਂ ਅਤੇ ਸਪੋਰਟਰਾਂ ਦਾ ਬਸਪਾ ਉਮੀਦਵਾਰ ਨੂੰ ਜਿਤਾਉਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਬਸਪਾ ਕੌਂਸਲਰ ਵਲੋਂ ਵਾਰਡ ਵਾਸੀਆਂ ਦੇ ਨਾਲ ਕੀਤੇ ਵਿਕਾਸ ਸਬੰਧੀ ਸਾਰੇ ਵਾਅਦੇ ਪੂਰੇ ਕਰਵਾਏ ਜਾਣਗੇ। ਉਹਨਾਂ ਬਹੁਜਨ ਸਮਾਜ ਪਾਰਟੀ ਪੰਜਾਬ ਵਲੋਂ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਅਤੇ ਖੋਖਲੇ ਦਾਅਵਿਆਂ ਦੇ ਖਿਲਾਫ ਵਿੱਢੀ ਮੁਹਿਮ ਦੀ ਜਾਣਕਾਰੀ ਵੀ ਪਾਰਟੀ ਵਰਕਰਾਂ ਨਾਲ ਸਾਂਝੀ ਕੀਤੀ। ਪੰਜਾਬ ਪ੍ਰਧਾਨ ਕਰੀਮਪੁਰੀ ਨੇ ਕਿਹਾ ਕਿ ਬਸਪਾ ਵਲੋਂ ਪੰਜਾਬ ਭਰ 'ਚ 15 ਮਾਰਚ ਤੋਂ ਜੋ ਸਰਕਾਰ ਵਿਰੋਧੀ ਅੰਦੋਲਨ ਸ਼ੁਰੂ ਕੀਤਾ ਗਿਆ ਸੀ, ਉਹ ਹੁਣ ਜਨਤਕ ਲਹਿਰ ਬਣ ਚੁੱਕਾ ਹੈ। ਕਿਉਂਕਿ ਬਸਪਾ ਵਲੋਂ ਚਿੱਟੇ ਸਮੇਤ ਹੋਰ ਨਸ਼ਿਆਂ, ਐਜੂਕੇਸ਼ਨ ਐਕਟ ਦੇ ਖਿਲਾਫ, ਭਾਂਤ-ਭਾਂਤ ਦੇ ਮਾਫੀਆ ਦੀ ਸਰਗਰਮੀ, ਗੁੰਡਾਗਰਦੀ, ਵਿਗੜਦੀ ਕਾਨੂੰਨ ਵਿਵਸਥਾ ਸਬੰਧੀ ਜੋ ਮੁੱਦੇ ਚੁੱਕੇ ਹਨ, ਉਹ ਸਿਆਸੀ ਨਹੀਂ ਸਗੋਂ ਆਮ ਜਨਤਾ ਨਾਲ ਸਬੰਧਤ ਮੁੱਦੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ 'ਚ ਲੋਕਾਂ ਨੂੰ ਦਿੱਤੀਆਂ ਗਰੰਟੀਆਂ ਤੋਂ ਮੁੱਕਰ ਚੁੱਕੀ ਹੈ। ਸਮਾਗਮ ਦੌਰਾਨ ਬਸਪਾ ਕੌਂਸਲਰ ਅਮਨਦੀਪ ਕੌਰ ਨੇ ਪਾਰਟੀ ਦੇ ਸੀਨੀਅਰ ਆਗੂਆਂ, ਪਤਵੰਤਿਆਂ ਅਤੇ ਵੋਟਰਾਂ, ਸਪੋਰਟਰਾਂ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਜੋ ਪਿਆਰ, ਸਤਿਕਾਰ ਅਤੇ ਭਰੋਸਾ ਵਾਰਡ ਦੇ ਵਸਨੀਕਾਂ ਨੇ ਉਹਨਾਂ ਪ੍ਰਤੀ ਪ੍ਰਗਟਾਇਆ ਹੈ, ਉਸ ਵਿਸ਼ਵਾਸ ਨੂੰ ਕਾਇਮ ਰੱਖਣਗੇ। ਉਹਨਾਂ ਕਿਹਾ ਕਿ ਵਾਰਡ ਦਾ ਸਮੁੱਚਾ ਵਿਕਾਸ ਬਿਨਾ ਕਿਸੇ ਪੱਖਪਾਤ ਤੋਂ ਪੂਰੀ ਪਾਰਦਰਸ਼ਿਤਾ ਨਾਲ ਕਰਵਾਉਣਗੇ। ਸਟੇਜ ਦੀ ਸੇਵਾ ਮਨੀ ਅੰਬੇਡਕਰੀ ਵਲੋਂ ਨਿਭਾਈ ਗਈ। ਇਸ ਮੌਕੇ ਬਸਪਾ ਦੇ ਸੂਬਾ ਜਨਰਲ ਸਕੱਤਰ ਅਤੇ ਇੰਚਾਰਜ ਫਗਵਾੜਾ ਮਾਸਟਰ ਹਰਭਜਨ ਬਲਾਲੋਂ, ਪਰਵੀਨ ਬੰਗਾ, ਲੇਖਰਾਜ ਜਮਾਲਪੁਰ ਇੰਚਾਰਜ ਜਿਲ੍ਹਾ ਕਪੂਰਥਲਾ, ਪਰਮਜੀਤ ਖਲਵਾੜਾ, ਗੁਰਦਿੱਤਾ ਬੰਗੜ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਹਲਕਾ ਪ੍ਰਧਾਨ ਅਤੇ ਕੌਂਸਲਰ ਚਿਰੰਜੀ ਲਾਲ ਕਾਲਾ, ਸੀਨੀਅਰ ਆਗੂ ਅਸ਼ੋਕ ਸੰਧੂ, ਮੁਖਤਿਆਰ ਮਹਿਮੀ, ਬੰਟੀ ਮੋਰਾਂਵਾਲੀਆ, ਸੰਦੀਪ ਕੌਂਲਸਰ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਅਤੇ ਬਸਪਾ ਵਰਕਰ ਹਾਜਰ ਸਨ

## ਉੱਤਰ ਪ੍ਰਦੇਸ਼ ਵਿੱਚ ਅਪਰਾਧ ਨੂੰ ਕੰਟਰੋਲ ਕਰਨ ਲਈ ਨਵੇਂ ਡੀਜੀਪੀ ਦੇ ਸਾਹਮਣੇ ਵੱਡਾ ਕੰਮ: ਮਾਇਆਵਤੀ

**ਬਸਪਾ ਮੁਖੀ ਮਾਇਆਵਤੀ ਨੇ ਕਿਹਾ ਕਿ ਨਵੇਂ ਯੂਪੀ ਡੀਜੀਪੀ ਰਾਜੀਵ ਕ੍ਰਿਸ਼ਨਾ ਨੂੰ ਕਾਨੂੰਨ ਵਿਵਸਥਾ ਸਥਾਪਤ ਕਰਨ ਅਤੇ ਸਾਰੇ ਸਮਾਜਿਕ ਵਰਗਾਂ ਨੂੰ ਰਾਹਤ ਪ੍ਰਦਾਨ ਕਰਨ ਦੀ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।**

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਬਹੁਜਨ ਸਮਾਜ ਪਾਰਟੀ (ਬਸਪਾ) ਮੁਖੀ ਮਾਇਆਵਤੀ ਨੇ ਐਤਵਾਰ ਨੂੰ ਕਿਹਾ ਕਿ ਉੱਤਰ ਪ੍ਰਦੇਸ਼ ਦੇ ਨਵ-ਨਿਯੁਕਤ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਨੂੰ ਕਾਨੂੰਨ ਦਾ ਰਾਜ ਸਥਾਪਤ ਕਰਨ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਦੀ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਸ਼ਨੀਵਾਰ ਨੂੰ, ਉੱਤਰ ਪ੍ਰਦੇਸ਼ ਸਰਕਾਰ ਨੇ 1991 ਬੈਚ ਦੇ ਭਾਰਤੀ ਪੁਲਿਸ ਸੇਵਾ (ਆਈਪੀਐਸ) ਅਧਿਕਾਰੀ ਰਾਜੀਵ ਕ੍ਰਿਸ਼ਨਾ ਨੂੰ ਨਵਾਂ ਰਾਜ ਪੁਲਿਸ ਮੁਖੀ ਨਿਯੁਕਤ ਕੀਤਾ। X 'ਤੇ ਕਈ ਪੋਸਟਾਂ ਵਿੱਚ, ਬਸਪਾ ਮੁਖੀ ਨੇ ਉੱਤਰ ਪ੍ਰਦੇਸ਼ ਵਿੱਚ ਕਾਨੂੰਨ ਵਿਵਸਥਾ 'ਤੇ ਚਿੰਤਾ ਪ੍ਰਗਟ ਕੀਤੀ। *ਦੇਸ਼ ਦੇ ਵੱਖ-ਵੱਖ ਰਾਜਾਂ, ਖਾਸ ਕਰਕੇ ਉੱਤਰ ਪ੍ਰਦੇਸ਼ ਵਿੱਚ, ਜਾਤੀਵਾਦੀ ਅਤੇ ਅਪਰਾਧੀ ਤੱਤਾਂ ਦੇ ਦਬਦਬੇ ਕਾਰਨ, ਜਾਤੀਵਾਦੀ ਅਤੇ ਫਿਰਕੂ ਨਫ਼ਰਤ, ਹਿੰਸਾ, ਬੇਇਨਸਾਫ਼ੀ ਅਤੇ ਜ਼ੁਲਮ ਅਤੇ ਲੋਕਾਂ ਦਾ ਉਜਾੜਾ ਆਦਿ ਦੇ ਕੰਮ ਸਾਬਤ ਕਰਦੇ ਹਨ ਕਿ ਇੱਥੇ ਕਾਨੂੰਨ ਦਾ ਰਾਜ ਸਹੀ ਢੰਗ ਨਾਲ ਕੰਮ ਨਹੀਂ ਕਰ ਰਿਹਾ ਹੈ," ਉਸਨੇ ਦੋਸ਼ ਲਗਾਇਆ।

*ਅਜਿਹੇ ਮਾਹੌਲ ਵਿੱਚ, ਨਵੇਂ ਯੂਪੀ ਪੁਲਿਸ ਮੁਖੀ ਨੂੰ ਅਪਰਾਧ ਨੂੰ ਕੰਟਰੋਲ ਕਰਨ ਅਤੇ ਰਾਜ ਵਿੱਚ ਕਾਨੂੰਨ ਦਾ ਰਾਜ ਸਥਾਪਤ ਕਰਨ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਲੋਕਾਂ ਨੂੰ ਢੁਕਵੀਂ ਰਾਹਤ



ਪ੍ਰਦਾਨ ਕਰਨ ਦੀ ਇੱਕ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਾਇਆਵਤੀ ਨੇ ਕਿਹਾ ਕਿ ਰਾਜ ਸਰਕਾਰ ਅਤੇ ਸੱਤਾਧਾਰੀ ਪਾਰਟੀ ਦੇ ਲੋਕਾਂ ਨੂੰ ਵੀ ਯੂਪੀ ਵਿੱਚ ਕਾਨੂੰਨ ਦਾ ਰਾਜ ਸਥਾਪਤ ਕਰਨ ਲਈ ਹਰ ਤਰ੍ਹਾਂ ਦੇ ਸਹਿਯੋਗ ਅਤੇ ਸਰਗਰਮੀ ਦੀ ਲੋੜ ਹੈ।

## ਯੁੱਧ ਨਸ਼ਿਆਂ ਵਿਰੁੱਧ' ਦਾ 92ਵਾਂ ਦਿਨ: 2 ਕਿਲੋ ਹੈਰੋਇਨ ਅਤੇ 1.8 ਲੱਖ ਰੁਪਏ ਦੀ ਡਰੱਗ ਮਨੀ ਸਮੇਤ 113 ਨਸ਼ਾ ਤਸਕਰ ਕਾਬੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਗਈ ਨਸ਼ਾ ਵਿਰੋਧੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 92ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ 113 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 2.09 ਕਿਲੋ ਹੈਰੋਇਨ, 530 ਗ੍ਰਾਮ ਅਫੀਮ, 32679 ਨਸ਼ੀਲੀਆਂ ਗੋਲੀਆਂ ਅਤੇ 1.8 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ, 92 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 14,944 ਹੋ ਗਈ ਹੈ।

# ਐਸਸੀ ਬੀਸੀ ਮਹਾ ਪੰਚਾਇਤ ਪੰਜਾਬ ਵੱਲੋਂ ਮੋਹਾਲੀ ਫੇਸ 7 ਦੀਆਂ ਲਾਈਟਾਂ ਤੇ ਚੱਲ ਰਹੇ ਮੋਰਚੇ ਤੇ ਕੀਤੀ ਵਿਸ਼ਾਲ ਹੰਗਾਮੀ ਮੀਟਿੰਗ. ਚੇਅਰਮੈਨ ਐਸਸੀ ਕਮਿਸ਼ਨ ਪੰਜਾਬ, ਡਾਇਰੈਕਟਰ ਹੰਸ ਅਤੇ ਜੁਆਇੰਟ ਸੈਕਟਰੀ ਰਾਜ ਬਹਾਦੁਰ ਦੇ ਖਿਲਾਫ ਖੋਲਿਆ ਜਾਵੇਗਾ ਮੋਰਚਾ.

## ਮੀਟਿੰਗ ਵਿੱਚ ਐਸਸੀ ਕਮਿਸ਼ਨ ਪੰਜਾਬ ਅਤੇ ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਕਾਲੇ ਕਾਰਨਾਮਿਆਂ ਦੇ ਕਰਨਗੇ ਪਰਦੇਫਾਸ਼.,

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਮੋਹਾਲੀ, 1 ਜੂਨ: ਐਸਸੀ ਬੀਸੀ ਮਹਾਂ ਪੰਚਾਇਤ ਪੰਜਾਬ ਵੱਲੋਂ ਮੋਹਾਲੀ ਫੇਸ 7 ਦੀਆਂ ਲਾਈਟਾਂ ਤੇ ਕਰੀਬ ਡੇਢ ਸਾਲ ਤੋਂ ਨਿਰੰਤਰ ਚੱਲ ਰਹੇ "ਰਿਜਰਵੇਸ਼ਨ ਚੋਰ ਫੜੋ ਮੋਰਚੇ" ਤੇ ਮੋਰਚੇ ਦੇ ਸਮੂਹ ਆਗੂ ਸਾਹਿਬਾਨਾਂ ਨੇ ਇੱਕ ਵਿਸ਼ੇਸ਼ ਹੰਗਾਮੀ ਮੀਟਿੰਗ ਕੀਤੀ। ਜਿਸ ਵਿੱਚ ਆਗੂਆਂ ਨੇ ਐਸੀ ਕਮਿਸ਼ਨ ਪੰਜਾਬ ਅਤੇ ਸਮਾਜਿਕ ਨਿਆ ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਵੱਲੋਂ ਸਮਾਜ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਬਾਰੇ ਖੁੱਲ ਕੇ ਚਰਚਾ ਕਰਦੇ ਕਿਹਾ ਕਿ ਉਪਰੋਕਤ ਵਿਭਾਗਾਂ ਨੇ ਸਾਡੇ ਸਮਾਜ ਨਾਲ ਹਮੇਸ਼ਾ ਧੋਖਾ ਕੀਤਾ ਹੈ ਤੇ ਸਾਡੇ ਸਮਾਜ ਨੂੰ ਵੇਚਣ ਦੀ ਭਰਪੂਰ ਕੋਸ਼ਿਸ਼ ਕੀਤੀ ਹੈ। ਉਹਨਾਂ ਕਿਹਾ ਕਿ ਉਪਰੋਕਤ ਵਿਭਾਗਾਂ ਤੇ ਬਿਰਾਜਮਾਨ ਸਮੂਹ ਉੱਚ ਅਧਿਕਾਰੀ ਸਮਾਜ ਦੀ ਪਰਵਾਹ ਨਾ ਕਰਕੇ ਸਰਕਾਰ ਦੇ ਝੋਲੀ ਚੁੱਕ ਬਣ ਕੇ ਹਮੇਸ਼ਾ ਸਮਾਜ ਨਾਲ ਧੋਖਾ ਕਰਦੇ ਰਹੇ ਹਨ।

ਇਸ ਸਮੇਂ ਪ੍ਰੈਸ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਬਲਵਿੰਦਰ ਸਿੰਘ ਕੁੰਭੜਾ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਜਾਅਲੀ ਜਾਤੀ ਸਰਟੀਫਿਕੇਟਾਂ ਦੇ ਮੁੱਦੇ ਤੇ ਅੱਖਾਂ ਬੰਦ ਕਰਕੇ ਬੈਠੀ ਹੈ। ਮੁੱਖ ਮੰਤਰੀ ਵਿਧਾਨ ਸਭਾ ਵਿੱਚ 5 ਮਾਰਚ 2024 ਨੂੰ ਕਾਰਵਾਈ ਕਰਨ ਦੇ ਵੱਡੇ ਵੱਡੇ ਵਾਅਦੇ ਕਰਕੇ ਮੁੱਕਰ ਚੁੱਕਾ ਹੈ। ਸਮਾਜਿਕ ਨਿਆ ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਡਾਇਰੈਕਟਰ ਸੰਦੀਪ ਹੰਸ, ਜੁਆਇੰਟ ਸੈਕਟਰੀ ਰਾਜ ਬਹਾਦਰ ਸਿੰਘ ਆਦਿ ਸਮਾਜ ਵਿਰੋਧੀ ਗਤੀਵਿਧੀਆਂ ਕਰ ਰਹੇ ਹਨ। ਸਭ ਤੋਂ ਮਾੜੀ ਗੱਲ ਇਹ ਹੈ ਕਿ ਐਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਉਥੋਂ ਦੇ ਕਰਮਚਾਰੀ ਜਸਵਿੰਦਰ ਕੌਰ ਅਤੇ ਸਰਬਜੀਤ ਸਿੰਘ ਵੀ ਜਾਅਲੀ ਜਾਤੀ ਸਰਟੀਫਿਕੇਟ ਧਾਰਕਾਂ ਨਾਲ ਰਲ ਕੇ ਉਥੋਂ ਦੀਆਂ ਚਿੱਠੀਆਂ ਖੁਰਦ ਬੁਰਦ ਕਰ ਰਹੇ ਹਨ। ਜਿਸ ਦੀਆਂ ਸਾਡੇ ਕੋਲ ਬਹੁਤ ਉਦਾਹਰਨਾ ਹਨ। ਉਹਨਾਂ ਕਿਹਾ ਕਿ ਇਹ ਐਸੀ ਕਮਿਸ਼ਨ ਦਾ ਚੇਅਰਮੈਨ ਮਿਲਣ ਗਏ ਲੋਕਾਂ ਨੂੰ ਪਾਸ ਦੀ ਮਨਜ਼ੂਰੀ ਨਹੀਂ ਦਿੰਦਾ। ਬਹੁਤ ਜਲਦ ਐਸੀ ਸਮਾਜ ਦੇ ਲੋਕ ਇਸ ਨੂੰ ਇਸ ਦੀ ਕੁਰਸੀ ਤੋਂ ਉਤਾਰਨ ਦੀ ਪੰਜਾਬ ਸਰਕਾਰ ਅਤੇ ਰਾਸ਼ਟਰੀ ਐਸ ਸੀ ਕਮਿਸ਼ਨ ਤੋਂ ਮੰਗ ਕਰਨਗੇ।ਪੰਜਾਬ ਦੇ ਐਸੀ ਕਮਿਸ਼ਨ ਦੇ ਚੇਅਰਮੈਨ ਸਿਰਫ ਸੋਸ਼ਲ ਮੀਡੀਆ ਤੇ ਆਪਣੀਆਂ ਗਤੀਵਿਧੀਆਂ ਪਾ ਕੇ ਲੋਕਾਂ ਨੂੰ ਭਰਵਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਪਰ ਸੱਚਾਈ ਇਹ ਹੈ ਕਿ ਜਮੀਨੀ ਪੱਧਰ ਤੇ ਰਿਪੋਰਟ ਜੀਰੋ ਹੈ। ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਅਜਿਹੇ ਅਯੋਗ ਵਿ ਅ ਕ ਤੀ ਆਂ ਨੂੰ ਡਿਊਟੀ ਤੋਂ ਲਾਂਭੇ ਕੀਤਾ ਜਾਵੇ। ਅਜਿਹਾ ਨਾ ਹੋਇਆ ਤਾਂ ਸਮੂਹ ਸਮਾਜ ਸੜਕਾਂ ਤੇ ਉਤਰਕੇ ਇਹਨਾਂ ਉਪਰੋਕਤ ਅਧਿਕਾਰੀਆਂ ਵਿਰੁੱਧ ਰੋਸ ਪ੍ਰਦਰਸ਼ਨ ਕਰੇਗਾ।




ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬਲਵੀਰ ਸਿੰਘ ਆਲਮਪੁਰ ਨੇ ਕਿਹਾ ਕਿ ਇਨ੍ਹਾਂ ਵਿਭਾਗਾਂ ਦਾ ਨਿਰਮਾਣ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੇ ਸਮਾਜ ਦੀ ਬੇਹਤਰੀ ਲਈ ਕੀਤਾ ਸੀ। ਪਰ ਇਨ੍ਹਾਂ ਤੇ ਬੈਠੇ ਸਾਡੇ ਸਮਾਜ ਦੇ ਅਧਿਕਾਰੀ ਤੇ ਆਗੂ ਸਮਾਜ ਦੀਆਂ ਮੁਸ਼ਕਿਲਾਂ ਹੱਲ ਕਰਨ ਦੀ ਬਜਾਇ ਸਮਾਜ ਨਾਲ ਧਰੋ ਕਮਾ ਰਹੇ ਹਨ।ਐਫ ਆਈ ਆਰ ਨੰਬਰ 42 ਵਿੱਚੋ ਜਸਵੰਤ ਸਿੰਘ ਨੂੰ ਮੋਟੀ ਰਿਸ਼ਵਤ ਲੈ ਕੇ ਛੱਡਿਆ ਗਿਆ ਹੈ। ਜਿਨ੍ਹਾਂ ਨੂੰ ਅਸੀਂ ਜਦੋ ਜਹਿਦ ਕਰਕੇ ਗ੍ਰਿਫਤਾਰ ਕਰਵਾਉਂਦੇ ਹਾਂ, ਉਪਰੋਕਤ ਬੈਠੇ ਅਧਿਕਾਰੀ ਉਨਾਂ ਨਾਲ ਮਿਲਕੇ ਛੁਡਵਾ ਦਿੰਦੇ ਹਨ। ਉਹਨਾਂ ਕਿਹਾ ਅਸੀਂ ਲਿਖਤੀ ਦਰਖਾਸਤਾਂ ਰਾਸ਼ਟਰੀ ਐਸਸੀ ਕਮਿਸ਼ਨ ਨੂੰ ਭੇਜ ਕੇ ਇਹਨਾਂ ਦੇ ਵਿਰੁੱਧ ਕਾਰਵਾਈ ਕਰਾਉਣ ਦੀ ਮੰਗ ਕਰਾਂਗੇ।

ਇਸ ਮੌਕੇ ਮੋਰਚੇ ਦੇ ਸੀਨੀਅਰ ਆਗੂ ਮਾਸਟਰ ਬਨਵਾਰੀ ਲਾਲ ਨੇ ਬੋਲਦਿਆ ਕਿਹਾ ਕਿ ਪਹਿਲਾਂ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਬਸਪਾ ਦੀ ਬੇੜੀ ਡਬੋ ਕੇ ਆਇਆ ਹੈ। ਹੁਣ ਇਹ ਆਮ ਆਦਮੀ ਪਾਰਟੀ ਦੀ ਨਈਆ ਡਬੋ ਕੇ ਹੀ ਦਮ ਲਵੇਗਾ।

ਇਸ ਮੌਕੇ ਰੇਸ਼ਮ ਸਿੰਘ ਕਾਹਲੋ, ਗੁਰਮੁਖ ਸਿੰਘ ਢੇਲਣਮਾਜਰਾ, ਸਵਿੰਦਰ ਸਿੰਘ ਲੱਖੋਵਾਲ, ਅਜੈਬ ਸਿੰਘ ਨੀਲੋਵਾਲ, ਮੈਡਮ ਸੰਯੋਕਤਾ, ਬਲਵਿੰਦਰ ਸਿੰਘ ਮੁਲਤਾਨੀ ਆਦਿ ਨੇ ਵੀ ਆਏ ਲੋਕਾਂ ਨੂੰ ਸੰਬੋਧਨ ਕੀਤਾ।

ਇਸ ਮੌਕੇ ਤਰਸੇਮ ਚੁੰਬਰ, ਕਰਮ ਸਿੰਘ ਕੁਰੜੀ, ਪਰਮਿੰਦਰ ਸਿੰਘ ਮਲੋਆ, ਸੁਖਦੇਵ ਸਿੰਘ ਵੜੈਚ, ਕਿਰਪਾਲ ਸਿੰਘ ਮੁੰਡੀ ਖਰੜ, ਸਿਮਰਨਜੀਤ ਸਿੰਘ ਸ਼ੈਕੀ, ਬਾਬੂ ਵੇਦ ਪ੍ਰਕਾਸ਼, ਐਡਵੋਕੇਟ ਓ. ਪੀ. ਇੰਦਲ, ਜਸਵੀਰ ਸਿੰਘ ਮਹਿਤਾ, ਬਲਜੀਤ ਸਿੰਘ ਖਾਲਸਾ, ਭਰਪੂਰ ਸਿੰਘ, ਸਤਨਾਮ ਸਿੰਘ, ਹਰਮਿੰਦਰ ਸਿੰਘ, ਗੁਰਪ੍ਰੀਤ ਸਿੰਘ, ਜੋਗਾ ਸਿੰਘ, ਸੋਹਣ ਸਿੰਘ, ਤਰਸੇਮ ਸਿੰਘ, ਜਗਤਾਰ ਸਿੰਘ, ਮੱਖਣ ਸਿੰਘ ਪੁਆਧੀ, ਸਿਮਰਨਜੀਤ ਸੈਣੀ, ਸੋਨੀਆ ਰਾਣੀ, ਰਜਿੰਦਰ ਕੌਰ ਮੱਕੜਿਆਂ ਆਦਿ ਹਾਜ਼ਰ ਹੋਏ।

# ਮੋਦੀ ਪ੍ਰਚਾਰ ਦੀ ਬਜਾਏ ਦੇਸ਼ ਵੱਲ ਧਿਆਨ ਦੇਣ: ਖੜਗੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਬੰਗਲੂਰੂ, 1 ਜੂਨਅਪਰੇਸ਼ਨ ਸਿੰਧੂਰ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਜਾ ਰਹੇ ਭਾਸ਼ਣਾਂ ਬਾਰੇ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਸ਼ੇਖੀਆਂ ਮਾਰਨ ਦੀ ਬਜਾਏ ਦੁਸ਼ਮਣ ਵੱਲ ਧਿਆਨ ਦੇਣ ਅਤੇ ਚੋਣ ਪ੍ਰਚਾਰ ਤੋਂ ਦੂਰ ਰਹਿਣ। ਸ੍ਰੀ ਖੜਗੇ ਨੇ ਆਖਿਆ ਕਿ ਉਹ ਸ੍ਰੀ ਮੋਦੀ ਦੇ ਬਿਆਨਾਂ 'ਤੇ ਪ੍ਰਤੀਕਿਰਿਆ ਕਰਨਾ ਪਸੰਦ ਨਹੀਂ ਹੈ ਪਰ ਉਨ੍ਹਾਂ ਦੀ (ਮੇਰੀ) ਉਨ੍ਹਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਸੱਤਾਧਾਰੀਆਂ ਨੂੰ ਕਦੇ-ਕਦਾਈਂ ਚੁੱਪ ਵੀ ਰਹਿਣਾ ਚਾਹੀਦਾ ਹੈ।

ਸ੍ਰੀ ਖੜਗੇ ਨੇ ਪ੍ਰਧਾਨ ਮੰਤਰੀ ਦੇ ਹਾਲੀਆ ਜਨਤਕ ਬਿਆਨਾਂ ਅਤੇ ਸਿਆਸੀ ਗਤੀਵਿਧੀਆਂ 'ਤੇ ਸਵਾਲ ਉਠਾਉਂਦਿਆਂ ਉਨ੍ਹਾਂ ਨੂੰ ਸੁਝਾਅ ਦਿੱਤਾ ਕਿ ਸ੍ਰੀ ਮੋਦੀ ਨੂੰ ਚੋਣ ਪ੍ਰਚਾਰ ਤੋਂ ਦੂਰੀ ਬਣਾਉਣੀ ਚਾਹੀਦੀ ਹੈ ਤੇ ਦੇਸ਼ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਦੇਸ਼ 'ਚ ਜੋ ਕੁਝ ਵਾਪਰਿਆ ਹੈ ਉਸ ਨੂੰ ਸਮਝਣਾ ਚਾਹੀਦਾ ਹੈ ਅਤੇ ਫਿਰ ਬੋਲਣਾ ਚਾਹੀਦਾ ਹੈ। ਸ੍ਰੀ ਖੜਗੇ ਨੇ ਆਖਿਆ ਕਿ ਉਨ੍ਹਾਂ ਦਾ ਭਾਰਤੀ ਸੈਨਾਵਾਂ ਨੂੰ ਪੂਰਾ ਸਮਰਥਨ ਹੈ। -ਪੀਟੀਆਈ



# ਮਈ 2025 ਦੌਰਾਨ ਜੀਐਸਟੀ ਪ੍ਰਾਪਤੀ ਵਿੱਚ 25.31% ਦਾ ਸ਼ਾਨਦਾਰ ਵਾਧਾ ਦਰਜ: ਹਰਪਾਲ ਸਿੰਘ ਚੀਮਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਪੰਜਾਬ ਦੀ ਵਿੱਤੀ ਸਿਹਤ ਦੇ ਲਗਾਤਾਰ ਉੱਪਰ ਵੱਲ ਵੱਧਦੇ ਗ੍ਰਾਫ ਦੇ ਚੱਲਦਿਆਂ ਸੂਬੇ ਨੇ ਮਈ 2025 ਦੇ ਮਹੀਨੇ ਦੌਰਾਨ ਵਸਤੂਆਂ ਅਤੇ ਸੇਵਾਵਾਂ ਕਰ (ਜੀਐਸਟੀ) ਪ੍ਰਾਪਤੀ ਵਿੱਚ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 25.31 ਫੀਸਦੀ ਦਾ ਮਹੱਤਵਪੂਰਨ ਸ਼ੁੱਧ ਵਾਧਾ ਦਰਜ ਕੀਤਾ ਹੈ। ਇਹ ਪੰਜਾਬ ਦੇ ਇਤਿਹਾਸ ਵਿੱਚ ਮਈ ਮਹੀਨੇ ਲਈ ਹੁਣ ਤੱਕ ਦਾ ਸਭ ਤੋਂ ਵੱਧ ਜੀਐਸਟੀ ਪ੍ਰਾਪਤੀ ਹੈ। ਮਈ 2025 ਵਿੱਚ 405.17 ਕਰੋੜ ਰੁਪਏ ਦੇ ਸ਼ਾਨਦਾਰ ਵਾਧੇ ਨਾਲ ਸ਼ੁੱਧ ਜੀਐਸਟੀ ਮਾਲੀਆ ਵਧ ਕੇ ₹2,006.31 ਕਰੋੜ ਹੋ ਗਿਆ, ਜੋ ਕਿ ਮਈ 2024 ਵਿੱਚ ₹1,601.14 ਕਰੋੜ ਸੀ। ਇਸ ਦੇ ਮੁਕਾਬਲੇ, ਮਈ 2024 ਵਿੱਚ 8.17 ਫੀਸਦੀ ਦਾ ਵਾਧਾ ਹੋਇਆ ਸੀ ਜੋ ਕਿ ਮਈ 2023 ਵਿੱਚ ਇਕੱਠੇ ਕੀਤੇ ਗਏ 1,480 ਕਰੋੜ ਰੁਪਏ ਤੋਂ 121 ਕਰੋੜ ਰੁਪਏ ਵੱਧ ਸੀ। ਇਸ ਸਾਲ ਦੀ ਕਾਰਗੁਜ਼ਾਰੀ ਸਪੱਸ਼ਟ ਤੌਰ 'ਤੇ ਪੰਜਾਬ ਦੀ ਵਿੱਤੀ ਸਿਹਤ ਵਿੱਚ ਇੱਕ ਮਜ਼ਬੂਤ ਅਤੇ ਤੇਜ਼ ਵਿਕਾਸ ਰੁਝਾਨ ਨੂੰ ਦਰਸਾਉਂਦੀ ਹੈ।

ਅੱਜ ਇਥੇ ਇਨ੍ਹਾਂ ਅੰਕੜਿਆਂ ਦਾ ਐਲਾਨ ਕਰਦਿਆਂ ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਸ ਪ੍ਰਭਾਵਸ਼ਾਲੀ ਵਾਧੇ ਦਾ ਕਾਰਨ ਮਜ਼ਬੂਤ ਕਰ ਪ੍ਰਸ਼ਾਸਨ, ਕਰ ਪਾਲਣਾ ਵਿੱਚ ਹੋਏ ਵਾਧੇ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੈਦਾ ਹੋਏ ਇੱਕ ਲਚਕੀਲੇ ਆਰਥਿਕ ਵਾਤਾਵਰਣ ਨੂੰ ਦੱਸਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਿੱਤੀ ਸੂਝ-ਬੂਝ ਅਤੇ ਆਰਥਿਕ ਸੁਧਾਰ ਪ੍ਰਤੀ 'ਆਪ' ਸਰਕਾਰ ਦੀ ਵਚਨਬੱਧਤਾ ਨੇ ਮਾਲੀਏ ਵਿੱਚ ਇਸ ਨਿਰੰਤਰ ਵਾਧੇ ਦੇ ਰੁਝਾਨ ਨੂੰ ਜਨਮ ਦਿੱਤਾ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ ਕਿ ਇਹ ਵਾਧਾ ਨਾ ਸਿਰਫ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਧ ਸਾਲ-ਦਰ-ਸਾਲ ਪ੍ਰਤੀ ਮਹੀਨਾ ਹੋ ਰਹੇ ਵਿਕਾਸ ਨੂੰ ਦਰਸਾਉਂਦਾ ਹੈ, ਸਗੋਂ ਕੌਮ ਔਸਤ ਜੀ.ਐਸ. ਟੀ ਵਿਕਾਸ ਦਰ ਨੂੰ ਵੀ ਪਛਾੜਦਾ ਹੈ, ਜਿਸ ਸਦਕਾ ਪੰਜਾਬ ਕਰ ਗਤੀਸ਼ੀਲਤਾ ਵਿੱਚ ਚੋਟੀ ਦੇ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚ ਸ਼ਾਮਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਕਰ ਪ੍ਰਸ਼ਾਸਨ ਨੂੰ ਮਜ਼ਬੂਤ ਕਰਦਿਆਂ ਕਰ ਚੋਰੀ ਨੂੰ ਰੋਕਿਆ ਗਿਆ ਹੈ ਅਤੇ ਇੱਕ ਸਹਿਜ ਟੈਕਸ ਢਾਂਚਾ ਪ੍ਰਦਾਨ ਕੀਤਾ ਹੈ ਜੋ ਕਾਰੋਬਾਰਾਂ ਨੂੰ ਸਸ਼ਕਤ ਬਣਾਉਂਦਾ ਹੋਇਆ ਸੂਬੇ ਲਈ ਮਾਲੀਆ ਵਾਧਾ ਯਕੀਨੀ ਬਣਾਉਂਦਾ ਹੈ।

ਭਾਰਤ-ਪਾਕਿਸਤਾਨ ਵਿੱਚ ਵਧੇ ਤਣਾਅ ਅਤੇ ਇਸ ਸਮੇਂ ਦੌਰਾਨ ਜੰਗ ਵਰਗੀ ਸਥਿਤੀ ਕਾਰਨ ਪੰਜਾਬ ਨੂੰ ਇੱਕ ਸਰਹੱਦੀ ਰਾਜ ਵਜੋਂ ਦਰਪੇਸ਼ ਚੁਣੌਤੀਆਂਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿੱਤੀ ਮੀਲ ਪੱਥਰ ਵਿਸ਼ੇਸ਼ ਤੌਰ 'ਤੇ ਸ਼ਲਾਘਾਯੋਗ ਹੈ। ਇਨ੍ਹਾਂ ਰੁਕਾਵਟਾਂ ਦੇ ਬਾਵਜੂਦ ਸੂਬੇ ਨੇ ਇੱਕ ਵਿਕਾਸ ਦਰ ਪ੍ਰਾਪਤ ਕੀਤੀ ਜੋ ਮਈ 2024 ਵਿੱਚ ਪ੍ਰਾਪਤ 8.17 ਫੀਸਦੇ ਵਾਧੇ ਨਾਲੋਂ ਤਿੰਨ ਗੁਣਾ ਵੱਧ ਹੈ।



# ਰਾਜਪਾਲ ਕਟਾਰੀਆ ਦੀ ਮੌਜੂਦਗੀ 'ਚ ਫਾਜ਼ਿਲਕਾ-ਫਿਰੋਜ਼ਪੁਰ ਵਾਸੀਆਂ ਦਾ ਇਤਿਹਾਸਕ ਇਕੱਠ, "ਫੇਥ" ਸਟੇਜ ਦਾ ਸ਼ਾਨਦਾਰ ਉਦਘਾਟਨ

## ਕਟਾਰੀਆ ਨੇ ਕਿਹਾ - "ਫੇਥ ਵਰਗੀਆਂ ਪਹਿਲਕਦਮੀਆਂ ਸਮਾਜ ਨੂੰ ਜੋੜਨ ਦੀ ਅਸਲ ਸ਼ਕਤੀ ਹਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਅੱਜ ਟ੍ਰਾਈਸਿਟੀ ਵਿੱਚ ਇਤਿਹਾਸ ਰਚਦੇ ਹੋਏ, ਫਾਜ਼ਿਲਕਾ ਅਤੇ ਫਿਰੋਜ਼ਪੁਰ ਨਾਲ ਸਬੰਧਤ ਸੈਂਕੜੇ ਲੋਕਾਂ ਨੇ ਏਕਤਾ, ਸੱਭਿਆਚਾਰ ਅਤੇ ਭਾਈਚਾਰਕ ਸਾਂਝ ਦਾ ਜਸ਼ਨ ਮਨਾਇਆ। ਬਹੁਤ ਉਡੀਕੇ ਜਾ ਰਹੇ ਕਮਿਊਨਿਟੀ ਫੋਰਮ "ਫੇਥ" (ਫਾਜ਼ਿਲਕਾ-ਫਿਰੋਜ਼ਪੁਰ ਐਸੋਸੀਏਸ਼ਨ ਇਨ ਟ੍ਰਾਈਸਿਟੀ ਫਾਰ ਹਾਰਮਨੀ) ਦਾ ਅਧਿਕਾਰਤ ਲਾਂਚ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋਇਆ ਜਿਸ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਰਾਜਪਾਲ ਕਟਾਰੀਆ ਨੇ ਸਟੇਜ ਤੋਂ ਬੋਲਦੇ ਹੋਏ ਕਿਹਾ ਕਿ "ਫੇਥ ਵਰਗੇ ਉਪਰਾਲਿਆਂ ਵਿੱਚ ਸਮਾਜ ਨੂੰ ਇਕਜੁੱਟ ਕਰਨ ਦੀ ਅਸਲ ਸ਼ਕਤੀ ਹੁੰਦੀ ਹੈ। ਇਹ ਮਾਣ ਵਾਲੀ ਗੱਲ ਹੈ ਕਿ ਸਰਹੱਦੀ ਜ਼ਿਲ੍ਹਿਆਂ ਤੋਂ ਆਏ ਅਤੇ ਇੱਥੇ ਵਸੇ ਲੋਕ ਅਜੇ ਵੀ ਆਪਣੀ ਸੰਸਕ੍ਰਿਤੀ, ਕਦਰਾਂ-ਕੀਮਤਾਂ ਅਤੇ ਵਿਰਾਸਤ ਨੂੰ ਜ਼ਿੰਦਾ ਰੱਖ ਰਹੇ ਹਨ। ਇਹ ਮੰਚ ਏਕਤਾ, ਸੰਵਾਦ ਅਤੇ ਸਹਿਯੋਗ ਦੀ ਇੱਕ ਉਦਾਹਰਣ ਹੋਵੇਗਾ।"

ਫੇਥ ਦੇ ਸੰਸਥਾਪਕ, ਪਰਉਪਕਾਰੀ ਕਰਨ ਗਿਲਹੋਤਰਾ ਅਤੇ ਸਮਾਜਿਕ ਨਵੀਨਤਾਕਾਰੀ ਨਵਦੀਪ ਅਸੀਜਾ ਨੇ ਕਿਹਾ ਕਿ "ਫੇਥ" ਸਿਰਫ਼ ਇੱਕ ਪ੍ਰੋਗਰਾਮ ਨਹੀਂ ਹੈ, ਸਗੋਂ ਇੱਕ ਚੱਲ ਰਹੀ ਪਹਿਲ ਹੈ, ਜੋ ਨੌਜਵਾਨਾਂ, ਪਰਿਵਾਰਾਂ ਅਤੇ ਪੇਸ਼ੇਵਰਾਂ ਵਿੱਚ ਨਿਰੰਤਰ ਸੰਵਾਦ, ਸਹਿਯੋਗ ਅਤੇ ਸੱਭਿਆਚਾਰਕ ਬੰਧਨ ਨੂੰ ਉਤਸ਼ਾਹਿਤ ਕਰੇਗੀ।

ਇਸ ਮੌਕੇ, ਝੂਮਰ ਵਰਗੇ ਰਵਾਇਤੀ ਲੋਕ ਨਾਚ, ਸਥਾਨਕ ਪਕਵਾਨਾਂ ਦੀ ਪ੍ਰਦਰਸ਼ਨੀ, ਅਤੇ ਦਸਤਕਾਰੀ ਉਤਪਾਦਾਂ ਨੇ ਸਾਰਿਆਂ ਨੂੰ ਮੋਹਿਤ ਕੀਤਾ। ਯਾਦਾਂ ਸਾਂਝੀਆਂ ਕਰਨ ਵਾਲੇ ਸੈਸ਼ਨਾਂ ਅਤੇ ਪ੍ਰੇਰਨਾਦਾਇਕ ਭਾਸ਼ਣਾਂ ਰਾਹੀਂ, ਹਾਜ਼ਰੀਨ ਨੇ ਆਪਣੀਆਂ ਜੜ੍ਹਾਂ ਨਾਲ ਡੂੰਘਾਈ ਨਾਲ ਜੁੜਿਆ ਮਹਿਸੂਸ ਕੀਤਾ।

ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ ਵਿੱਚ ਰਹਿਣ ਵਾਲੇ ਫਾਜ਼ਿਲਕਾ, ਫਿਰੋਜ਼ਪੁਰ, ਅਬੋਹਰ, ਜਲਾਲਾਬਾਦ ਅਤੇ ਮਲੋਟ ਮੂਲ ਦੇ ਵੱਡੀ ਗਿਣਤੀ ਵਿੱਚ ਨਾਗਰਿਕਾਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਇਹ ਸੰਗਮ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਇੱਕ ਸੱਭਿਆਚਾਰਕ ਪੁਨਰਜਾਗਰਣ ਦੀ ਸ਼ੁਰੂਆਤ ਸਾਬਤ ਹੋਇਆ। "ਵਿਸ਼ਵਾਸ - ਸਾਥ ਹੈਂ ਤੋ ਸਬ ਸੰਭਵ ਹੈ" ਦੇ ਸੰਦੇਸ਼ ਨੂੰ ਮੂਰਤੀਮਾਨ ਕਰਦੇ ਹੋਏ, ਇਹ ਪਲੇਟਫਾਰਮ ਕਈ ਸਮਾਜਿਕ ਅਤੇ ਸੱਭਿਆਚਾਰਕ ਸਮਾਗਮਾਂ ਦਾ ਅਧਾਰ ਬਣਿਆ ਰਹੇਗਾ।

ਫੇਥ ਇਨ ਦ ਟ੍ਰਾਈਸਿਟੀ ਦੁਆਰਾ ਜਲਦੀ ਹੀ ਇੱਕ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ ਜਾਵੇਗਾ; ਅੱਜ ਦੇ ਸਮਾਗਮ ਵਿੱਚ ਰਾਜਪਾਲ ਦੁਆਰਾ ਕਪਿਲ ਦੇਵ, ਸ਼ੁਭਮਨ ਗਿੱਲ ਅਤੇ ਗੁਰਨਾਮ ਭੁੱਲਰ ਵਰਗੀਆਂ ਅੰਤਰਰਾਸ਼ਟਰੀ ਪ੍ਰਸਿੱਧ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ, ਹਾਲਾਂਕਿ ਇਹ ਮਸ਼ਹੂਰ ਹਸਤੀਆਂ ਸ਼ਾਮਲ ਨਹੀਂ ਹੋ ਸਕੀਆਂ ਅਤੇ ਉਨ੍ਹਾਂ ਦੇ ਪ੍ਰਤੀਨਿਧੀਆਂ ਨੇ ਇਹ ਸਨਮਾਨ ਜਿੱਤਿਆ; ਡਾ. ਅੰਸ਼ੂ ਕਟਾਰੀਆ, ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਪਦਮਨਾਭਨ ਵਾਲੀਆ, ਅਰਵਿੰਦਰ ਪਾਲ ਸਿੰਘ ਅਤੇ ਵਿਕਰਮ ਆਦਿਤਿਆ ਆਹੂਜਾ ਆਦਿ ਇਸ ਮੌਕੇ ਮੌਜੂਦ ਸਨ।



# ਰਾਤ ਦੇ ਹਨੇਰੇ 'ਚ ਬਣੇ ਜਥੇਦਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 6 ਜੂਨ ਨੂੰ ਸੰਦੇਸ਼ ਨਹੀ ਦੇਣ ਦਿੱਤਾ ਜਾਵੇਗਾ - ਢੋਟ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਸਿੱਖ ਕੌਮ ਸਰਵ ਪ੍ਰਵਾਨਤ ਅਤੇ ਅਕਾਲੀ ਬਾਬਾ ਫੂਲਾ ਸਿੰਘ ਜੀ ਵਰਗੇ ਜਥੇਦਾਰ ਚਾਹੁੰਦੀ ਹੈ| ਰਾਤ ਦੇ ਹਨੇਰੇ ਵਿੱਚ ਬਣੇ ਜਥੇਦਾਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸੰਦੇਸ਼ ਦੇਣ ਦਾ ਕੋਈ ਹੱਕ ਨਹੀਂ। ਇਹ ਵਿਚਾਰ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਪ੍ਰਧਾਨ ਅਮਰਬੀਰ ਸਿੰਘ ਢੋਟ ਨੇ ਪ੍ਰਗਟ ਕਰਦਿਆਂ ਕਿਹਾ ਕਿ 6 ਜੂਨ ਨੂੰ ਸ਼ਹੀਦੀ ਘੱਲੂਘਾਰੇ ਦੌਰਾਨ ਧਾਰਮਿਕ ਭਾਵਨਾਵਾਂ ਅਤੇ ਮਰਿਆਦਾ ਦਾ ਘਾਣ ਨਹੀਂ ਹੋਣ ਦਿੱਤਾ ਜਾਵੇਗਾ। ਕੁਲਦੀਪ ਸਿੰਘ ਗੜਗੱਜ ਸਿਰਫ ਅਕਾਲੀ ਦਲ ਬਾਦਲ ਦੇ ਜਥੇਦਾਰ ਹਨ ਨਾ ਕਿ ਸਿੱਖ ਕੌਮ ਦੇ| ਉਹਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਲਿਆ ਸਟੈਂਡ ਬਿਲਕੁਲ ਸਪਸ਼ਟ ਹੈ ਅਤੇ ਸਮੁੱਚੀ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦਾ ਹੈ| ਬਾਬਾ ਜੀ ਨੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਆਪਣੇ ਹਿੱਤਾਂ ਲਈ ਵਰਤਨ ਵਾਲਿਆਂ ਨੂੰ ਸਖ਼ਤ ਸੰਦੇਸ਼ ਦਿੱਤਾ ਹੈ ਕਿਸੇ ਵੀ ਕੀਮਤ ਤੇ ਕੁਲਦੀਪ ਸਿੰਘ ਗੜਗੱਜ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਸੰਦੇਸ਼ ਨਹੀਂ ਦੇ ਦਿੱਤਾ ਜਾਵੇਗਾ। ਫੈਡਰੇਸ਼ਨ ਵੱਲੋਂ ਹਰ ਹੀਲੇ ਅਤੇ ਹਰ ਹਾਲਾਤ ਵਿੱਚ ਇਹ ਨਹੀਂ ਹੋਣ ਦਿੱਤਾ ਜਾਵੇਗਾ। ਢੋਟ ਨੇ ਕਿਹਾ ਕਿ ਇਹ ਗਲ ਸਮਝ ਤੋਂ ਪਰੇ ਹੈ ਕਿ ਇੱਕ ਪਾਸੇ ਸਿਮਰਨਜੀਤ ਸਿੰਘ ਮਾਨ ਸਰਬੱਤ ਖਾਲਸਾ ਵੱਲੋਂ ਥਾਪੇ ਜਥੇਦਾਰ ਧਿਆਨ ਸਿੰਘ ਮੰਡ ਨਾਲ ਸੰਦੇਸ਼ ਦੌਰਾਨ ਖੜੇ ਹਨ ਅਤੇ ਦੂਜੇ ਪਾਸੇ ਕੁਲਦੀਪ ਸਿੰਘ ਗੜ ਗੱਜ ਦੀ ਪਿੱਠ ਥਾਪੜ ਰਹੇ ਹਨ। ਸਿਮਰਨਜੀਤ ਸਿੰਘ ਮਾਨ ਪਹਿਲਾਂ ਇਹ ਸਪਸ਼ਟ ਕਰਨ ਕਿ ਉਹ ਧਿਆਨ ਸਿੰਘ ਮੰਡ ਨੂੰ ਜਥੇਦਾਰ ਮੰਨਦੇ ਹਨ ਜਾਂ ਉਹ ਕੁਲਦੀਪ ਸਿੰਘ ਗੜਗੱਜ ਨੂੰ ਜਥੇਦਾਰ ਮੰਨਦੇ ਹਨ। ਫੈਡਰੇਸ਼ਨ ਪ੍ਰਧਾਨ ਨੇ ਕਿਹਾ ਕਿ ਮਾਨ ਨੂੰ ਸ਼ਹੀਦਾਂ ਦੀ ਜਥੇਬੰਦੀ ਦਮਦਮੀ ਟਕਸਾਲ ਦੇ ਮੁਖੀ ਖਿਲਾਫ਼ ਸੋਚ ਵਿਚਾਰ ਕੇ ਅਤੇ ਸ਼ਬਦਾਂ ਨੂੰ ਨਾਪ ਤੋਲ ਕੇ ਬੋਲਣਾ ਚਾਹੀਦਾ ਹੈ। ਬੇਤੁਕੀ ਬਿਆਨਬਾਜ਼ੀ ਕਰਕੇ ਆਪਣੇ ਦਿਮਾਗ ਦੇ ਦੀਵਾਲੀਆਪਾਂਨ ਦਾ ਸਬੂਤ



ਨਹੀਂ ਦੇਣਾ ਚਾਹੀਦਾ|ਫੈਡਰੇਸ਼ਨ ਪ੍ਰਧਾਨ ਨੇ ਸੋਸ਼ਲ ਮੀਡੀਆ ,'ਤੇ ਦਿੱਤੀ ਗਈ ਗੁਰਪ੍ਰੀਤ ਸਿੰਘ ਝੱਬਰ ਦੀ ਸਟੇਟਮੈਂਟ ਦਾ ਨੋਟਿਸ ਲੈਂਦਿਆਂ ਕਿਹਾ ਕਿ, ਝੱਬਰ ਵਰਗਿਆਂ ਨੇ ਜੇ ਅਕਾਲ ਤਖਤ ਸਾਹਿਬ ਦੇ ਭਗੌੜਿਆਂ ਦੇ ਝੋਲੀ ਚੁੱਕ ਬਣਨਾ ਹੈ ਤਾਂ ਸ਼ੌਕ ਨਾਲ ਬਣਨ ਪਰ ਦਮਦਮੀ ਟਕਸਾਲ ਵਰਗੀ ਮਹਾਨ ਜਥੇਬੰਦੀ ਨੂੰ ਨਸੀਹਤਾਂ ਦੇਣ ਤੋਂ ਗੁਰੇਜ ਕਰਨ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਤੇ ਸਵਾਲ ਚੁਕਣ ਲਈ 'ਆਪ' ਆਗੂ ਨੀਲ ਗਰਗ ਨੇ ਭਾਜਪਾ ਦੀ ਸਖ਼ਤ ਨਿੰਦਾ ਕੀਤੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਭਾਜਪਾ ਦੀ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' 'ਤੇ ਸਵਾਲ ਉਠਾਉਣ ਦੀ ਸਖ਼ਤ ਨਿੰਦਾ ਕੀਤੀ। ਭਾਜਪਾ 'ਤੇ ਤਨਜ਼ ਕੱਸਦੇ ਹੋਏ ਉਨ੍ਹਾਂ ਕਿਹਾ ਕਿ ਇਹ ਇੱਕ ਅਜਿਹੀ ਪਾਰਟੀ ਬਣ ਗਈ ਹੈ ਜੋ ਸਿਰਫ਼ ਪ੍ਰੈਸ ਕਾਨਫਰੰਸਾਂ ਕਰਦੀ ਹੈ। ਤੱਕ ਸੀਮਤ ਕਰ ਦਿੱਤਾ ਗਿਆ ਹੈ। ਉਨ੍ਹਾਂ ਨੂੰ ਜ਼ਮੀਨੀ ਹਕੀਕਤ ਬਾਰੇ ਕੁਝ ਨਹੀਂ ਪਤਾ। ਗਰਗ ਨੇ ਕਿਹਾ ਕਿ ਇਨ੍ਹਾਂ 90 ਦਿਨਾਂ ਵਿੱਚ, 'ਆਪ' ਸਰਕਾਰ ਨੇ 14,401 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਹੈ। ਹੈਲੇ। ਐਨਡੀਪੀਐਸ ਐਕਟ ਤਹਿਤ 8472 ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਨਸ਼ਾ ਤਸਕਰਾਂ ਦੁਆਰਾ ਬਣਾਈਆਂ ਗਈਆਂ ਸੈਂਕੜੇ ਗੈਰ-ਕਾਨੂੰਨੀ ਇਮਾਰਤਾਂ ਨੂੰ ਢਾਹ ਦਿੱਤਾ ਗਿਆ ਹੈ। ਨੀਲ ਗਰਗ ਨੇ ਕਿਹਾ ਕਿ ਭਾਜਪਾ ਨੂੰ ਸ਼ਾਇਦ ਇਹ ਨਹੀਂ ਪਤਾ ਕਿ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਲੋਕ, ਭਾਵੇਂ ਉਹ ਬਜ਼ੁਰਗ ਹੋਣ, ਔਰਤਾਂ ਹੋਣ ਜਾਂ ਨੌਜਵਾਨ, ਨਸ਼ੇ ਨੂੰ ਖਤਮ ਕਰਨ ਲਈ ਅੱਗੇ ਆ ਰਹੇ ਹਨ ਅਤੇ ਇਹ ਪ੍ਰਣ ਲੈ ਰਹੇ ਹਨ ਕਿ ਨਾ ਤਾਂ ਕਿਸੇ ਨੂੰ ਨਸ਼ੇ ਦਾ ਸੇਵਨ ਕਰਨ ਦਿੱਤਾ ਜਾਵੇਗਾ ਅਤੇ ਨਾ ਹੀ ਨਸ਼ੇ ਵੇਚੇ ਜਾਣਗੇ। ਭਾਜਪਾ 'ਤੇ ਸਵਾਲ ਉਠਾਉਂਦੇ ਹੋਏ ਗਰਗ ਨੇ ਕਿਹਾ ਕਿ 2007 ਤੋਂ 2017 ਤੱਕ ਪੰਜਾਬ ਵਿੱਚ ਅਕਾਲੀ-ਭਾਜਪਾ ਸਰਕਾਰ ਸੀ। 2007 ਤੋਂ ਪਹਿਲਾਂ ਕਿਸੇ ਨੇ ਚਿੱਟਾ ਬਾਰੇ ਸੁਣਿਆ ਵੀ ਨਹੀਂ ਸੀ। ਇਸਦੇ ਬੀਜ ਭਾਜਪਾ ਸਰਕਾਰ ਨੇ ਬੀਜੇ ਸਨ। ਤੁਸੀਂ ਉਦੋਂ ਕਿੱਥੇ ਸੀ ਅਤੇ ਤੁਸੀਂ ਆਪਣੀ ਆਵਾਜ਼ ਕਿਉਂ ਨਹੀਂ ਉਠਾਈ? ਉਨ੍ਹਾਂ ਕਿਹਾ ਕਿ ਅੱਜ ਭਾਜਪਾ ਦੀ ਲਗਭਗ 20 ਰਾਜਾਂ ਵਿੱਚ ਸਰਕਾਰ ਹੈ। ਗੁਜਰਾਤ, ਮਹਾਰਾਸ਼ਟਰ ਅਤੇ ਉੱਤਰ ਪ੍ਰਦੇਸ਼ ਵਰਗੇ ਕਈ ਵੱਡੇ ਰਾਜਾਂ ਵਿੱਚ ਨਸ਼ੀਲੇ ਪਦਾਰਥਾਂ ਦੀਆਂ ਵੱਡੀਆਂ ਖੇਪਾਂ ਜ਼ਬਤ ਕੀਤੀਆਂ ਗਈਆਂ। ਭਾਜਪਾ ਵਾਲਿਆਂ ਨੂੰ ਦੱਸਣਾ ਚਾਹੀਦਾ ਹੈ ਕਿ ਤੁਸੀਂ ਕਿਸ ਦੇ ਖਿਲਾਫ ਐਫਆਈਆਰ ਦਰਜ ਕਰਵਾਈ ਹੈ ਅਤੇ ਵੱਡੇ ਨਾਮ ਕਿਸ ਦੇ ਖਿਲਾਫ ਹਨ? ਮਗਰਮੱਛ ਫੜਿਆ? ਉਨ੍ਹਾਂ ਭਾਜਪਾ ਨੂੰ ਸਵਾਲ ਕੀਤਾ ਕਿ ਭਾਜਪਾ ਸ਼ਾਸਿਤ ਕਿਹੜੇ ਸੂਬੇ ਨੇ ਨਸ਼ਿਆਂ ਵਿਰੁੱਧ ਪੰਜਾਬ ਵਾਂਗ ਕਾਰਵਾਈ ਕੀਤੀ ਹੈ? ਕੀ ਕੋਈ ਮੁਹਿੰਮ ਸ਼ੁਰੂ ਕੀਤੀ ਗਈ ਹੈ? ਉਨ੍ਹਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ, ਜੋ ਕਾਂਗਰਸ ਸਰਕਾਰ ਦੌਰਾਨ ਮੁੱਖ ਮੰਤਰੀ ਸਨ, ਹੁਣ ਭਾਜਪਾ ਵਿੱਚ ਹਨ। ਭਾਰਤ ਦੇ ਤਤਕਾਲੀ ਗ੍ਰਹਿ ਮੰਤਰੀ ਨੇ ਦੋਸ਼ ਲਗਾਇਆ ਸੀ ਕਿ ਕੈਪਟਨ ਅਮਰਿੰਦਰ ਸਿੰਘ ਨੇ ਕਦੇ ਵੀ ਨਸ਼ਾ ਤਸਕਰਾਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ। ਕੋਈ ਕਾਰਵਾਈ ਨਹੀਂ ਕੀਤੀ ਗਈ। ਇਸਦਾ ਮਤਲਬ ਹੈ ਕਿ ਭਾਜਪਾ ਵਿੱਚ



ਅਜਿਹੇ ਆਗੂ ਹਨ ਜੋ ਨਸ਼ਾ ਤਸਕਰਾਂ ਦਾ ਸਮਰਥਨ ਕਰਦੇ ਹਨ। ਤੁਹਾਨੂੰ ਇਸਦਾ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਲਈ ਕੰਮ ਕਰ ਰਹੀ ਹੈ। ਦਿਨ ਰਾਤ ਕੰਮ ਕਰ ਰਿਹਾ ਹਾਂ। ਪੰਜਾਬ ਦੇ ਲੋਕ ਵੀ ਨਸ਼ਿਆਂ ਵਿਰੁੱਧ ਸਰਕਾਰ ਦੀ ਇਸ ਮੁਹਿੰਮ ਦਾ ਸਮਰਥਨ ਕਰ ਰਹੇ ਹਨ। ਭਾਜਪਾ ਨਹੀਂ ਚਾਹੁੰਦੀ ਕਿ ਪੰਜਾਬ ਵਿੱਚੋਂ ਨਸ਼ੇ ਖਤਮ ਹੋਣ, ਇਸ ਲਈ ਉਹ ਪੰਜਾਬ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਹ ਹੱਥਕੜੀਆਂ ਦੀ ਮਦਦ ਲੈ ਰਹੀ ਹੈ।

# ਅਮ੍ਰਿਤਸਰ ਵਿੱਚ ਜੀਵਨ ਫੌਜੀ ਵੱਲੋ ਚਲਾਏ ਜਾ ਰਹੇ ਬੀਕੇਆਈ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼; ਪਿਸਤੌਲ ਸਮੇਤ ਦੋ ਸਾਥੀ ਕਾਬੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪਾਕਿਸਤਾਨ ਦੇ ਆਈਐਸਆਈ-ਸਮਰਥਿਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਸੰਚਾਲਕ ਜੀਵਨ ਫੌਜੀ ਦੇ ਦੋ ਸਾਥੀਆਂ ਨੂੰ ਗ੍ਰਿਫਤਾਰ ਕਰਕੇ ਉਸ ਵੱਲੋਂ ਚਲਾਏ ਜਾ ਰਹੇ ਅੱਤਵਾਦੀ ਅਤੇ ਜਬਰੀ ਵਸੂਲੀ ਮਾਡਿਊਲ ਦੇ ਸਫਲਤਾਪੂਰਵਕ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਵੈਰੋਵਾਲ ਦੇ ਕਾਰਜਪ੍ਰੀਤ ਸਿੰਘ ਉਰਫ਼ ਕਾਰਜ (23) ਅਤੇ ਤਰਨਤਾਰਨ ਦੇ ਗੋਇੰਦਵਾਲ ਸਾਹਿਬ ਦੇ ਗੁਰਲਾਲ ਸਿੰਘ ਉਰਫ਼ ਹਰਮਨ (23) ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਕੋਲੋਂ .30 ਬੋਰ ਦੇ ਪਿਸਤੌਲ ਸਮੇਤ



ਇੱਕ ਜ਼ਿੰਦਾ ਕਾਰਤੂਸ ਬਰਾਮਦ ਕਰਨ ਤੋਂ ਇਲਾਵਾ ਅਪਰਾਧ ਵਿੱਚ ਵਰਤਿਆ ਗਿਆ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਜੀਵਨ ਫੌਜੀ – ਇੱਕ ਸਰਗਰਮ ਬੀਕੇਆਈ ਮੈਂਬਰ ਹੈ ਜੋ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਵਿਅਕਤੀਆਂ ਨੂੰ ਨਿਸ਼ਾਨਾ ਬਣਾ ਕੇ ਜਬਰੀ ਵਸੂਲੀ ਦਾ ਰੈਕੇਟ ਚਲਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜੀਵਨ ਫੌਜੀ ਨੇ ਕਾਰਜਪ੍ਰੀਤ ਅਤੇ ਗੁਰਲਾਲ ਨੂੰ .30 ਬੋਰ ਦਾ ਪਿਸਤੌਲ ਮੁਹੱਈਆ ਕਰਵਾਇਆ ਸੀ ਅਤੇ ਉਨ੍ਹਾਂ ਨੂੰ ਅੰਮ੍ਰਿਤਸਰ ਖੇਤਰ ਵਿੱਚ ਇੱਕ ਫਰਨੀਚਰ ਦੀ ਦੁਕਾਨ 'ਤੇ ਗੋਲੀਬਾਰੀ ਕਰਨ ਦਾ ਨਿਰਦੇਸ਼ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਇਹ ਗੋਲੀਬਾਰੀ ਜਬਰੀ ਵਸੂਲੀ ਦੀ ਕੋਸ਼ਿਸ਼ ਦਾ ਹਿੱਸਾ ਸੀ, ਜਿਸ ਵਿੱਚ ਜੀਵਨ ਫੌਜੀ ਨੇ ਕੈਨੇਡਾ ਸਥਿਤ ਦੁਕਾਨ ਮਾਲਕ ਦੇ ਰਿਸ਼ਤੇਦਾਰ ਤੋਂ ਫਿਰੌਤੀ ਦੀ ਮੰਗ ਕੀਤੀ ਸੀ। ਡੀਜੀਪੀ ਨੇ ਦੱਸਿਆ ਕਿ ਇਸ ਅੱਤਵਾਦੀ ਨੈੱਟਵਰਕ ਦਾ ਮੁਕੰਮਲ ਤੌਰ 'ਤੇ ਪਰਦਾਫਾਸ਼ ਕਰਨ ਲਈ ਇਸ ਮਾਮਲੇ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਚਲਾਏ ਆਪਰੇਸ਼ਨ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਤਰਨਤਾਰਨ ਅਤੇ ਫਾਜ਼ਿਲਕਾ ਦੇ ਇਲਾਕਿਆਂ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸੁਲਤਾਨਵਿੰਡ ਇਲਾਕੇ ਵਿੱਚ ਫਾਲੋ-ਅੱਪ ਰਿਕਵਰੀ ਆਪਰੇਸ਼ਨ ਦੌਰਾਨ, ਦੋਸ਼ੀ ਗੁਰਲਾਲ ਸਿੰਘ ਨੇ ਛੁਪਾਇਆ ਹੋਇਆ ਹਥਿਆਰ ਬਰਾਮਦ ਕੀਤਾ ਅਤੇ ਪੁਲਿਸ ਪਾਰਟੀ 'ਤੇ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ। ਪੁਲਿਸ ਪਾਰਟੀ ਨੇ ਸਵੈ-ਰੱਖਿਆ ਵਜੋਂ ਜਵਾਬੀ ਕਾਰਵਾਈ ਕੀਤੀ, ਜਿਸ ਦੇ ਨਤੀਜੇ ਵਜੋਂ ਗੁਰਲਾਲ ਦੀ ਖੱਬੀ ਲੱਤ ਵਿੱਚ ਗੋਲੀ ਲੱਗ ਗਈ। ਉਨ੍ਹਾਂ ਕਿਹਾ ਕਿ ਜ਼ਖਮੀ ਨੂੰ ਤੁਰੰਤ ਸਿਵਲ ਹਸਪਤਾਲ ਅੰਮ੍ਰਿਤਸਰ ਭੇਜ ਦਿੱਤਾ ਗਿਆ, ਜਿੱਥੇ ਉਹ ਜ਼ੇਰੇ ਇਲਾਜ ਹੈ। ਸੀਪੀ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਦੋਸ਼ੀ ਜੀਵਨ ਫੌਜੀ ਦੇ ਇਸ਼ਾਰਿਆਂ 'ਤੇ ਸਥਾਨਕ ਲੋਕਾਂ ਨੂੰ ਡਰਾਉਣ ਅਤੇ ਜਬਰੀ ਪੈਸੇ ਵਸੂਲਣ ਦਾ ਕੰਮ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਅਤੇ ਹੋਰ ਸਬੰਧਾਂ ਦਾ ਪਤਾ ਲਗਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਇਸ ਸਬੰਧੀ ਐਫਆਈਆਰ ਨੰਬਰ 88 ਮਿਤੀ 17-05-2025 ਨੂੰ ਅੰਮ੍ਰਿਤਸਰ ਦੇ ਥਾਣਾ ਬੀ-ਡਵੀਜ਼ਨ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 109, 324(4) ਅਤੇ 3(5) ਅਤੇ ਅਸਲਾ ਐਕਟ ਦੀਆਂ 25 ਅਤੇ 27 ਤਹਿਤ ਪਹਿਲਾਂ ਹੀ ਦਰਜ ਕੀਤੀ ਜਾ ਚੁੱਕੀ ਹੈ।

# ਪੰਥਕ ਜਥੇਬੰਦੀਆਂ ਨੇ ਘੱਲੂਘਾਰਾ ਹਫਤੇ ਦੀ ਆਰੰਭਤਾ ਤੇ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੇ ਨਮਿਤ ਕੀਤੀ ਅਰਦਾਸ

## ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਜਥੇਦਾਰ ਹਵਾਰਾ ਕਮੇਟੀ ਨੇ ਸ਼੍ਰੋਮਣੀ ਕਮੇਟੀ, ਸ੍ਰੀ ਦਰਬਾਰ ਸਾਹਿਬ ਅਤੇ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਜੂਨ 84 ਦੇ ਫ਼ੌਜੀ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ ਗੁ.ਬਾਬਾ ਅਟੱਲ ਰਾਇ ਸਾਹਿਬ ਵਿਖੇ ਕਰਵਾਇਆ। ਇਸ ਮੌਕੇ ਅਖੰਡ ਕੀਰਤਨੀ ਜਥਾ, ਦਮਦਮੀ ਟਕਸਾਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਅਤੇ ਪੰਥਕ ਸੇਵਕ ਜਥੇ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਹਰਿਸਿਮਰਨਜੀਤ ਸਿੰਘ ਦੇ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸੱਚਖੰਡ ਸ੍ਰੀ ਦਰਬਾਰ



ਸਾਹਿਬ ਦੇ ਸਿੰਘ ਸਾਹਿਬ ਗਿਆਨੀ ਪ੍ਰਵਿੰਦਰਪਾਲ ਸਿੰਘ ਨੇ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਂਦੇ ਹੋਏ ਕਿਹਾ ਕਿ ਸਿੱਖ ਕੌਮ ਨੂੰ ਬਾਣੀ ਤੇ ਬਾਣੇ ਦਾ ਧਾਰਨੀ ਹੋਣਾ ਜ਼ਰੂਰੀ ਹੈ। ਇਸ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿੱਚ ਦਵਿੰਦਰ ਸਿੰਘ ਭਰਾਤਾ ਸ਼ਹੀਦ ਮਹਿੰਗਾ ਸਿੰਘ, ਬੇਅੰਤ ਸਿੰਘ ਭਰਾਤਾ ਸ਼ਹੀਦ ਜਨਰਲ ਸ਼ਬੇਗ ਸਿੰਘ, ਕੁਲਦੀਪ ਸਿੰਘ ਪੁੱਤਰ ਸ਼ਹੀਦ ਮੇਜਰ ਸਿੰਘ ਨਾਗੋਕੇ, ਸਤਵੰਤ ਸਿੰਘ ਪੁੱਤਰ ਸ਼ਹੀਦ ਕੇਹਰ ਸਿੰਘ, ਹਰਦੀਪ ਸਿੰਘ ਭਰਾਤਾ ਸ਼ਹੀਦ ਅਨੇਖ ਸਿੰਘ ਬੱਬਰ ਸ਼ਾਮਲ ਹਨ। ਉਪਰੰਤ ਸੰਗਤਾਂ ਸ੍ਰੀ ਅਕਾਲ ਤਖਤ ਸਾਹਿਬ ਵਿੱਖੇ ਨਤਮਸਤਕ ਹੋਈਆਂ ਜਿੱਥੇ ਸਿੰਘ ਸਾਹਿਬ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਸ਼ਹੀਦਾਂ ਦੇ ਨਮਿਤ ਅਰਦਾਸ ਕੀਤੀ। ਪ੍ਰੋ. ਬਲਜਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਤੇ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੈਨੇਜਰ ਰਜਿੰਦਰ ਸਿੰਘ ਰੂਬੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸਦੇ ਇਲਾਵਾ ਪੰਜ ਪਿਆਰੇ ਸਤਨਾਮ ਸਿੰਘ ਖੰਡਾ, ਗਿਆਨੀ ਤੇਜਬੀਰ ਸਿੰਘ ਟਕਸਾਲ, ਮਹਾਂਬੀਰ ਸਿੰਘ ਸੁਲਤਾਨਵਿੰਡ, ਰਜਿੰਦਰ ਸਿੰਘ ਮੁਗਲਵਾਲ, ਬਲਦੇਵ ਸਿੰਘ ਨਵਾਂਪਿੰਡ, ਸੁਖਦੀਪ ਸਿੰਘ ਮੀਕੇ, ਡਾ. ਕੰਵਲਜੀਤ ਸਿੰਘ, ਪ੍ਰਗਟ ਸਿੰਘ ਚੋਗਾਵਾਂ, ਉਪਕਾਰ ਸਿੰਘ ਸੰਧੂ, ਹਰਪਾਲ ਸਿੰਘ ਬਲੇਰ, ਮੋਹਕਮ ਸਿੰਘ, ਨਰਿੰਦਰ ਸਿੰਘ ਗਿੱਲ, ਪ੍ਰਤਾਪ ਸਿੰਘ ਕਾਲੀਆਂ, ਗੁਰਦੀਪ ਸਿੰਘ ਭਰਾਤਾ ਸ਼ਹੀਦ ਭੁਪਿੰਦਰ ਸਿੰਘ, ਅਰਜਨ ਸਿੰਘ ਸ਼ੇਰਗਿੱਲ, ਸਰਬਜੀਤ ਸਿੰਘ ਕਾਲੀਆਂ, ਸਵਰਨਜੀਤ ਸਿੰਘ ਕੁਰਾਲੀਆ, ਜੁਗਰਾਜ ਸਿੰਘ ਪੱਟੀ, ਰਘਬੀਰ ਸਿੰਘ ਭੁੱਚਰ, ਭੁਪਿੰਦਰ ਸਿੰਘ ਸਰਪੰਚ, ਸਤਜੋਤ ਸਿੰਘ ਮੁਧਲ, ਸਤਨਾਮ ਸਿੰਘ ਕਾਹਲੋ, ਰਾਗੀ ਸੁਰਿੰਦਰ ਸਿੰਘ, ਬੀਬੀ ਮਨਿੰਦਰ ਕੌਰ, ਹਰਪਾਲ ਸਿੰਘ ਖਾਲਿਸਤਾਨੀ, ਗੁਰਦੀਪ ਸਿੰਘ ਮਟੀਆ, ਹਰਮਨਦੀਪ ਸਿੰਘ, ਗੁਰਬਖ਼ਸ਼ ਸਿੰਘ ਬੱਗਾ, ਜਸਬੀਰ ਸਿੰਘ ਸੇਠੀ, ਮਾਸਟਰ ਬਲਦੇਵ ਸਿੰਘ, ਜੋਗਿੰਦਰ ਸਿੰਘ, ਜਸਬੀਰ ਸਿੰਘ ਖਾਲਸਾ, ਦਲਜੀਤ ਸਿੰਘ ਗਿੱਲ, ਮਨਜੀਤ ਸਿੰਘ ਵੇਰਕਾ, ਜਗਦੀਪ ਸਿੰਘ ਸੇਹੀਆਂ ਆਦਿ ਹਾਜ਼ਰ ਸਨ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

**ਸਮਾਨਤਾ ਬੁੱਧ ਧਰਮ ਦਾ ਕੇਂਦਰੀ ਸਿਧਾਂਤ ਹੈ ਜੋ ਪਿਆਰ ਅਤੇ ਦਇਆ ਦੇ ਆਧਾਰ 'ਤੇ ਮਨੁੱਖਾਂ ਵਿਚਕਾਰ ਸਬੰਧ ਬਣਾਉਂਦਾ ਹੈ।**

2/2 ਕਲ੍ਹ ਦਾ ਬਾਕੀ ਭਾਗ

ਅੱਜ ਅਸੀਂ ਉਸ ਮਹਾਨ ਪੁਰਸ਼ ਦਾ ਸਵਾਗਤ ਕਰ ਰਹੇ ਹਾਂ ਜਿਸਨੇ ਨਾਗਪੁਰ ਵਿੱਚ ਉਸੇ ਧੰਮਚੱਕਰ ਨੂੰ ਗਤੀ ਵਿੱਚ ਲਿਆਂਦਾ ਅਤੇ ਪੰਜ ਲੱਖ ਲੋਕਾਂ ਦੇ ਦਿਲਾਂ ਵਿੱਚ ਧੰਮ ਦੇ ਪਵਿੱਤਰ ਸੰਦੇਸ਼ ਨੂੰ



ਫੈਲਾਇਆ।

ਡਾ. ਬਾਬਾ ਸਾਹਿਬ ਦਾ ਦਿਲ ਸ਼ਾਂਤ ਅਤੇ ਪਵਿੱਤਰ ਮਾਹੌਲ, ਸ਼ਰਧਾ ਨਾਲ ਭਰੇ ਹੋਏ ਬਹੁਜਨ ਲੋਕਾਂ ਅਤੇ ਲੰਕਾ, ਤਿੱਬਤ, ਬਰਮਾ, ਜਾਪਾਨ ਆਦਿ ਦੇਸ਼ਾਂ ਦੇ ਕੁਝ ਲਾਮਿਆਂ, ਭਿਕਸ਼ੂਆਂ ਅਤੇ ਉਪਾਸਕਾਂ ਦੀ ਮੌਜੂਦਗੀ ਕਾਰਨ ਭਾਵਨਾਵਾਂ ਨਾਲ ਭਰ ਗਿਆ ਸੀ। ਸ਼ਾਇਦ ਡਾ. ਬਾਬਾ ਸਾਹਿਬ ਦੇ ਦਿਲ ਨੂੰ ਛੂਹ ਗਿਆ ਸੀ। ਉਸਦਾ ਗਲਾ ਘੁੱਟ ਗਿਆ।

ਇਹ ਨਮ ਅੱਖਾਂ ਅਤੇ ਘੁੱਟੇ ਹੋਏ ਗਲੇ ਨਾਲ ਦਿੱਤਾ ਗਿਆ ਇੱਕ ਹਮਦਰਦੀ ਭਰਿਆ ਭਾਸ਼ਣ ਸੀ। ਇਹ ਬਾਬਾ ਦਾ ਆਖਰੀ ਸੰਦੇਸ਼ ਸਾਬਤ ਹੋਇਆ।

ਉਸਦੇ ਸਵਾਗਤ ਦਾ ਜਵਾਬ ਦਿੰਦੇ ਹੋਏ, ਡਾ. ਬਾਬਾ ਸਾਹਿਬ ਨੇ ਕਿਹਾ-

ਕਿਉਂਕਿ ਜੇਕਰ ਆਜ਼ਾਦੀ ਅਤੇ ਸਮਾਨਤਾ ਤੋਂ ਇਨਕਾਰ ਕੀਤਾ ਜਾਂਦਾ ਹੈ, ਤਾਂ ਭਾਈਚਾਰਾ ਰੱਖਿਅਕ ਬਣ ਜਾਂਦਾ ਹੈ। ਸਹਿਭਾਵ ਭਾਈਚਾਰੇ ਦਾ ਦੂਜਾ ਨਾਮ ਹੈ। ਅਤੇ ਭਾਈਚਾਰਾ ਜਾਂ ਮਨੁੱਖਤਾ ਧਰਮ ਦਾ ਦੂਜਾ ਨਾਮ ਹੈ। ਇਹ ਅੰਤਰ ਕਾਨੂੰਨ ਜਾਂ ਸਹਿਭਾਵ ਦਾ ਮੁਲਾਂਕਣ ਕਰਦੇ ਸਮੇਂ ਪ੍ਰਗਟ ਹੁੰਦਾ ਹੈ ਕਿਉਂਕਿ ਕਾਨੂੰਨ ਧਰਮ ਤੋਂ ਪਰੇ ਹੈ ਅਤੇ ਕੋਈ ਵੀ ਇਸਨੂੰ ਤੋੜ ਸਕਦਾ ਹੈ। ਇਸ ਦੇ ਉਲਟ, ਸਹਿਭਾਵ ਜਾਂ ਧਰਮ ਨੂੰ ਇਸਦਾ ਸਤਿਕਾਰ ਕਰਨਾ ਹਰ ਕਿਸੇ ਦਾ ਫਰਜ਼ ਮੰਨਿਆ ਜਾਂਦਾ ਹੈ ਕਿਉਂਕਿ ਇਹ ਪਵਿੱਤਰ ਹੈ।

ਇਹ ਬਿਲਕੁਲ ਵੀ ਨਾ ਮੰਨੋ ਕਿ ਮੇਰਾ ਦਰਸ਼ਨ ਕਿਸੇ ਵੀ ਆਰਾਮਦਾਇਕ ਵਿਅਕਤੀ ਦਾ ਟੀਚਾ ਹੈ। ਮੇਰਾ ਦਰਸ਼ਨ ਇਸ ਤਰ੍ਹਾਂ ਇਨਕਲਾਬੀ ਹੈ ਕਿ ਇਹ ਸਮਾਜਿਕ ਜੀਵਨ ਦੇ ਤਿੰਨ ਗੁਣਾਂ ਨੂੰ ਖਤਮ ਕਰਕੇ ਹਿੰਦੂ ਸਮਾਜ ਵਿੱਚ ਕ੍ਰਾਂਤੀ ਲਿਆ ਸਕਦਾ ਹੈ। ਇਸ ਲਈ ਮੈਂ ਬਹੁਤ ਹਮਲਾਵਰ ਹਾਂ ਅਤੇ ਮੇਰੇ ਬਹੁਤ ਸਾਰੇ ਦੁਸ਼ਮਣ ਹਨ। ਪਰ ਮੈਨੂੰ ਅਜਿਹੇ ਦੁਸ਼ਮਣ ਪਸੰਦ ਹਨ। ਕਿਉਂਕਿ, ਮੈਂ ਜਾਣਦਾ ਹਾਂ ਕਿ ਉਹ ਮੇਰੀ ਗੱਲ ਧਿਆਨ ਨਾਲ ਸੁਣਦੇ ਹਨ।

ਮੇਰਾ ਦਰਸ਼ਨ ਸਿਰਫ਼ ਮੇਰੇ ਲਈ ਨਹੀਂ, ਇਹ ਸਾਰਿਆਂ ਲਈ ਹੈ। ਇਸਨੂੰ ਵੱਖ-ਵੱਖ ਸ਼ਬਦਾਂ ਵਿੱਚ ਕਹਿਣ ਲਈ, ਮੇਰੇ ਦਰਸ਼ਨ ਦਾ ਇੱਕ ਖਾਸ ਉਦੇਸ਼ ਹੈ। ਮੈਂ ਲੋਕਾਂ ਦੀ ਰਾਏ ਬਦਲਣਾ ਚਾਹੁੰਦਾ ਹਾਂ। ਮੈਂ ਆਪਣੇ ਦਰਸ਼ਨ ਨੂੰ ਤਿੰਨ ਗੁਣਾਂ ਦੇ ਪੈਰੋਕਾਰਾਂ ਦੁਆਰਾ ਇਸਨੂੰ ਤਿਆਗ ਕੇ ਸਵੀਕਾਰ ਕਰਵਾਉਣਾ ਚਾਹੁੰਦਾ ਹਾਂ। ਇਹ ਇੱਕ ਬਹੁਤ ਵੱਡਾ, ਯਾਦਗਾਰੀ ਕੰਮ ਹੈ ਅਤੇ ਇਸ ਵਿੱਚ ਬਹੁਤ ਸਮਾਂ ਲੱਗ ਸਕਦਾ ਹੈ।

ਅੱਜ, ਦੋ ਵੱਖ-ਵੱਖ ਵਿਚਾਰਧਾਰਾਵਾਂ ਭਾਰਤੀ ਲੋਕਾਂ 'ਤੇ ਸ਼ਾਸਨ ਕਰਦੀਆਂ ਹਨ। ਰਾਜ ਸੰਵਿਧਾਨ ਦੇ ਉਦੇਸ਼ ਪੱਤਰ ਵਿੱਚ ਪ੍ਰਗਟ ਕੀਤੇ ਗਏ ਉਦੇਸ਼ਵਾਦ ਅਤੇ ਧਰਮ ਵਿੱਚ ਨਿਹਿਤ ਸਮਾਜਿਕ ਉਦੇਸ਼ਵਾਦ। ਇੱਕ ਸਮਝਦਾਰ ਵਿਅਕਤੀ ਜਾਣਦਾ ਹੋਵੇਗਾ ਕਿ ਇਹ ਉਦੇਸ਼ ਅਸੰਗਤ ਹਨ। ਰਾਜਨੀਤਿਕ ਆਦਰਸ਼ਵਾਦ ਦੇ ਕਾਰਨ, ਜੀਵਨ ਦੇ ਇਹ ਤਿੰਨ ਮੁੱਲ, ਆਜ਼ਾਦੀ, ਸਮਾਨਤਾ ਅਤੇ ਭਾਈਚਾਰਾ, ਨੂੰ ਮਾਨਤਾ ਦਿੱਤੀ ਗਈ ਹੈ। ਪਰ ਸਨਾਤਨ ਮਾਨਸਿਕਤਾ ਦੇ ਪ੍ਰਚਲਿਤ ਸਮਾਜਿਕ ਉਦੇਸ਼ਵਾਦ ਦੇ ਕਾਰਨ, ਇਹਨਾਂ ਤਿੰਨਾਂ ਤੱਤਾਂ ਨੂੰ ਵਿਹਾਰਕ ਜੀਵਨ ਵਿੱਚ ਰੱਦ ਕਰ ਦਿੱਤਾ ਗਿਆ ਹੈ। ਇਸ ਤਰ੍ਹਾਂ ਦਾ ਵਿਰੋਧੀ ਜੀਵਨ ਕਦੋਂ ਤੱਕ ਜਾਰੀ ਰਹੇਗਾ? ਕਿਸੇ ਨਾ ਕਿਸੇ ਸਮੇਂ, ਇੱਕ ਦੂਜੇ ਵਿੱਚ ਸ਼ਰਨ ਲੈਣ ਤੋਂ ਇਲਾਵਾ ਕੋਈ ਹੋਰ ਰਸਤਾ ਨਹੀਂ ਹੈ। ਮੈਨੂੰ ਆਪਣੇ ਜੀਵਨ ਦੇ ਦਰਸ਼ਨ ਵਿੱਚ ਪੂਰਾ ਵਿਸ਼ਵਾਸ ਹੈ ਅਤੇ ਇਸੇ ਲਈ ਅੱਜ ਇਹ ਜ਼ਿਆਦਾਤਰ ਭਾਰਤੀਆਂ ਦਾ ਰਾਜਨੀਤਿਕ ਉਦੇਸ਼ ਬਣ ਗਿਆ ਹੈ। ਮੈਨੂੰ ਉਮੀਦ ਹੈ ਕਿ ਕਿਸੇ ਦਿਨ ਇਹ ਸਾਰਿਆਂ ਦਾ ਸਮਾਜਿਕ ਉਦੇਸ਼ ਬਣ ਜਾਵੇਗਾ।

ਮੈਂ ਲੰਬੇ ਸਫ਼ਰ ਕਾਰਨ ਥੋੜ੍ਹਾ ਥੱਕਿਆ ਹੋਇਆ ਮਹਿਸੂਸ ਕਰ ਰਿਹਾ ਹਾਂ। ਮੈਂ ਇੱਥੇ ਸਿਰਫ਼ ਤੁਹਾਡੇ ਸਵਾਗਤ ਦਾ ਹਾਰ ਪਾਉਣ ਲਈ ਆਇਆ ਹਾਂ। ਪਰ ਮੈਂ ਆਪਣਾ ਫਰਜ਼ ਸਮਝਦਾ ਹਾਂ ਕਿ ਮੈਂ ਤੁਹਾਨੂੰ ਮਿਲਣ ਵਿੱਚ ਦਿਖਾਈ ਗਈ ਉਤਸੁਕਤਾ ਅਤੇ ਵਿਸ਼ਵਾਸ ਦੇ ਬਦਲੇ ਵਿੱਚ ਕੁਝ ਸ਼ਬਦ ਕਹਾਂ। ਤੁਹਾਡੇ ਵਿੱਚੋਂ ਬਹੁਤਿਆਂ ਨੂੰ ਅਛੂਤ ਮੰਨਿਆ ਜਾਂਦਾ ਹੈ। ਭਗਵਾਨ ਬੁੱਧ ਦੇ ਸਮੇਂ ਵਿੱਚ ਕੋਈ ਅਛੂਤਤਾ ਨਹੀਂ ਸੀ। ਉਨ੍ਹਾਂ ਸਮਿਆਂ ਵਿੱਚ ਵੀ ਸੱਭਿਆਚਾਰਕ ਤੌਰ 'ਤੇ ਘਟੀਆ ਭਾਈਚਾਰੇ ਸਨ ਪਰ ਉਨ੍ਹਾਂ ਨੂੰ ਅਛੂਤ ਨਹੀਂ ਮੰਨਿਆ ਜਾਂਦਾ ਸੀ। ਅਛੂਤਤਾ ਦਾ ਸਰਾਪ ਪਿਛਲੇ 1500 ਸਾਲਾਂ ਦਾ ਹੈ ਅਤੇ ਹਿੰਦੂ ਧਰਮ ਇਸਦੇ ਲਈ ਜ਼ਿੰਮੇਵਾਰ ਹੈ। ਅਛੂਤਤਾ ਸਾਡਾ ਕਲੰਕ ਨਹੀਂ ਹੈ, ਇਹ ਉੱਚ ਜਾਤੀ ਦੇ ਹਿੰਦੂਆਂ ਦੇ ਮੱਥੇ 'ਤੇ ਕਲੰਕ ਹੈ। ਇੰਨੇ ਸਾਲ ਹੋ ਗਏ ਹਨ ਪਰ ਇਸ ਕਲੰਕ ਨੂੰ ਧੋਣ ਦੀ ਇੱਛਾ ਹਿੰਦੂਆਂ ਦੇ ਮਨਾਂ ਵਿੱਚ ਕਦੇ ਵੀ ਇਮਾਨਦਾਰੀ ਨਾਲ ਪੈਦਾ ਨਹੀਂ ਹੋਈ। ਉਹ ਸਾਡੀ ਜੀਵਨ ਸ਼ੈਲੀ ਜਾਂ ਸਾਡੇ ਕੰਮ ਕਾਰਨ ਸਾਨੂੰ ਅਛੂਤ ਨਹੀਂ ਮੰਨਦੇ। ਅਸੀਂ ਆਪਣੇ ਆਪ ਨੂੰ ਸਾਫ਼ ਰੱਖਿਆ, ਸਾਫ਼ ਕੱਪੜੇ ਪਹਿਨੇ, ਉੱਚ-ਦਰਜੇ ਦੇ ਕਿੱਤੇ ਕੀਤੇ, ਆਪਣੇ ਮਨ ਨੂੰ ਸ਼ੁੱਧ ਅਤੇ ਸਾਫ਼ ਰੱਖਿਆ, ਨਿਡਰਤਾ ਨਾਲ ਵਿਵਹਾਰ ਕੀਤਾ, ਪਰ ਫਿਰ ਵੀ ਇਹ ਹਿੰਦੂ ਸਾਨੂੰ ਅਛੂਤ ਸਮਝਦੇ ਹਨ। ਇਸ ਲਈ ਸਾਨੂੰ ਇਸ ਹਿੰਦੂ ਧਰਮ ਨੂੰ ਛੱਡਣਾ ਪਵੇਗਾ। ਭਾਰਤ ਵਿੱਚ ਪੈਦਾ ਹੋਇਆ ਬੋਧੀ ਧਰਮ ਅਤੇ ਮਨੁੱਖਾਂ ਵਿੱਚ ਵਿਤਕਰਾ ਕਰਨ ਤੋਂ ਇਨਕਾਰ ਕਰਨ ਵਾਲਾ ਧਰਮ, ਜਿਸ ਧਰਮ ਦਾ ਕੇਂਦਰੀ ਸਿਧਾਂਤ ਸਮਾਨਤਾ 'ਤੇ ਅਧਾਰਤ ਹੈ, ਸਾਨੂੰ ਹੁਣ ਇਸਨੂੰ ਸਵੀਕਾਰ ਕਰਨਾ ਪਵੇਗਾ। ਪਰਮਾਤਮਾ ਨੇ ਸੰਸਾਰ ਦੇ ਦੁੱਖਾਂ ਨੂੰ ਨਸ਼ਟ ਕਰਨ ਲਈ ਆਪਣਾ ਧਰਮ ਸਥਾਪਿਤ ਕੀਤਾ। ਹੋਰ ਧਰਮ ਪਰਮਾਤਮਾ ਅਤੇ ਮਨੁੱਖ ਵਿਚਕਾਰ ਸਬੰਧ ਸਥਾਪਿਤ ਕਰਦੇ ਹਨ। ਸਿਰਫ਼ ਇੱਕ ਧਰਮ ਹੈ ਜੋ ਪਿਆਰ ਅਤੇ ਦਇਆ ਦੇ ਸਿਧਾਂਤਾਂ ਨਾਲ ਮਨੁੱਖਾਂ ਵਿਚਕਾਰ ਸਬੰਧ ਸਥਾਪਿਤ ਕਰਦਾ ਹੈ - ਬੋਧੀ ਧਰਮ। ਬੁੱਧ ਨੇ ਆਪਣੇ ਧਾਰਮਿਕ ਆਚਰਣ ਨੂੰ ਇੱਕ ਆਦਰਸ਼ ਸੰਘ ਦੇ ਰੂਪ ਵਿੱਚ ਦੁਨੀਆ ਨੂੰ ਪੇਸ਼ ਕੀਤਾ। ਉਸ ਸਮਾਜ ਵਿੱਚ ਕੋਈ ਜਾਤੀ-ਅਧਾਰਤ ਵਿਤਕਰਾ ਨਹੀਂ ਹੈ। ਜਿਸ ਤਰ੍ਹਾਂ ਸਮੁੰਦਰ ਨਾਲ ਮਿਲਣ ਵਾਲੀ ਨਦੀ ਸਮੁੰਦਰ ਨਾਲ ਇੱਕ ਹੋ ਜਾਂਦੀ ਹੈ, ਉਸੇ ਤਰ੍ਹਾਂ ਬੁੱਧ ਦੇ ਸਮਾਜ ਵਿੱਚ ਜਾਤਾਂ ਖਤਮ ਹੋ ਜਾਂਦੀਆਂ ਹਨ ਅਤੇ ਇੱਕ ਹੋ ਜਾਂਦੀਆਂ ਹਨ।

"ਇਕੁਐਲਿਟੀ ਐਂਡ ਜਸਟਿਸ"
"Equality and Justice" ਸੁਤੰਤਰਤਾ, ਸਮਾਨਤਾ, ਭਾਈਚਾਰਾ

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਅਤੇ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਨੂੰ ਪੂਰੀ ਸ਼ਾਨੋ-ਸ਼ੌਕਤ ਨਾਲ ਮਨਾਏਗਾ PUNJAB : ਸਪੀਕਰ ਕੁਲਤਾਰ ਸਿੰਘ ਸੰਧਵਾਂ

**"ਗੁਰੂ ਸਾਹਿਬ ਦੀ ਕਿਰਪਾਨ ਨੇ ਮਜ਼ਲੂਮਾਂ ਦੀ ਰੱਖਿਆ ਕੀਤੀ ਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੇ ਸਾਮਰਾਜਾਂ ਦੀਆਂ ਜੜ੍ਹਾਂ ਹਿਲਾ ਕੇ ਰੱਖ ਦਿੱਤੀਆਂ। ਸਾਡੇ ਗੁਰੂਆਂ ਨੇ ਸਾਨੂੰ ਮਨੁੱਖਤਾ ਦਾ ਰਾਹ ਦਿਖਾਇਆ": ਕੁਲਤਾਰ ਸੰਧਵਾਂ**

**" ਗੁਰੂਆਂ ਦੀ ਵਿਰਾਸਤ ਨੂੰ ਅੱਗੇ ਤੋਰਨਾ ਮਹਿਜ਼ ਸਾਡਾ ਫਰਜ਼ ਨਹੀਂ , ਸਗੋਂ ਸਾਡਾ ਸਨਮਾਨ ਹੈ": ਕੁਲਤਾਰ ਸੰਧਵਾਂ**

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

**ਸਰਕਾਰ ਵਲੋਂ ਜਨਤਕ ਸੁਝਾਅ ਮੰਗੇ ਗਏ ਹਨ; ਸਪੀਕਰ ਸੰਧਵਾਂ ਧਾਰਮਿਕ ਸੰਸਥਾਵਾਂ ਨੂੰ ਨਿੱਜੀ ਤੌਰ 'ਤੇ ਮਿਲਣਗੇ, ਮੀਡੀਆ ਅਤੇ ਜਨਤਕ ਸਹਿਯੋਗ ਦੀ ਮੰਗ ਕੀਤੀ**



ਚੰਡੀਗੜ੍ਹ, 1ਜੂਨ ( ਵਿਸ਼ਵ ਵਾਰਤਾ )-ਪੰਜਾਬ ਵਿਧਾਨ ਸਭਾ ਦੇ ਮਾਨਯੋਗ ਸਪੀਕਰ, ਸ. ਕੁਲਤਾਰ ਸਿੰਘ ਸੰਧਵਾਂ, ਨੇ ਅੱਜ ਬੜੇ ਫ਼ਖ਼ਰ ਨਾਲ ਐਲਾਨ ਕੀਤਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਥਾਪਨਾ ਦਿਵਸ ਨੂੰ ਪੂਰੀ ਸ਼ਾਨੋ-ਸ਼ੌਕਤ ਅਤੇ ਆਧੁਨਿਕ ਢੰਗ ਨਾਲ ਵਿਸ਼ਵ ਪੱਧਰ ਤੇ ਮਨਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ।

ਇੱਕ ਵਿਸ਼ੇਸ਼ ਮੀਡੀਆ ਗੱਲਬਾਤ ਵਿੱਚ ਬੋਲਦਿਆਂ, ਸਪੀਕਰ ਨੇ ਜ਼ੋਰ ਦੇ ਕੇ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਅਤੇ ਅਧਿਆਤਮਿਕ ਵਿਰਾਸਤ ਨਾ ਸਿਰਫ ਪੰਜਾਬ ਲਈ ਵਿਸ਼ਵਾਸ ਤੇ ਸ਼ਰਧਾ ਦਾ ਵਿਸ਼ਾ ਹੈ, ਬਲਕਿ ਕੁੱਲ ਦੁਨੀਆ ਲਈ ਕੁਰਬਾਨੀ, ਹਿੰਮਤ ਅਤੇ ਮਨੁੱਖਤਾ ਦਾ ਸੰਦੇਸ਼ ਹੈ। ਉਹਨਾਂ ਕਿਹਾ,"ਜੇਕਰ ਅਸੀਂ ਆਪਣੇ ਗੁਰੂਆਂ ਦੀ ਮਹਾਨਤਾ ਬਾਰੇ ਗੱਲ ਕਰਨਾ ਸ਼ੁਰੂ ਕਰ ਦੇਈਏ, ਤਾਂ ਮਹੀਨੇ ਵੀ ਘੱਟ ਪੈ ਜਾਣਗੇ। ਇਹ ਸਾਡੀ ਵਿਰਾਸਤ ਹੈ – ਸ਼ਾਨਾ ਮੱਤੀ ਅਤੇ ਬੇਮਿਸਾਲ – ਅਤੇ ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਇਸਨੂੰ ਅਗਲੀਆਂ ਪੀੜ੍ਹੀਆਂ ਤੱਕ ਲੈ ਕੇ ਜਾਈਏ," ।

ਆਲਮੀ ਪੱਧਰ ਤੇ ਯਾਦਗਾਰੀ ਮਨਾਓ

ਪੰਜਾਬ ਸਰਕਾਰ ਨੇ ਇਨ੍ਹਾਂ ਇਤਿਹਾਸਿਕ ਮੌਕਿਆਂ ਨੂੰ ਆਧੁਨਿਕ ਸਾਧਨਾਂ, ਤਕਨਾਲੋਜੀ ਅਤੇ ਗਲੋਬਲ ਪਲੇਟਫਾਰਮਾਂ ਦੀ ਵਰਤੋਂ ਕਰਕੇ ਮਨਾਉਣ ਦਾ ਅਹਿਦ ਲਿਆ ਹੈ ਤਾਂ ਜੋ ਗੁਰੂਆਂ ਦੀ ਵਿਰਾਸਤ ਪੰਜਾਬ ਅਤੇ ਭਾਰਤ ਤੋਂ ਵੀ ਅਗਾਂਹ, ਦੁਨੀਆ ਦੇ ਹਰ ਕੋਨੇ ਤੱਕ ਪਹੁੰਚ ਸਕੇ। ਸੰਗਤ, ਧਾਰਮਿਕ ਸੰਸਥਾਵਾਂ ਅਤੇ ਨਾਗਰਿਕਾਂ ਤੋਂ ਸੁਝਾਅ ਮੰਗਣ ਲਈ ਇੱਕ ਵਟਸਐਪ ਨੰਬਰ, ਈਮੇਲ ਆਈਡੀ ਅਤੇ ਅਧਿਕਾਰਤ ਵੈੱਬਸਾਈਟ ਪਹਿਲਾਂ ਹੀ ਸਥਾਪਤ ਕੀਤੀ ਜਾ ਚੁੱਕੀ ਹੈ ਅਤੇ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਕੀਤੀ ਜਾ ਚੁੱਕੀ ਹੈ। ਇਹ ਜਸ਼ਨ ਸਿਰਫ਼ ਪ੍ਰਸ਼ਾਸਨ ਦੀ ਨਹੀਂ, ਸਗੋਂ ਲੋਕਾਂ ਦੀ ਇੱਛਾ ਤੇ ਸ਼ਮੂਲੀਅਤ ਨਾਲ ਬੜੀ ਸੁਹਿਰਦਤਾ ਨਾਲ ਮਨਾਏ ਜਾ ਣਗੇ।

ਸਪੀਕਰ ਨੇ ਮੀਡੀਆ ਅਤੇ ਸਾਰੇ ਭਾਈਚਾਰਿਆਂ ਨੂੰ ਅੱਗੇ ਆਉਣ ਅਤੇ ਇਨ੍ਹਾਂ ਸਮਾਗਮਾਂ ਨੂੰ ਵਿਸ਼ਵ ਪੱਧਰ 'ਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਜਨਤਕ ਪਹੁੰਚ: ਸਪੀਕਰ ਫਰੰਟ ਤੋਂ ਅਗਵਾਈ ਕਰਨਗੇ

ਸ. ਸੰਧਵਾਂ ਨੇ ਐਲਾਨ ਕੀਤਾ ਕਿ ਅੱਜ ਤੋਂ, ਉਹ ਸੁਝਾਅ ਇੱਕਠੇ ਕਰਨ ਲਈ ਵੱਖ-ਵੱਖ ਧਾਰਮਿਕ ਸੰਪਰਦਾਵਾਂ, ਸੰਗਠਨਾਂ ਅਤੇ ਸਿਵਲ ਅਧਿਕਾਰੀਆਂ ਨੂੰ ਨਿੱਜੀ ਤੌਰ 'ਤੇ ਮਿਲਣਗੇ। ਉਹਨਾਂ ਕਿਹਾ, "ਤੁਸੀਂ ਮੈਨੂੰ ਸ਼ਖ਼ਸੀਅਤਾਂ ਅਤੇ ਸੰਸਥਾਵਾਂ ਨਾਲ ਰੋਜ਼ਾਨਾ ਮੀਟਿੰਗਾਂ ਕਰਦੇ ਹੋਏ ਦੇਖੋਗੇ। ਇਹ ਸਿਰਫ਼ ਇੱਕ ਸਰਕਾਰੀ ਸਮਾਗਮ ਨਹੀਂ ਹੈ – ਇਹ ਇੱਕ ਭਾਈਚਾਰਕ ਲਹਿਰ ਹੈ,"।

ਸਰਕਾਰ ਨੇ ਪਹਿਲਾਂ ਹੀ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਸੈਸ਼ਨ ਬੁਲਾਉਣ ਦਾ ਫੈਸਲਾ ਕੀਤਾ ਹੈ, ਜਿੱਥੇ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ, ਕੁਰਬਾਨੀਆਂ ਅਤੇ ਸਿਧਾਂਤਾਂ ਦੇ ਨਾਲ-ਨਾਲ ਵਿਰਾਸਤੀ ਸੰਭਾਲ ਦੀ ਮਹੱਤਤਾ 'ਤੇ ਡੂੰਘਾਈ ਨਾਲ ਚਰਚਾ ਕੀਤੀ ਜਾਵੇਗੀ।

ਵਿਸ਼ਵਵਿਆਪੀ ਪ੍ਰੋਗਰਾਮਾਂ ਲਈ ਸਮਾਵੇਸ਼ੀ ਸੁਝਾਅ, ਏ.ਆਈ. ਅਤੇ ਤਕਨਾਲੋਜੀ ਪ੍ਰੋਗਰਾਮ ਨੂੰ ਵਿਸ਼ਾਲ ਬਨਾਉਣ ਲਈ ਵਿਸ਼ਵਵਿਆਪੀ ਪ੍ਰਭਾਵ ਲਈ ਆਰਟੀਫਿਸ਼ਲ ਇੰਟੈਲੀਜੈਂਸ ਅਤੇ ਡਿਜੀਟਲ ਮੀਡੀਆ ਨੂੰ ਏਕੀਕ੍ਰਿਤ ਕੀਤਾ ਜਾਵੇਗਾ। ਸਰਕਾਰ ਨੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ, ਧਾਰਮਿਕ ਸੰਸਥਾਵਾਂ, ਸਿਵਲ ਸੁਸਾਇਟੀ ਸਮੂਹਾਂ ਅਤੇ ਨਾਗਰਿਕਾਂ ਨੂੰ ਸੁਝਾਅ ਦੇਣ ਲਈ ਖੁੱਲ੍ਹਾ ਸੱਦਾ ਦਿਤਾ ਹੈ।

ਏਕਤਾ, ਜ਼ਿੰਮੇਵਾਰੀ ਅਤੇ ਆਲਮੀ ਸੰਦੇਸ਼

ਉਹਨਾਂ ਕਿਹਾ," ਇਹ ਸਿਰਫ਼ ਇੱਕ ਯਾਦਗਾਰੀ ਸਮਾਰੋਹ ਨਹੀਂ ਹੈ; ਇਹ ਏਕਤਾ, ਸਾਂਝੀ ਜ਼ਿੰਮੇਵਾਰੀ ਅਤੇ ਗੁਰੂ ਸਾਹਿਬ ਦੇ ਸੰਦੇਸ਼ ਨੂੰ ਅੱਗੇ ਵਧਾਉਣ ਦਾ ਸੱਦਾ ਹੈ। ਸਰਕਾਰ ਪਹਿਲਾਂ ਸੁਝਾਅ ਇਕੱਠੇ ਕਰੇਗੀ – ਅਤੇ ਜੇ ਲੋੜ ਪਈ ਤਾਂ ਸਰਗਰਮ ਸਹਿਯੋਗ ਦੀ ਵੀ ਮੰਗ ਕਰੇਗੀ।

ਸ. ਸੰਧਵਾਂ ਨੇ ਕਿਹਾ," – ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਦੇ 350 ਸਾਲ ਅਤੇ ਅੰਮ੍ਰਿਤਸਰ ਸਾਹਿਬ ਦੇ 450ਵੇਂ ਸਾਲ – ਸਾਰੀ ਮਨੁੱਖਤਾ ਨਾਲ ਸਬੰਧਤ ਹਨ। ਸਾਨੂੰ ਇਨ੍ਹਾਂ ਨੂੰ ਇਕੱਠੇ, ਅਰਥਪੂਰਨ ਅਤੇ ਪ੍ਰਭਾਵੀ ਢੰਗ ਨਾਲ ਮਨਾਉਣਾ ਚਾਹੀਦਾ ਹੈ," ।

# 'ਆਪ' ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੇ ਬੇਮਿਸਾਲ ਨਤੀਜੇ ਦਿੱਤੇ, ਭਾਜਪਾ ਆਗੂਆਂ ਨੂੰ ਜ਼ਮੀਨੀ ਹਕੀਕਤਾਂ ਦੇਖਣੀਆਂ ਚਾਹੀਦੀਆਂ ਹਨ: ਧਾਲੀਵਾਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਭਾਜਪਾ ਪੰਜਾਬ ਦੇ ਜਨਰਲ ਸਕੱਤਰ ਤਰੁਣ ਚੁੱਘ 'ਤੇ ਤਿੱਖਾ ਹਮਲਾ ਬੋਲਿਆ, ਭਾਜਪਾ 'ਤੇ ਪੰਜਾਬ ਦੇ ਨਸ਼ਿਆਂ ਦੇ ਖਤਰੇ ਵਿੱਚ ਪਖੰਡ ਅਤੇ ਮਿਲੀਭੁਗਤ ਦਾ ਦੋਸ਼ ਲਗਾਇਆ। ਚੁੱਘ ਅਤੇ ਭਾਜਪਾ ਬੁਲਾਰੇ ਜੋਸ਼ੀ ਦੀਆਂ ਟਿੱਪਣੀਆਂ ਦਾ ਜਵਾਬ ਦਿੰਦੇ ਹੋਏ, ਧਾਲੀਵਾਲ ਨੇ ਕਿਹਾ ਕਿ ਭਾਜਪਾ-ਅਕਾਲੀ ਦਲ ਦੇ ਸ਼ਾਸਨ ਦੌਰਾਨ ਪੰਜਾਬ ਵਿੱਚ ਨਸ਼ੇ ਅਤੇ ਗੈਂਗਸਟਰਵਾਦ ਫੈਲਿਆ ਸੀ।

"ਹਰ ਕੋਈ ਜਾਣਦਾ ਹੈ ਕਿ ਪੰਜਾਬ ਵਿੱਚ ਨਸ਼ਿਆਂ ਦਾ ਦੌਰ ਭਾਜਪਾ-ਅਕਾਲੀ ਦਲ ਸਰਕਾਰ ਦੇ ਸਮੇਂ ਸ਼ੁਰੂ ਹੋਇਆ ਸੀ। ਜਦੋਂ ਪੰਜਾਬ ਵਿੱਚ ਨਸ਼ਿਆਂ ਦਾ ਹੜ੍ਹ ਆਉਣਾ ਸ਼ੁਰੂ ਹੋਇਆ ਤਾਂ ਭਾਜਪਾ ਦਾ ਕੀ ਰੁਖ਼ ਸੀ? ਉਦੋਂ ਭਾਜਪਾ ਆਗੂ ਕਿਉਂ ਨਹੀਂ ਬੋਲੇ?" ਧਾਲੀਵਾਲ ਨੇ ਸਵਾਲ ਕੀਤਾ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 9463601616 hardipchumber57@gmail.com

# ਬਾਸਕਟਬਾਲ 'ਚ ਅਰਜੁਨ ਅਵਾਰਡ ਜੇਤੂ ਸੱਜਣ ਸਿੰਘ ਚੀਮਾ

ਡੀਪੀਈ ਗੁਰਜੀਤ ਸਿੰਘ ਸੂਚ,
ਸੰਪਰਕ ਨੰ: 9463077635



ਕਪੂਰਥਲਾ ਜਿਲ੍ਹੇ ਇੱਕ ਛੋਟੇ ਜਿਹੇ ਪਿੰਡ ਦਬੁਲੀਆਂ 'ਚ ਵਸਦੇ ਅਰਜੁਨ ਅਵਾਰਡੀ ਸੱਜਣ ਸਿੰਘ ਚੀਮਾ ਦੇ ਪਰਿਵਾਰ ਨੇ ਦੇਸ਼ ਨੂੰ ਪੰਜ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਦਿੱਤੇ ਹਨ। ਜਿਹਨਾਂ ਵਿੱਚ ਖੁਦ ਸੱਜਣ ਸਿੰਘ ਚੀਮਾ (ਬਾਸਕਟਬਾਲ), ਉਨ੍ਹਾਂ ਦੇ ਵੱਡੇ ਭਰਾ ਸਵਰਗੀ ਬਲਕਾਰ ਸਿੰਘ ਚੀਮਾ (ਬਾਸਕਟਬਾਲ), ਛੋਟਾ ਭਰਾ ਗੁਰਮੀਤ ਸਿੰਘ ਚੀਮਾ (ਬਾਸਕਟਬਾਲ), ਚਚੇਰਾ ਭਰਾ ਕੁਲਦੀਪ ਸਿੰਘ ਚੀਮਾ (ਬਾਸਕਟਬਾਲ) ਅਤੇ ਭਤੀਜਾ ਅੰਮ੍ਰਿਤਪਾਲ ਸਿੰਘ ਚੀਮਾ (ਕਬੱਡੀ ਜਗਤ ਵਿੱਚ ਜਿਸ ਨੂੰ ਦੁਨੀਆ ਸੁਰਲੀ ਖੀਰਾਂਵਾਲੀਆ ਦੇ ਨਾਮ ਨਾਲ ਜਾਣਦੀ ਹੈ) ਸ਼ਾਮਲ ਹਨ। ਸੱਜਣ ਸਿੰਘ ਚੀਮਾ ਭਾਰਤੀ ਬਾਸਕਟਬਾਲ ਦਾ ਉਹ ਸਿਰਕੱਢ ਖਿਡਾਰੀ ਰਿਹਾ ਹੈ ਜਿਸ ਨੇ 1981 ਤੇ 1985 ਦੀ ਫੀਬਾ ਏਸ਼ੀਆਈ ਬਾਸਕਟਬਾਲ ਕਨਫੈਡਰੇਸ਼ਨ ਚੈਂਪੀਅਨਸ਼ਿਪ ਅਤੇ 1982 ਦੀਆਂ ਏਸ਼ੀਆਈ ਖੇਡਾਂ ਵਿੱਚ ਭਾਰਤੀ ਟੀਮ ਦੀ ਪ੍ਰਤੀਨਿਧਤਾ ਕੀਤੀ।

ਅਰਜੁਨ ਐਵਾਰਡੀ ਸੱਜਣ ਸਿੰਘ ਚੀਮਾ ਦਾ ਜਨਮ 15 ਜਨਵਰੀ 1957 ਵਿੱਚ ਕਪੂਰਥਲਾ ਜਿਲ੍ਹੇ ਦੇ ਪਿੰਡ ਦਬੁਲੀਆਂ ਵਿੱਚ ਪਿਤਾ ਸੁਰਜੀਤ ਸਿੰਘ ਚੀਮਾ ਅਤੇ ਮਾਤਾ ਗੁਰਦੀਪ ਕੌਰ ਦੇ ਘਰ ਹੋਇਆ। ਉਸ ਨੇ ਆਪਣੀ ਮੁੱਢਲੀ ਵਿੱਦਿਆ ਕਮਾਲੀਆ ਖਾਲਸਾ ਹਾਈ ਸਕੂਲ ਕਪੂਰਥਲਾ ਅਤੇ ਉਚੇਰੀ ਵਿੱਦਿਆ ਸਪੋਰਟਸ ਕਾਲਜ ਜਲੰਧਰ ਤੋਂ ਹਾਸਲ ਕੀਤੀ। ਚੀਮਾ ਪਰਿਵਾਰ ਵਿੱਚ ਬਾਸਕਟਬਾਲ ਖੇਡਣ ਦਾ ਮੁੱਢ ਸੱਜਣ ਸਿੰਘ ਚੀਮਾ ਦੇ ਵੱਡੇ ਭਰਾ ਸਵਰਗੀ ਬਲਕਾਰ ਸਿੰਘ ਚੀਮਾ ਨੇ ਬੰਨਿਆ ਸੀ। ਉਸ ਨੇ ਅੰਤਰਰਾਸ਼ਟਰੀ ਪੱਧਰ ਦੇ ਵੱਖ–ਵੱਖ ਖੇਡ ਮੁਕਾਬਲਿਆਂ ਵਿੱਚ ਹਿੱਸਾ ਲਿਆ ਸੀ। ਆਪਣੇ ਵੱਡੇ ਭਰਾ ਬਲਕਾਰ ਸਿੰਘ ਚੀਮਾ ਤੋਂ ਪ੍ਰੇਰਣਾ ਲੈ ਕੇ ਸੱਜਣ ਸਿੰਘ ਚੀਮਾ ਨੇ ਵੀ ਬਾਸਕਟਬਾਲ ਖੇਡਣਾ ਸ਼ੁਰੂ ਕੀਤਾ।



ਸੱਜਣ ਸਿੰਘ ਚੀਮਾ ਨੇ 1976 ਵਿੱਚ ਪਹਿਲੀ ਵਾਰ ਜੈਪੁਰ (ਰਾਜਸਥਾਨ) ਵਿਖੇ ਹੋਏ ਅੰਤਰ ਯੂਨੀਵਰਸਿਟੀ ਮੁਕਾਬਲਿਆਂ ਵਿੱਚ ਭਾਗ ਲਿਆ। ਇੱਕ ਦਹਾਕੇ ਤੋਂ ਵੀ ਜਿਆਦਾ ਸਮੇਂ ਤੱਕ ਉਸ ਨੇ ਨੈਸ਼ਨਲ ਖੇਡਾਂ ਵਿੱਚ ਪੰਜਾਬ ਬਾਸਕਟਬਾਲ ਟੀਮ ਦੀ ਨੁਮਾਇੰਦਗੀ ਕਰਦਿਆਂ ਅਨੇਕਾਂ ਤਗਮੇ ਪੰਜਾਬ ਦੀ ਝੋਲੀ ਪਾਏ।

1981 ਵਿੱਚ ਉਸ ਨੇ ਕੋਲਕਾਤਾ ਵਿਖੇ ਹੋਈ ਫੀਬਾ ਏਸ਼ੀਆਈ ਬਾਸਕਟਬਾਲ ਕਨਫੈਡਰੇਸ਼ਨ ਚੈਂਪੀਅਨਸ਼ਿਪ ਤੋਂ ਆਪਣੇ ਅੰਤਰ ਰਾਸ਼ਟਰੀ ਕਰੀਅਰ ਦੀ ਸ਼ੁਰੂਆਤ ਕੀਤੀ। 1981 ਅਤੇ 1982 ਵਿੱਚ ਉਸ ਨੇ ਭਾਰਤ ਤੇ ਸੋਵੀਅਤ ਯੂਨੀਅਨ ਦੀਆਂ ਟੀਮਾਂ ਵਿਚਕਾਰ ਹੋਏ ਮੈਚਾਂ ਵਿੱਚ ਹਿੱਸਾ ਲਿਆ। 1982 ਵਿੱਚ ਉਸ ਨੇ ਗੁਡਵਿਲ ਟੂਰ ਦੌਰਾਨ ਦੱਖਣੀ ਕੋਰੀਆ ਦੀ ਟੀਮ ਨਾਲ ਖੇਡੇ ਗਏ ਮੈਚਾਂ ਵਿੱਚ ਵੀ ਭਾਰਤ ਦੀ ਨੁਮਾਇੰਦਗੀ ਕੀਤੀ। 1982 ਵਿੱਚ ਹੀ ਨਵੀਂ ਦਿੱਲੀ ਵਿਖੇ ਹੋਈਆਂ ਏਸ਼ੀਆਈ ਖੇਡਾਂ ਵਿੱਚ ਵੀ ਆਪਣੀ ਖੇਡ ਦੇ ਜੌਹਰ ਦਿਖਾਏ। 1983 ਵਿੱਚ ਉਸ ਨੇ ਪ੍ਰਿੰਸ਼ਜ਼ ਕੱਪ ਬੈਂਕਾਕ ਵਿੱਚ ਭਾਗ ਲਿਆ। 1983 ਵਿੱਚ ਉਸ ਨੇ ਹਾਂਗਕਾਂਗ ਵਿਖੇ ਹੋਈ ਫੀਬਾ ਏਸ਼ੀਆਈ ਬਾਸਕਟਬਾਲ ਕਨਫੈਡਰੇਸ਼ਨ ਚੈਂਪੀਅਨਸ਼ਿਪ ਵਿੱਚ ਭਾਗ ਲਿਆ। 1983–84 ਵਿੱਚ ਸੰਯੁਕਤ ਰਾਜ ਅਮਰੀਕਾ ਦੀ ਟੀਮ ਨਾਲ ਹੋਏ ਮੈਚਾਂ ਵਿੱਚ ਹਿੱਸਾ ਲਿਆ। 1985 ਵਿੱਚ ਉਸ ਨੇ ਭਾਰਤੀ ਬਾਸਕਟਬਾਲ ਟੀਮ ਨਾਲ ਮਲੇਸ਼ੀਆ ਅਤੇ ਸਿੰਗਾਪੁਰ ਦਾ ਦੌਰਾ ਕਰਦਿਆਂ ਉਸ ਨੇ ਕੁਆਲਾਲੰਪੁਰ (ਮਲੇਸ਼ੀਆ) ਵਿਖੇ ਹੋਈ ਏਸ਼ੀਆਈ ਬਾਸਕਟਬਾਲ ਕਨਫੈਡਰੇਸ਼ਨ ਚੈਂਪੀਅਨਸ਼ਿਪ ਵਿੱਚ ਹਿੱਸਾ ਲਿਆ ਅਤੇ 1985 ਵਿੱਚ ਹੀ ਸਿੰਗਾਪੁਰ ਵਿਖੇ ਮਰਲਿਨ ਕੱਪ ਖੇਡਿਆ।

ਇਸ ਤੋਂ ਇਲਾਵਾ ਸੀਨੀਅਰ ਨੈਸ਼ਨਲ ਬਾਸਕਟਬਾਲ ਚੈਂਪੀਅਨਸ਼ਿਪ ਵਿੱਚ ਉਸ ਨੇ 1979 ਵਿੱਚ ਜੈਪੁਰ ਵਿਖੇ ਸੋਨਾ,1980 ਵਿੱਚ ਇੰਦੌਰ ਵਿਖੇ ਚਾਂਦੀ, 1981 ਵਿੱਚ ਲੁਧਿਆਣਾ ਵਿਖੇ ਕਾਂਸੀ, 1982 ਵਿੱਚ ਜਮਸ਼ੇਦਪੁਰ ਵਿਖੇ ਕਾਂਸੀ, 1983 ਵਿੱਚ ਕਾਲੀਕਟ ਵਿਖੇ ਚਾਂਦੀ ਅਤੇ 1984 ਵਿੱਚ ਕਟਕ ਵਿਖੇ ਸੋਨੇ ਦਾ ਤਗਮਾ ਹਾਸਲ ਕੀਤਾ। ਨੈਸ਼ਨਲ ਖੇਡਾਂ ਵਿੱਚ ਉਸ ਨੇ 1985 ਵਿੱਚ ਨਵੀਂ ਦਿੱਲੀ ਵਿਖੇ ਪਹਿਲਾ ਅਤੇ 1987 ਵਿੱਚ ਤ੍ਰਿਚੁਰ (ਕੇਰਲ) ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। 1994 ਵਿੱਚ ਉਸ ਨੇ ਸਰਗਰਮ ਖੇਡ ਤੋਂ ਸੰਨਿਆਸ ਲੈ ਲਿਆ। ਪਰ ਉਹ ਹੁਣ ਵੀ ਬਾਸਕਟਬਾਲ ਨਾਲ ਜੁੜੇ ਹੋਏ ਹਨ ਅਤੇ ਬੱਚਿਆਂ ਅਤੇ ਨੌਜਵਾਨਾਂ ਨੂੰ ਪ੍ਰੇਰਣਾ ਦੇ ਕੇ ਖੇਡਾਂ ਨਾਲ ਜੋੜਨ ਵਿੱਚ ਲੱਗੇ ਹੋਏ ਹਨ। ਆਪਣੇ ਵੱਡੇ ਭਰਾ ਸਵਰਗੀ ਬਲਕਾਰ ਸਿੰਘ ਚੀਮਾ ਦੀ ਯਾਦ ਵਿੱਚ ਉਹ ਆਪਣੇ ਪਿੰਡ ਦਬੁਲੀਆਂ ਵਿਖੇ ਪਿਛਲੇ ਤਿੰਨ ਸਾਲ ਤੋਂ ਬਲਕਾਰ ਸਿੰਘ ਚੀਮਾ ਮੈਮੋਰੀਅਲ ਆਲ ਇੰਡੀਆ ਬਾਸਕਟਬਾਲ ਟੂਰਨਾਮੈਂਟ (ਮਰਦ ਤੇ ਔਰਤਾਂ) ਕਰਵਾਉਂਦੇ ਆ ਰਹੇ ਹਨ। ਇਸ ਟੂਰਨਾਮੈਂਟ ਵਿੱਚ ਭਾਰਤ ਦੀਆਂ ਚੋਟੀ ਦੀਆਂ ਟੀਮਾਂ ਦੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਤੇ ਖਿਡਾਰਨਾਂ ਹਿੱਸਾ ਲੈਂਦੇ ਹਨ।

ਸੱਜਣ ਸਿੰਘ ਚੀਮਾ ਨੇ ਪੰਜਾਬ ਪੁਲਿਸ ਵਿੱਚ ਐਸ.ਪੀ. ਵਜੋਂ ਸੇਵਾਵਾਂ ਨਿਭਾਈਆਂ ਅਤੇ ਉਹ ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ ਆਫ ਪੁਲਿਸ (ਟ੍ਰੈਫਿਕ) ਵਜੋਂ ਵੀ ਤੈਨਾਤ ਰਹੇ। ਅਪ੍ਰੈਲ 2016 ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਕੇ ਆਪਣਾ ਸਿਆਸੀ ਕਰੀਅਰ ਸ਼ੁਰੂ ਕੀਤਾ ਅਤੇ 2017 ਵਿੱਚ ਹਲਕਾ ਸੁਲਤਾਨਪੁਰ ਲੋਧੀ ਤੋਂ ਵਿਧਾਨ ਸਭਾ ਦੀ ਚੋਣ ਵੀ ਲੜ ਚੁੱਕੇ ਹਨ। ਅੱਜਕੱਲ੍ਹ ਉਹ ਇਮਪਰੂਵਮੈਂਟ ਟਰੱਸਟ ਕਪੂਰਥਲਾ ਦੇ ਚੇਅਰਮੈਨ ਵਜੋਂ ਸੇਵਾਵਾਂ ਨਿਭਾ ਰਹੇ ਹਨ। 1983 ਵਿੱਚ ਪੰਜਾਬ ਸਰਕਾਰ ਨੇ ਉਸ ਨੂੰ ਮਹਾਰਾਜਾ ਰਣਜੀਤ ਸਿੰਘ ਖੇਡ ਅਵਾਰਡ ਦੇ ਕੇ ਸਨਮਾਨਿਤ ਕੀਤਾ ਅਤੇ ਭਾਰਤ ਸਰਕਾਰ ਨੇ ਵੀ ਉਸ ਦੀਆਂ ਖੇਡ ਪ੍ਰਾਪਤੀਆਂ ਦਾ ਮੁੱਲ ਪਾਉਂਦਿਆਂ 1999 ਵਿੱਚ ਉਸ ਨੂੰ ਅਰਜਨ ਪੁਰਸਕਾਰ ਨਾਲ ਸਨਮਾਨਿਤ ਕੀਤਾ।

ਡੀਪੀਈ ਗੁਰਜੀਤ ਸਿੰਘ ਸੂਚ,
ਸਰਕਾਰੀ ਸੀਨੀ.ਸੈਕੰ. ਸਕੂਲ, ਬੱਲਪੁਰ,
ਜ਼ਿਲ੍ਹਾ ਸ੍ਰੀ ਫਤਿਹਗੜ੍ਹ ਸਾਹਿਬ।
ਸੰਪਰਕ ਨੰ: 9463077635

# ਪਿੰਡ ਸੁੱਲ੍ਹਾ ਦੇ ਨੌਜਵਾਨਾਂ ਵੱਲੋਂ ਮਾਹਮੂ ਜੋਈਆ ਅੱਡੇ ਉੱਪਰ ਲਗਾਈ ਗਈ ਸ਼ਬੀਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 9463601616 hardipchumber57@gmail.com



ਜਲਾਲਾਬਾਦ 1 ਜੂਨ (ਮਨੋਜ ਕੁਮਾਰ, ਸੁਭਾਸ਼ ਸਿੰਘ) ਪਿੰਡ ਸੁੱਲ੍ਹਾ ਦੇ ਨੌਜਵਾਨਾਂ ਅਤੇ ਸਮੂਹ ਪਿੰਡ ਨਿਵਾਸੀਆਂ ਵੱਲੋਂ ਅੱਜ ਮਾਹਮੂ ਜੋਈਆ ਅੱਡੇ ਉੱਪਰ ਸ਼ਬੀਲ ਅਤੇ ਲੰਗਰ ਲਗਾਇਆ ਗਿਆ। ਜਿਸ ਵਿੱਚ ਪਿੰਡ ਵਾਸੀਆਂ ਅਤੇ ਨੌਜਵਾਨਾਂ ਨੇ ਵੱਧ ਤੋਂ ਵੱਧ ਸਹਿਯੋਗ ਦਿੱਤਾ। ਇਸ ਸਬੰਧ ਵਿੱਚ ਜਦੋਂ ਨੌਜਵਾਨਾਂ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਨੇ ਦੱਸਿਆ ਕਿ ਇਹ ਸ਼ਬੀਲ ਹਰ ਸਾਲ ਲਗਾਈ ਜਾਂਦੀ ਹੈ। ਉਹਨਾਂ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਅੱਜ ਛਬੀਲ ਅਤੇ ਲੰਗਰ ਲਗਾਇਆ ਗਿਆ। ਤਿੰਨੋਂ ਦਿਨ ਗਰਮੀ ਵੱਧ ਰਹੀ ਹੈ ਜਿਸ ਨੂੰ ਦੇਖਦੇ ਹੋਏ ਅੱਜ ਇਹ ਸ਼ਬੀਲ ਲਗਾਈ ਗਈ ਤਾਂ ਜੋ ਆਣ ਜਾਣ ਵਾਲੇ ਇਥੋਂ ਜਲ ਛੱਕ ਕੇ ਰਾਹਤ ਮਹਿਸੂਸ ਕਰਨ। ਉਹਨਾਂ ਨੇ ਕਿਹਾ ਕਿ ਪਿੰਡ ਦੀ ਗ੍ਰਾਮ ਪੰਚਾਇਤ ਨਾਲ ਮਿਲ ਕੇ ਨੌਜਵਾਨਾਂ ਵੱਲੋਂ ਹੋਰ ਵੀ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾਣਗੇ। ਬੱਚਿਆਂ ਦੇ ਲਈ ਖੇਡਾਂ ਦਾ ਪ੍ਰਬੰਧ ਕਰਨਾ ਤਾਂ ਜੋ ਉਹ ਨਸ਼ਿਆਂ ਤੋਂ ਬਚ ਸਕਣ। ਪਿੰਡ ਨੂੰ ਤਰੱਕੀ ਦੇ ਰਾਹ ਤੇ ਲਿਜਾਣ ਵਿੱਚ ਨੌਜਵਾਨਾਂ ਦਾ ਅਹਿਮ ਰੋਲ ਰਹੇਗਾ ਅਤੇ ਇਹ ਸ਼ਬੀਲ ਇਸੇ ਤਰ੍ਹਾਂ ਹਰ ਸਾਲ ਲਗਾਈ ਜਾਵੇਗੀ। ਉਹਨਾਂ ਨੇ ਇਸ ਸ਼ਬੀਲ ਵਿੱਚ ਸਹਿਯੋਗ ਕਰਨ ਵਾਲੇ ਸਾਥੀਆਂ ਦਾ ਪਿੰਡ ਦੇ ਨੌਜਵਾਨਾਂ ਅਤੇ ਗ੍ਰਾਮ ਪੰਚਾਇਤ ਵੱਲੋਂ ਧੰਨਵਾਦ ਕੀਤਾ ਗਿਆ।

# ਨਸ਼ਾ ਮੁਕਤੀ ਯਾਤਰਾ ਨੂੰ ਪਿੰਡ-ਪਿੰਡ ਭਰਵਾਂ ਸਮਰਥਨ-24 ਹੋਰ ਪਿੰਡਾਂ ਵਿਚ ਚੱਲੀ ਜਾਗਰੂਕਤਾ ਮੁਹਿੰਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 9463601616 hardipchumber57@gmail.com





ਫਗਵਾੜਾ:- (ਸ਼ਿਵ ਕੌੜਾ)ਪੰਜਾਬ ਸਰਕਾਰ ਵਲੋਂ ਲੋਕਾਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਦੱਸਣ ਤੇ ਨਸ਼ੇ ਵਿਰੁੱਧ ਲੋਕ ਲਹਿਰ ਖੜ੍ਹੀ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ 'ਨਸ਼ਾ ਮੁਕਤੀ ਯਾਤਰਾ' ਤਹਿਤ ਅੱਜ ਕਪੂਰਥਲਾ ਜਿਲ੍ਹੇ ਦੇ 24 ਹੋਰ ਪਿੰਡਾਂ ਵਿਚ ਸਭਾਵਾਂ ਕੀਤੀਆਂ ਗਈਆਂ ਇਨ੍ਹਾਂ ਪਿੰਡਾਂ ਵਿਚ ਚੱਕ ਹਕੀਮ , ਖੰਗੂੜਾ , ਪਲਾਹੀ , ਖੁਰਮਪੁਰ , ਖਾਟੀ , ਚੱਕ ਜਗਪਾਲਪੁਰ , ਜੱਬੋਵਾਲ , ਰਾਮੇ , ਤਰਫ ਬਹਿਬਲ ਬਹਾਦਰ , ਡੇਰਾ ਸੈਯਦਾਂ , ਗਿੱਲ , ਅਮਰਜੀਤ ਪੁਰ , ਮੰਡੇਰ ਦੋਨਾ , ਕੇਸਰਪੁਰ, ਕਾਂਸੇਪੁਰ , ਘੁੱਗਬੇਟ, ਅਲੌਦੀਪੁਰ , ਡੋਗਰਾਂਵਾਲ, ਮਹਿਮਦਪੁਰ , ਮੁਬਾਰਕਪੁਰ ਸਿਧਵਾਂ , ਸਰੂਪਵਾਲ , ਇੰਨੋਵਾਲ ਤੇ ਜੱਬੋਵਾਲ ਸ਼ਾਮਿਲ ਹਨ, ਜਿੱਥੇ ਵੱਡੀ ਗਿਣਤੀ ਵਿਚ ਲੋਕਾਂ ਨੇ ਨਸ਼ੇ ਵਿਰੁੱਧ ਲੜਾਈ ਦਾ ਅਹਿਦ ਲਿਆ ਇਸ ਮੌਕੇ ਕਪੂਰਥਲਾ ਹਲਕੇ ਦੇ ਪਿੰਡਾਂ ਵਿਚ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਲਲਿਤ ਸਕਲਾਨੀ, ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਵਿਚ ਨਗਰ ਸੁਧਾਰ ਟਰੱਸਟ ਕਪੂਰਥਲਾ ਦੇ ਚੇਅਰਮੈਨ ਸੱਜਣ ਸਿੰਘ ਚੀਮਾ , ਭੁਲੱਥ ਹਲਕੇ ਦੇ ਪਿੰਡਾਂ ਵਿਚ ਡਾਇਰੈਕਟਰ ਜਲ ਸਰੋਤ ਵਿਭਾਗ ਤੇ ਮੈਂਬਰ ਪੰਜਾਬ ਕ੍ਰਿਕਟ ਐਸੋਸੀਏਸ਼ਨ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਤੇ ਫਗਵਾੜਾ ਹਲਕੇ ਵਿਚ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਜੰਗ ਵਿਚ ਹਿੱਸੇਦਾਰੀ ਨਿਭਾਉਣ ਦਾ ਹਲਫ ਦਿਵਾਇਆ।

# ਦਮਦਮੀ ਟਕਸਾਲ ਵੱਲੋਂ ਸਿਮਰਜੀਤ ਸਿੰਘ ਮਾਨ ਨੂੰ ਸਖ਼ਤ ਤਾੜਨਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 9463601616 hardipchumber57@gmail.com

ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਨੇ ਏਜੰਸੀਆਂ ਦੀ ਪੈਦਾਇਸ਼ ਅਤੇ ਅਖੌਤੀ ਖਾਲਿਸਤਾਨੀ ਸਿਮਰਨਜੀਤ ਸਿੰਘ ਮਾਨ ਨੂੰ ਸਖ਼ਤ ਤਾੜਨਾ ਕਰਦੇ ਹੋਏ ਕਿਹਾ ਕਿ ਸਾਨੂੰ ਮਰਿਆਦਾ ਦਾ ਪਾਠ ਪੜਾਉਣ ਤੋਂ ਪਹਿਲਾਂ ਮਾਨ ਇਹ ਦੱਸੇ ਕਿ ਪਿਛਲੇ 25 ਸਾਲ ਤੋਂ ਪੰਥ ਪ੍ਰਵਾਨਿਤ ਜਥੇਦਾਰਾਂ ਦੇ ਸੰਦੇਸ਼ ਦੇਣ ਦਾ ਵਿਰੋਧ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੁੱਲੜਬਾਜੀ ਕਰਨ ਦੀ ਸ਼ਰਾਰਤ ਮਾਨ ਕਿਸ ਏਜੰਸੀ ਦੀ ਸ਼ਹਿ ਤੇ ਕਰਦਾ ਆ ਰਿਹਾ ਹੈ।

ਪਹਿਲਾਂ ਉਹ ਉਸਦੀ ਭੁੱਲ ਬਖਸ਼ਾਏ ਅਤੇ ਫਿਰ ਸਾਨੂੰ ਮਰਿਆਦਾ ਦਾ ਪਾਠ ਪੜ੍ਹਾਵੇ । ਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਜੂਨ 1984 ਦੇ ਸ਼ਹੀਦੀ ਸਮਾਗਮਾਂ ਦਾ ਘੋਰ ਦੋਖੀ ਹੈ ਪਹਿਲਾ ਮਾਨ ਇਹ ਦੱਸੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਦੇ 400 ਸਾਲਾ ਸਮਾਗਮ ਵਿੱਚ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸਿੱਖਾਂ ਦੀਆਂ ਦਸਤਾਰਾਂ ਲੁਹਾਈਆਂ ਅਤੇ ਪੰਥ ਦੇ ਸਮਾਗਮ ਨੂੰ ਏਜੰਸੀਆਂ ਦੀ ਸ਼ਹਿ 'ਤੇ ਤਾਰ ਪੀੜ ਕੀਤਾ ।



ਪਹਿਲਾ ਮਾਨ ਨੇ ਆਪ ਹੀ ਸਰਬੱਤ ਖਾਲਸਾ ਸਦਕੇ ਜਥੇਦਾਰ ਭਾਈ ਜਗਤਾਰ ਸਿੰਘ ਜੀ ਹਵਾਰਾ ਜੋ ਪੰਥ ਵਾਸਤੇ ਲੰਮੇ ਸਮੇਂ ਤੋਂ ਜੇਲ ਕੱਟ ਰਹੇ ਹਨ ਉਹਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਜਥੇਦਾਰ ਅਤੇ ਭਾਈ ਧਿਆਨ ਸਿੰਘ ਮੰਡ ਨੂੰ ਕਾਰਜਕਾਰੀ ਜਥੇਦਾਰ ਥਾਪਿਆ ਸੀ ਅੱਜ ਮਾਨ ਭਾਈ ਹਵਾਰੇ ਅਤੇ ਭਾਈ ਮੰਡ ਨਾਲ ਗਦਾਰੀ ਕਰਕੇ ਉਹਨਾਂ ਦੀ ਜਥੇਦਾਰੀ ਕਿਸ ਮੁੱਲ ਵਿੱਚ ਗੜਗੱਜ ਨੂੰ ਵੇਚ ਰਿਹਾ ਹੈ।

2016 ਦੀ ਦਿਵਾਲੀ ਸਮੇਂ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਸੰਦੇਸ਼ ਦੇ ਰਹੇ ਸਨ ਤਾਂ ਮਾਨ ਨੇ ਆਪਣੇ ਸ਼ਰਾਰਤੀ ਗੁੰਡਿਆਂ ਨੂੰ ਨਾਲ ਲੈ ਕੇ ਦਰਸ਼ਨੀ ਡਿਓੜੀ 'ਤੇ ਚੜ ਕੇ ਤੋਸ਼ੇ ਖਾਨੇ ਅਤੇ ਦਰਸ਼ਨੀ ਦੇ ਦਰਵਾਜੇ ਤੇ ਕਿਰਪਾਨਾ ਮਾਰੀਆਂ ਸਨ। ਮਾਨ ਨੂੰ ਇਹ ਜਵਾਬ ਦੇਣਾ ਚਾਹੀਦਾ ਹੈ ਕਿ ਇਸ ਕਾਰਵਾਈ ਲਈ ਏਜੰਸੀਆਂ ਨੇ ਉਸ ਨੂੰ ਕਿਸ ਮੁੱਲ ਵਿੱਚ ਖਰੀਦਿਆ ਸੀ ਮਾਨ ਜੋ ਕਿ ਆਪਣੇ ਗਦਾਰ ਨਾਨੇ ਅਰੂੜ ਸਿੰਘ ਜਿਸ ਦਾ ਖੂਨ ਇਹ ਆਪਣੀਆਂ ਰਗਾਂ ਵਿੱਚ ਲਈ ਬੈਠਾ ਹੈ। ਉਸ ਖੂਨ ਦਾ ਕਰਜ ਉਤਾਰਦੇ ਹੋਏ ਇਸ ਨੇ ਫਰੀਦਕੋਟ ਦੇ ਐਸਐਸਪੀ ਦੇ ਕਾਰਜਕਾਲ ਸਮੇਂ ਮੌਤੇ ਦੀ ਸਰਾਂ ਵਿਖੇ ਗੁਰਦੁਆਰਾ ਸਾਹਿਬ ਤੇ ਗੋਲੀਆਂ ਚਲਵਾਈਆਂ ਅਤੇ ਚਾਰ ਨਿਹੰਗ ਸਿੰਘਾਂ ਨੂੰ ਗੋਲੀਆਂ ਨਾਲ ਸ਼ਹੀਦ ਕੀਤਾ।

ਪਰ ਅੱਜ ਤੱਕ ਇਸ ਸ਼ਰਾਰਤੀ ਅਨਸਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣੇ ਗੁਨਾਹਾਂ ਦੀ ਭੁੱਲ ਨਹੀਂ ਬਖਸ਼ਾਈ ਸਗੋਂ ਸਦਾ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਵੰਗਾਰਿਆ ਹੈ ਘੋਰ ਬੇਅਦਬੀ ਕੀਤੀ। ਸਿੱਖਾਂ ਦੀਆਂ ਦਸਤਾਰਾਂ ਲੁਹਾਈਆਂ ਹੁੜਦੰਗ ਮਚਾਇਆ। ਕੋਈ ਵੀ ਸ਼ਹੀਦੀ ਸਮਾਗਮ ਅੱਜ ਤੱਕ ਸ਼ਾਂਤੀ ਨਾਲ ਨਹੀਂ ਹੋਣ ਦਿੱਤਾ ਅੱਜ ਵੀ ਇਹ ਇਨਸਾਨ ਪੰਥ ਤੋਂ ਨਕਾਰੇ ਹੋਏ ਜਥੇਦਾਰ ਨੂੰ ਸਿੱਖ ਕੌਮ ਦੇ ਸਿਰ 'ਤੇ ਮੜ੍ਹਨ ਦਾ ਯਤਨ ਕਰ ਰਿਹਾ ਹੈ।

# ਘਨੌਰ ਪੁਲਸ ਦੀ ਸ਼ਰਮਨਾਕ ਹਰਕਤ,ਸਿਆਲੂ ਪਿੰਡ ਦੀ ਦਲਿਤ ਐਡਵੋਕੇਟ ਕੁੜੀ ਦੇ ਮਾਰੇ ਥੱਪੜ , ਹਸਪਤਾਲ ਚ ਦਾਖਲ। ਐਡਵੋਕੇਟ ਜਸਪਾਲ ਸਿੰਘ, ਰਾਜਿੰਦਰ ਚੱਪੜ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਪਟਿਆਲਾ ਜਗਤਾਰ ਸਿੰਘ ਰੇੜ੍ਹੇਵਾਲ -- ਵਿਧਾਨ ਸਭਾ ਘਨੌਰ ਦੇ ਪਿੰਡ ਸਿਆਲੂ ਦੀ ਸਮਸ਼ਾਨਘਾਟ ਦਾ ਮਸਲਾ ਦਿਨੋ-ਦਿਨ ਉਲਝਾਇਆ ਜਾ ਰਿਹਾ ਹੈ।ਸੰਵਿਧਾਨ ਮੁਤਾਬਕ ਹੇਠਲੀ ਅਦਾਲਤ ਵਲੋ ਪਿੰਡ ਦੀ ਪੰਚਾਇਤ ਵੱਲੋ ਧੱਕੇ ਨਾਲ ਕੀਤੇ ਕਬਜੇ ਤੇ ਪੰਚਾਇਤ ਨੂੰ ਰੋਕਣ ਲਈ ਝਗੜੇ ਵਾਲੀ ਥਾਂ ਤੇ ਸਟੇਅ ਆਡਰ ਕਰ ਦਿੱਤੇ ਸਨ ਤਾਂ ਜੋ ਦਲਿਤ ਵਰਗ ਨਾਲ ਸਬੰਧਤ ਸਮਸ਼ਾਨਘਾਟ ਦਾ ਮਸਲਾ ਸੁਲਝਾਇਆ ਜਾ ਸਕੇ।



ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਾਜਿੰਦਰ ਸਿੰਘ ਚੱਪੜ, ਪ੍ਰਧਾਨ ਬਸਪਾ ਹਲਕਾ ਰਾਜਪੁਰਾ , ਗੁਰਦਾਸ ਸਿੰਘ ਘੜਾਮਾ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਰਵੱਈਆ ਅਤੇ ਪੁਲਿਸ ਦੀ ਧੱਕੇਸ਼ਾਹੀ ਰੁਕਣ ਦੀ ਵਜਾਏ ਵਧਦੀ ਹੀ ਜਾ ਰਹੀ ਹੈ।ਹੱਦ ਤਾਂ ਉਸ ਵੇਲੇ ਹੋ ਗਈ ਜਦ ਪੁਲਿਸ ਮੁਲਾਜ਼ਮ ਧੱਕੇ ਨਾਲ ਸਮਸ਼ਾਨਘਾਟ ਵਿੱਚ ਵੱਡੇ ਹੋਏ ਦਰਖੱਤ ਚੁੱਕਣ ਆ ਗਏ। ਜਦੋਂ ਪਿੰਡ ਦੀ ਦਲਿਤ ਵਰਗ ਨਾਲ ਸਬੰਧਤ ਐਡਵੋਕੇਟ ਲੜਕੀ ਸਿਮਰਨਪ੍ਰੀਤ ਕੌਰ ਨੇ ਪੁਲਿਸ ਅਫਸਰ ਨੂੰ ਦਰਖੱਤ ਚੁੱਕਣ ਲਈ ਸਬੂਤ ਮੰਗਿਆ ਤਾਂ ਔਰਤਾ ਦੀ ਇੱਜਤ ਬਚਾਉਣ ਦਾ ਦਮ ਭਰਨ ਵਾਲੀ ਆਪ ਸਰਕਾਰ ਦੇ ਪੁਲਿਸ ਅਫਸਰ ਨੇ ਐਡਵੋਕੇਟ ਕੁੜੀ ਨੂੰ ਥੱਪੜ ਮਾਰਨੇ ਸੁਰੂ ਕਰ ਦਿੱਤੇ । ਮੌਕੇ ਤੇ ਲੋਕਾਂ ਨੇ ਵਕੀਲ ਕੁੜੀ ਛੁਡਾਉਣ ਤੋ ਬਾਅਦ ਸਰਕਾਰੀ ਹਸਪਤਾਲ ਰਾਜਪੁਰਾ ਦਾਖਲ ਕਰਵਾਇਆ ਜਿੱਥੇ ਵਕੀਲ ਸਿਮਰਨਪ੍ਰੀਤ ਕੋਰ ਜੇਰੇ ਇਲਾਜ ਹੈ।ਬਸਪਾ ਵਫ਼ਦ ਜੇਰੇ ਇਲਾਜ ਕੁੜੀ ਨੂੰ ਮਿਲਿਆ ਅਤੇ ਇਨਸਾਫ ਦਿਵਾਉਣ ਲਈ ਐਸ ਡੀ ਐਮ ਰਾਜਪੁਰਾ ਅਤੇ ਡੀ ਐਸ ਪੀ ਘਨੌਰ ਨੂੰ ਮਿਲ ਕੇ ਪੁਲਿਸ ਅਫਸਰ ਤੇ ਕਾਨੂੰਨੀ ਕਾਰਵਾਈ ਕਰਵਾਉਣ ਦਾ ਵਿਸ਼ਵਾਸ ਦਿਵਾਇਆ। ਵਫਦ ਦੀ ਅਗਵਾਈ ਕਰ ਰਹੀ ਬਸਪਾ ਲੀਡਰਸ਼ਿਪ ਨੇ ਦੱਸਿਆ ਕਿ ਜੇਕਰ ਇਨਸਾਫ ਨਾ ਮਿਲਿਆ ਤਾਂ ਸੰਘਰਸ਼ ਦਾ ਰਸਤਾ ਅਪਣਾਇਆ ਜਾਵੇਗਾ।ਇਸ ਮੌਕੇ ਤੇ ਐਡਵੋਕੇਟ ਜਸਪਾਲ ਸਿੰਘ ਇੰਚਾਰਜ ਬਸਪਾ ਜਿਲਾ ਪਟਿਆਲਾ,ਰਾਜਿੰਦਰ ਸਿੰਘ ਚੱਪੜ ਪ੍ਰਧਾਨ ਵਿਧਾਨ ਸਭਾ ਰਾਜਪੁਰਾ ,ਕੁਲਦੀਪ ਸਿੰਘ ਸੁਹਰੋਂ ਇੰਚਾਰਜ ਜਿਲਾ ਪਟਿਆਲਾ,ਗੁਰਦਾਸ ਸਿੰਘ ਘੜਾਮਾ ਜਨਰਲ ਸਕੱਤਰ ਜਿਲਾ ਪਟਿਆਲਾ,ਸੁਖਵਿੰਦਰ ਸਿੰਘ ਤੇਪਲਾ ਪ੍ਰਧਾਨ ਵਿਧਾਨ ਸਭਾ ਘਨੌਰ, ਨੈਬ ਸਿੰਘ ਅਤੇ ਕੇਸਰ ਸਿੰਘ ਹਰਪਾਲਪੁਰ ਸਮੇਤ ਪਿੰਡ ਸਿਆਲੂ ਦੇ ਪਤਵੰਤੇ ਮੌਜੂਦ ਸਨ।

# ਅਨੰਦ ਨਗਰ ਕਰਤਾਰਪੁਰਾ ਬਸਤੀ ਸੰਗਰੂਰ ਵਿਖੇ ਠੇਕਾ ਬੰਦ ਕਰਾਉਣ ਲਈ ਮਹੱਲੇ ਵੱਲੋਂ ਤੇ ਬਸਪਾ ਆਗੂਆਂ ਵੱਲੋਂ ਰੋਸਮਈ ਪ੍ਰਦਰਸ਼ਨ

## ਆਮ ਆਦਮੀ ਪਾਰਟੀ ਦਾ ਕੀਤਾ ਮਹੱਲੇ ਵਾਲਿਆਂ ਨੇ ਪਿੱਟ ਸਿਆਪਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ( ) ਕਰਤਾਰਪੁਰਾ ਬਸਤੀ ਆਨੰਦ ਨਗਰ ਵਿਖੇ ਇੱਕ ਸ਼ਰਾਬ ਦਾ ਠੇਕਾ ਕਰਤਾਰਪੁਰ ਬਸਤੀ ਗੁਰਦੁਆਰਾ ਸਾਹਿਬ ਦੇ ਲਗਭਗ ਸਾਹਮਣੇ ਕਈ ਸਾਲਾਂ ਤੋਂ ਚੱਲ ਰਿਹਾ ਹੈ, ਇਸ ਸਬੰਧੀ ਲੋਕਾਂ ਦਾ ਬੇਹੱਦ ਰੋਸ ਚੱਲ ਰਿਹਾ ਹੈ ਬਸਤੀ ਵਾਲੇ ਲੋਕ ਇਸ ਠੇਕੇ ਨੂੰ ਬੰਦ ਕਰਾਉਣ ਲਈ ਕਈ ਸਾਲਾਂ ਤੋਂ ਜ਼ੋਰ ਲਾ ਰਹੇ ਹਨ ਇਹ ਠੇਕਾ ਤਾਂ ਬੰਦ ਕੀ ਕਰਨਾ ਸੀ ਸਗੋਂ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਨਾਲ ਲੱਗਦੀ ਅਨੰਦ ਬਸਤੀ ਸੰਗਰੂਰ ਵਿੱਚ ਧੱਕੇ ਨਾਲ ਨਵਾਂ ਠੇਕਾ ਖੋਲਿਆ ਜਾ ਰਿਹਾ ਹੈ।ਸਰਕਾਰ ਦੀਆਂ ਨੀਤੀਆਂ *ਨਸ਼ਿਆਂ ਵਿਰੁੱਧ ਯੁੱਧ*ਬੁਰੀ ਤਰ੍ਹਾਂ ਉਸ ਵਕਤ ਫੇਲ ਹੁੰਦੀ ਨਜ਼ਰ ਆਇਆ ਜਦੋਂ ਇੱਕ ਨਵਾਂ ਠੇਕਾ ਕਰਤਾਰਪੁਰਾ ਨਾਲ ਲੱਗਦੀ ਬਸਤੀ ਆਨੰਦ ਨਗਰ ਦੇ ਵਿੱਚ ਲੋਕਾਂ ਦੇ ਭਰਭੂਰ ਰੋਸ ਹੋਣ ਦੇ




ਬਾਵਜੂਦ ਵੀ ਐਕਸਾਈਜ਼ ਮਹਿਕਮਾ ਅਤੇ ਸਰਕਾਰ ਧੱਕੇ ਨਾਲ ਸ਼ਰਾਬ ਦਾ ਠੇਕਾ ਖੋਲ ਰਹੀ ਹੈ ਮੌਕੇ ਤੇ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ ਜਿਨਾਂ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਿਲ ਸਨ ,ਉਹਨਾਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਮੌਕੇ ਤੇ ਸ੍ਰ ਰਪਦੰਮਣ ਸਿੰਘ ਰਿਪੂ ਜੋ ਕਿ ਤੀਜੀ ਵਾਰੀ ਉਸ ਵਾਰਡ ਦਾ ਐਮ ਸੀ ਚੱਲ ਰਿਹਾ ਹੈ, ਉਹ ਵੀ ਹਾਜ਼ਰ ਸਨ ।ਪਰ ਉਹ ਵੀ ਪਹਿਲਾ ਠੇਕਾ ਬੰਦ ਕਰਾਉਣ ਵਿੱਚ ਬੇਵਸ ਬੇਬਸ ਨਜ਼ਰ ਆਇਆ, ਸਰਕਾਰ ਨੇ ਪਹਿਲਾ ਸ਼ਰਾਬ ਦਾ ਠੇਕਾ ਤਾਂ ਬੰਦ ਕੀ ਕਰਨਾ ਸੀ ਸਗੋਂ ਦੂਜਾ ਠੇਕਾ ਨਾਲ ਲੱਗਦੀ ਬਸਤੀ ਆਨੰਦ ਨਗਰ ਵਿੱਚ ਖੋਲ ਦਿੱਤਾ ਹੈ, ਠੇਕੇ ਦੇ ਨਾਲ ਨੌਜਵਾਨ ਬੱਚਿਆਂ ਲਈ ਖੇਡਣ ਲਈ ਪਾਰਕ ਬਣਿਆ ਹੋਇਆ ਹੈ। ਲੋਕਾਂ ਦੇ ਰਿਹਾਇਸ਼ੀ ਮਕਾਨ ਹਨ। ਲੋਕਾਂ ਦਾ ਬੇਹੱਦ ਰੋਹ ਹੈ ਪਹਿਲਾ ਠੇਕਾ ਬੰਦ ਨਹੀਂ ਹੋਇਆ ਤੇ ਦੂਜਾ ਠੇਕਾ ਸਰਕਾਰ ਨੇ ਹੋਰ ਖੋਲ ਦਿੱਤਾ ਹੈ ਇਸ ਮੌਕੇ ਤ ਸ੍ ਚਮਕੌਰ ਸਿੰਘ ਵੀਰ ਸੂਬਾ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਆਪਣੀ ਟੀਮ ਨਾਲ ਪਹੁੰਚੇ ਉਹਨਾਂ ਨੇ ਬੋਲਦਿਆਂ ਕਿਹਾ ਕਿ ਸਰਕਾਰ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਰੰਗਲਾ ਬਣਾਉਣ ਦੀ ਬਜਾਏ ਗੰਦਲਾ ਪੰਜਾਬ ਬਣਾ ਰਹੀ ਹੈ ਅਤੇ ਆਮ ਆਦਮੀ ਪਾਰਟੀ ਨੂੰ ਬਦਲਾਓ ਵਜੋਂ ਲੋਕਾਂ ਨੇ ਪਰਖਿਆ ਸੀ ਅਤੇ ਹੁਣ ਆਮ ਆਦਮੀ ਪਾਰਟੀ ਤੋਂ ਆਮ ਜਨਤਾ ਦਾ ਮੋਹ ਭੰਗ ਹੋ ਚੁੱਕਾ ਹੈ। ਉਹਨਾਂ ਬੋਲਦਿਆਂ ਕਿਹਾ ਕਿ ਸ ਹਰਪਾਲ ਸਿੰਘ ਚੀਮਾ ਜੋ ਕਿ ਐਕਸਾਈਜ਼ ਦੇ ਮੰਤਰੀ ਹਨ, ਜੇਕਰ ਦੋਨੋਂ ਠਿੱਕ ਤੁਰੰਤ ਬੰਦ ਨਾ ਕੀਤੇ ਤਾਂ ਬਹੁਜਨ ਸਮਾਜ ਪਾਰਟੀ ਬਸਤੀ ਵਾਲੇ ਲੋਕਾਂ ਨੂੰ ਨਾਲ ਲੈ ਕੇ ਸੰਘਰਸ਼ ਵਿੱਡੇਗੀ ਅਤੇ ਇਹ ਠੇਕਾ ਕਿਸੇ ਵੀ ਕੀਮਤ ਤੇ ਉਸ ਜਗ੍ਹਾ ਤੇ ਚੱਲਣ ਨਹੀਂ ਦੇਵੇਗੀ ਇਸ ਸਮੇਂ ਸਤਿਗੁਰ ਸਿੰਘ ਕੌਹਰੀਆਂ ਜਿਲਾ ਪ੍ਰਧਾਨ ਬਸਪਾ ਸੰਗਰੂਰ, ਪਵਿੱਤਰ ਸਿੰਘ ਹਲਕਾ ਇੰਚਾਰਜ ਸੁਨਾਮ, ਨਿਰਮਲ ਸਿੰਘ ਮੱਟੂ, ਸੂਬੇਦਾਰ ਰਣਧੀਰ ਸਿੰਘ ਨਾਗਰਾ, ਲਾਭ ਸਿੰਘ ਮੰਗਵਾਲ, ਰੂਪ ਸਿੰਘ, ਕਰਨੈਲ ਸਿੰਘ, ਸਰਬਜੀਤ ਸਿੰਘ ਪ੍ਰਧਾਨ ਅਨੰਦ ਨਗਰ, ਕੁਲਵੰਤ ਸਿੰਘ, ਕਰਮਜੀਤ ਸਿੰਘ ਹਰੀਗੜ੍ਹ, ਜਸਵਿੰਦਰ ਸਿੰਘ, ਜੀਵਨ ਸਿੰਘ, ਜਗਦੀਸ਼ ਸਿੰਘ, ਸੁੱਖਜੀਤ ਸਿੰਘ, ਰੋਹਿਤ ਸਿੰਘ, ਸੁਰਿੰਦਰ ਕੌਰ, ਰਾਣੀ ਕੌਰ, ਬਬਲੀ ਕੌਰ, ਪਰਮਿੰਦਰ ਕੌਰ, ਪੂਨਮ ਆਦਿ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਅਕਾਲ ਅਕੈਡਮੀ ਥੇਹ ਕਲੰਦਰ ਵਿਖੇ " ਵਿਸ਼ਵ ਤੰਬਾਕੂ ਰਹਿਤ ਦਿਵਸ" ਮਨਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ,31 ਮਈ (ਜਗਸੀਰ ਲੌਂਗੋਵਾਲ)- ਕਲਗੀਧਰ ਟਰੱਸਟ ਬੜੂ ਸਾਹਿਬ ਦੀ ਸ਼ਾਖਾ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ "ਵਿਸ਼ਵ ਤੰਬਾਕੂ ਰਹਿਤ ਦਿਵਸ " ਬੜੇ ਉਤਸ਼ਾਹ ਤੇ ਜੋਸ਼ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਆਯੋਜਨ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਗੁਰਜੀਤ ਕੌਰ ਸਿੱਧੂ ਦੀ ਅਗਵਾਈ ਹੇਠ ਡਿਸ਼ਿਪਲਿਨ ਕਮੇਟੀ



ਇੰਚਾਰਜ ਸ਼੍ਰੀਮਾਨ ਪ੍ਰਦੀਪ ਕੁਮਾਰ ਅਤੇ ਸਾਇੰਸ ਵਿਭਾਗ ਇੰਚਾਰਜ ਸਰਦਾਰ ਜੱਸਾ ਸਿੰਘ ਵੱਲੋਂ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਲੋਕਾਂ ਨੂੰ ਤੰਬਾਕੂ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨਾ ਸੀ। ਇਸ ਵਿੱਚ ਸੱਤਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਪੋਸਟਰ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਰਾਹੀਂ ਨਸ਼ਿਆਂ ਦੀ ਰੋਕਥਾਮ ਬਾਰੇ ਜਾਗਰੂਕਤਾ ਫੈਲਾਈ ਗਈ। ਵਿਦਿਆਰਥੀਆਂ ਨੇ ਬੜੀ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ ਅਤੇ ਨਸ਼ੇ ਦੇ ਖਿਲਾਫ ਆਪਣੇ ਵਿਚਾਰ ਪੋਸਟਰ ਰਾਹੀਂ ਪ੍ਰਗਟ ਕੀਤੇ। ਇਸ ਮੌਕੇ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਕਿਹਾ ਕਿ, ਪੰਜਾਬ ਵਿੱਚ ਛੇਵਾਂ ਦਰਿਆ ਨਸ਼ਿਆਂ ਦਾ ਵਗ ਰਿਹਾ ਹੈ ਜਿਸ ਦੀ ਰੋਕਥਾਮ ਕਰਨਾ ਬਹੁਤ ਜਰੂਰੀ ਹੈ ਅਜਿਹੀਆਂ ਭੈੜੀਆਂ ਅਲਾਮਤਾਂ ਤੂੰ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੇ ਅਕਾਲ ਅਕੈਡਮੀ ਵੱਲੋਂ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਮੁਹਿੰਮਾਂ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ।

# ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਕਾਲ ਅਕੈਡਮੀ ਢੋਟੀਆਂ ਵਿਖੇ ਛਬੀਲ ਲਗਾਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ, 31 ਮਈ (ਜਗਸੀਰ ਲੌਂਗੋਵਾਲ)- ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਢੋਟੀਆਂ ਵਿਖੇ ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜਾ ਮਨ੍ਹਾਇਆ ਗਿਆ। ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਹੋਇਆ ਅਕਾਲ ਅਕੈਡਮੀ ਢੋਟੀਆਂ ਵਿਖੇ ਸਮੂਹ ਅਧਿਆਪਕਾਂ ਦੇ ਸਹਿਯੋਗ ਨਾਲ ਗੁਰਬਾਣੀ ਦੇ ਜਾਪ, ਸਹਿਜ ਪਾਠ ਦੇ ਭੋਗ ਪਾਏ ਗਏ ਅਤੇ ਗੁਰਮਤਿ ਵਿਚਾਰਾ ਕੀਤੀਆਂ ਇਸ



ਤੋਂ ਬਾਅਦ ਵਿਦਿਆਰਥੀਆਂ ਦੇ ਮਾਤਾ-ਪਿਤਾ ਤੇ ਅਧਿਆਪਕ ਸਾਹਿਬਾਨ ਨਾਲ ਗਰਮੀ ਦੀਆਂ ਛੁੱਟੀਆਂ ਦੇ ਕੰਮ ਦੇ ਸੰਬੰਧ ਵਿੱਚ ਗੱਲਬਾਤ ਕੀਤੀ। ਇਸ ਦੇ ਨਾਲ ਹੀ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਅਕਾਲ ਅਕੈਡਮੀ ਸਟਾਫ਼ ਵੱਲੋਂ ਇੱਕ ਚੰਗਾ ਸ਼ਲਾਗਾਯੋਗ ਉਪਰਾਲਾ ਕੀਤਾ ਗਿਆ ਹੈ ਜਿਸ ਵਿੱਚ ਪੰਛੀਆਂ ਦੀ ਘੱਟ ਦੀ ਜਾ ਰਹੀ ਗਿਣਤੀ ਨੂੰ ਮੁੱਖ ਰੱਖਦਿਆਂ ਅਕੈਡਮੀ ਵਿੱਚ ਮਿੱਟੀ ਤੋਂ ਬਣਾਏ ਹੋਏ ਕੁਜਿਆਂ ਨੂੰ ਆਏ ਹੋਏ ਮਾਤਾ ਪਿਤਾ ਅਤੇ ਵਿਦਿਆਰਥੀਆਂ ਨੂੰ ਵੰਡੇ ਗਏ ਤਾਂ ਜੋ ਪੰਛੀ ਆਪਣੀ ਪਿਆਸ ਨੂੰ ਪੂਰਾ ਕਰ ਸਕਣ। ਇਸ ਤੋਂ ਇਲਾਵਾ ਅਧਿਆਪਕਾਂ ਵਲੋਂ ਵਿਦਿਆਰਥੀਆਂ ਨੂੰ ਸੁਨੇਹਾ ਦਿੰਦੇ ਹੋਏ ਕਿਹਾ ਗਿਆ, ਕਿ ਇਹਨਾਂ ਮਿੱਟੀ ਦੇ ਭਾਂਡਿਆਂ ਵਿੱਚ ਸਵੇਰੇ ਸ਼ਾਮ ਪੰਛੀਆਂ ਦੀ ਪਿਆਸ ਨੂੰ ਮੁੱਖ ਰੱਖਦਿਆਂ ਹੋਇਆਂ ਪਾਣੀ ਪਾਉਣ ਦੀ ਹਦਾਇਤ ਕੀਤੀ ਗਈ। ਇਸ ਸੰਬੰਧੀ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਰਮਨਦੀਪ ਕੌਰ ਨੇ ਵਿਦਿਆਰਥੀਆ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਗੁਰੂ ਅਰਜਨ ਦੇਵ ਜੀ ਦੀ ਅਦੁੱਤੀ ਸ਼ਹਾਦਤ ਅਤੇ ਜੀਵਨ ਦੇ ਚਾਨਣਾ ਪਾਉਦੇ ਹੋਏ ਉਹਨਾਂ ਦੇ ਦੱਸੇ ਮਾਰਗ ਤੇ ਚੱਲਣ ਦੀ ਅਪੀਲ ਕੀਤੀ ਅਤੇ ਉਹਨਾਂ ਨੇ ਕਿਹਾ ਸਾਨੂੰ ਆਪਣੀ ਸਿੱਖੀ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਦੁੱਖ ਤਕਲੀਫਾਂ ਸਮੇਂ ਸਾਨੂੰ ਘਬਰਾਉਣਾ ਨਹੀ ਚਾਹੀਦਾ ਸਗੋਂ ਉਸ ਸਮੇਂ ਸਰਬ ਸਾਂਝੇ ਗੁਰੂ ਦਾ ਆਸਰਾ ਲੈਣਾ ਚਾਹੀਦਾ ਹੈ ਅਤੇ ਉਸ ਅੱਗੇ ਰੱਖਿਆਂ ਲਈ ਬੇਨਤੀ ਕਰਨੀ ਚਾਹੀਦੀ ਹੈ। ਸਾਰੇ ਸਟਾਫ਼ ਨੇ ਗੁਰੂ ਅਰਜਨ ਦੇਵ ਜੀ ਸ਼ਹੀਦੀ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਕਾਲ ਅਕੈਡਮੀ ਫਤਿਹਗੜ੍ਹ ਛੰਨਾਂ ਵਿਖੇ ਛਬੀਲ ਲਗਾਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ,31 ਮਈ (ਜਗਸੀਰ ਲੌਂਗੋਵਾਲ)- ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਫਤਿਹਗੜ੍ਹ ਛੰਨਾਂ ਵਿਖੇ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਸਾਹਿਬ ਜੀ




ਦੇ ਸ਼ਹੀਦੀ ਦਿਹਾੜਾ ਮਨ੍ਹਾਇਆ ਗਿਆ। ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਹੋਇਆ ਅਕਾਲ ਅਕੈਡਮੀ ਫਤਿਹਗੜ੍ਹ ਛੰਨਾਂ ਵਿਖੇ ਸਮੂਹ ਅਧਿਆਪਕਾਂ ਦੇ ਸਹਿਯੋਗ ਨਾਲ ਗੁਰਬਾਣੀ ਦੇ ਜਾਪ ਤੇ ਗੁਰਮਤਿ ਵਿਚਾਰਾ ਕੀਤੀਆਂ ਇਸ ਤੋਂ ਬਾਅਦ ਵਿਦਿਆਰਥੀਆਂ ਦੇ ਮਾਤਾ-ਪਿਤਾ ਅਤੇ ਅਧਿਆਪਕ ਸਾਹਿਬਾਨ ਨਾਲ ਗਰਮੀ ਦੀਆਂ ਛੁੱਟੀਆਂ ਦੇ ਕੰਮ ਦੇ ਸੰਬੰਧ ਵਿੱਚ ਗੱਲਬਾਤ ਕੀਤੀ ਗਈ। ਇਸ ਦੇ ਨਾਲ ਹੀ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਹ ਸਮਾਗਮ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਅਤੇ ਗੁਰਮਤਿ ਅਧਿਆਪਕ ਗੁਰਪ੍ਰੀਤ ਸਿੰਘ ਦੀ ਰਹਿਨੁਮਈ ਹੇਠ ਹੋਇਆ।

ਇਸ ਸੰਬੰਧੀ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਰਵਿੰਦਰ ਕੌਰ ਨੇ ਵਿਦਿਆਰਥੀਆ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਗੁਰੂ ਅਰਜਨ ਦੇਵ ਜੀ ਦੀ ਅਦੁੱਤੀ ਸ਼ਹਾਦਤ ਅਤੇ ਜੀਵਨ ਦੇ ਚਾਨਣਾ ਪਾਉਦੇ ਹੋਏ ਉਹਨਾਂ ਦੇ ਦੱਸੇ ਮਾਰਗ ਤੇ ਚੱਲਣ ਦੀ ਅਪੀਲ ਕੀਤੀ ਅਤੇ ਉਹਨਾਂ ਨੇ ਕਿਹਾ ਸਾਨੂੰ ਆਪਣੀ ਸਿੱਖੀ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਦੁੱਖ ਤਕਲੀਫਾਂ ਸਮੇਂ ਸਾਨੂੰ ਘਬਰਾਉਣਾ ਨਹੀ ਚਾਹੀਦਾ ਸਗੋਂ ਉਸ ਸਮੇਂ ਸਰਬ ਸਾਂਝੇ ਗੁਰੂ ਦਾ ਆਸਰਾ ਲੈਣਾ ਚਾਹੀਦਾ ਹੈ ਅਤੇ ਉਸ ਅੱਗੇ ਰੱਖਿਆਂ ਲਈ ਬੇਨਤੀ ਕਰਨੀ ਚਾਹੀਦੀ ਹੈ। ਸਾਰੇ ਸਟਾਫ਼ ਨੇ ਗੁਰੂ ਅਰਜਨ ਦੇਵ ਜੀ ਸ਼ਹੀਦੀ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ।

# ਦੁਨੀਆਂ ਵਿੱਚ ਸਭ ਤੋਂ ਸ਼ਕਤੀਸ਼ਾਲੀ ਕੌਣ ਹੈ, ਕਾਰਜਪਾਲਿਕਾ ਜਾਂ ਨਿਆਂਪਾਲਿਕਾ? ਕੀ ਅਹੁਦਾ ਵਧਿਆ ਜਾਂ ਇਸ ਅਹੁਦੇ 'ਤੇ ਬੈਠੇ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ ਵਧੀ?

**ਵਿਵਹਾਰਕ ਤੌਰ 'ਤੇ, ਦੁਨੀਆ ਵਿੱਚ ਸ਼ਾਸਨ ਦੇ ਤਿੰਨ ਅੰਗਾਂ, ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਦੇ ਅਧਿਕਾਰਾਂ ਅਤੇ ਸ਼ਕਤੀਆਂ ਵਿੱਚ ਸੰਤੁਲਨ ਹੈ।, ਦੁਨੀਆ ਵਿੱਚ ਕੋਈ ਵੀ ਅਹੁਦਾ ਸ਼ਕਤੀਸ਼ਾਲੀ ਨਹੀਂ ਹੈ, ਕਿਸੇ ਅਹੁਦੇ ਦੀ ਸ਼ਕਤੀ ਅਹੁਦੇ 'ਤੇ ਬੈਠੇ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ ਦੁਆਰਾ ਨਿਰਧਾਰਤ ਹੁੰਦੀ ਹੈ, ਸਹੀ ਵਿਚਾਰ- ਐਡਵੋਕੇਟ ਕਿਸ਼ਨ ਸਨਮੁਖਦਾਸ ਭਵਾਨੀ ਗੋਂਡੀਆ ਮਹਾਰਾਸ਼ਟਰ**

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਗੋਂਡੀਆ- ਵਿਸ਼ਵ ਪੱਧਰ 'ਤੇ, ਅਸੀਂ ਅਕਸਰ ਲੋਕਤੰਤਰ ਦੇ ਚਾਰ ਥੰਮ੍ਹਾਂ, ਵਿਧਾਨਪਾਲਿਕਾ, ਕਾਰਜਪਾਲਿਕਾ, ਨਿਆਂਪਾਲਿਕਾ ਅਤੇ ਮੀਡੀਆ ਅਤੇ ਉਨ੍ਹਾਂ ਦੇ ਅਧਿਕਾਰਾਂ, ਕਰਤੱਵਾਂ, ਜਵਾਬਦੇਹੀ ਅਤੇ ਕੰਮ ਦੇ ਖੇਤਰਾਂ ਬਾਰੇ ਸੁਣਦੇ ਅਤੇ ਪੜ੍ਹਦੇ ਹਾਂ। ਕੁਦਰਤੀ ਤੌਰ 'ਤੇ, ਚਾਰ ਥੰਮ੍ਹਾਂ ਦੇ ਕੰਮ, ਅਧਿਕਾਰ ਅਤੇ ਕਰਤੱਵਾਂ ਦੇ ਵੱਖੋ-ਵੱਖਰੇ ਖੇਤਰ ਹਨ, ਪਰ ਉਨ੍ਹਾਂ ਦੀ ਇੱਕ ਦੂਜੇ ਨਾਲ ਤੁਲਨਾ ਨਹੀਂ ਕੀਤੀ ਜਾ ਸਕਦੀ, ਕਿਸੇ ਨੂੰ ਵੀ ਘੱਟ ਨਹੀਂ ਸਮਝਿਆ ਜਾ ਸਕਦਾ, ਪਰ ਜਦੋਂ ਅਸੀਂ ਵਿਵਹਾਰਕ ਤੌਰ 'ਤੇ ਦੇਖਦੇ ਹਾਂ, ਤਾਂ ਮਨ ਵਿੱਚ ਇੱਕ ਸਵਾਲ ਕੁਦਰਤੀ ਤੌਰ 'ਤੇ ਉੱਠਦਾ ਹੈ ਕਿ, ਖਾਸ ਕਰਕੇ ਤਿੰਨ ਥੰਮ੍ਹਾਂ, ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿੱਚੋਂ ਸਭ ਤੋਂ ਸ਼ਕਤੀਸ਼ਾਲੀ ਕੌਣ ਹੈ? ਇਹ ਵਿਚਾਰ ਮੇਰੇ ਮਨ ਵਿੱਚ ਵੀ ਆਇਆ ਕਿ ਤਿੰਨਾਂ ਥੰਮ੍ਹਾਂ ਵਿੱਚੋਂ ਅਸਲ ਵਿੱਚ ਕੌਣ ਸ਼ਕਤੀਸ਼ਾਲੀ ਹੈ, ਤਿੰਨਾਂ ਥੰਮ੍ਹਾਂ ਵਿੱਚੋਂ ਕਿਹੜਾ ਥੰਮ੍ਹ ਸਭ ਤੋਂ ਉੱਚਾ ਅਹੁਦਾ ਸ਼ਕਤੀਸ਼ਾਲੀ ਹੈ? ਇਸ ਲਈ ਬਹੁਤ ਡੂੰਘੇ ਅਧਿਐਨ ਤੋਂ ਬਾਅਦ ਮੈਂ ਆਪਣੀ ਰਾਏ ਪ੍ਰਗਟ ਕੀਤੀ ਕਿ ਕੋਈ ਵੀ "ਅਹੁਦਾ" ਸ਼ਕਤੀਸ਼ਾਲੀ ਨਹੀਂ ਹੁੰਦਾ, ਪਰ ਉਸ ਅਹੁਦੇ ਦੀ ਸ਼ਕਤੀ ਉਸ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ ਤੋਂ ਪ੍ਰਗਟ ਹੁੰਦੀ ਹੈ ਜੋ ਉਸ ਉੱਤੇ ਬਿਰਾਜਮਾਨ ਹੈ। ਕਿਸੇ ਹੋਰ ਨੇ ਵੀ ਇਸੇ ਤਰ੍ਹਾਂ ਦੀ ਰਾਏ ਪ੍ਰਗਟ ਕੀਤੀ ਸੀ, ਜਿਸ ਨਾਲ ਮੈਂ ਪੂਰੀ ਤਰ੍ਹਾਂ ਸਹਿਮਤ ਹਾਂ। ਹਾਲਾਂਕਿ ਮੇਰੇ 45 ਸਾਲਾਂ ਦੇ ਲਿਖਣ ਦੇ ਤਜ਼ਰਬੇ ਵਿੱਚ, ਬਹੁਤ ਸਾਰੇ ਲੋਕ ਤਿੰਨਾਂ ਥੰਮ੍ਹਾਂ ਵਿੱਚੋਂ ਸਭ ਤੋਂ ਉੱਚੇ ਅਹੁਦੇ 'ਤੇ ਬਿਰਾਜਮਾਨ ਹੋਏ ਹਨ, ਪਰ ਹੁਣ ਤੱਕ ਅਸੀਂ ਉਨ੍ਹਾਂ ਦੇ ਫੈਸਲਿਆਂ ਦਾ ਵਿਸ਼ਲੇਸ਼ਣ ਕਰ ਸਕਦੇ ਹਾਂ ਅਤੇ ਅੰਦਾਜ਼ਾ ਲਗਾ ਸਕਦੇ ਹਾਂ ਕਿ ਕੀ ਇਹ ਅਹੁਦਾ ਮਹੱਤਵਪੂਰਨ ਹੈ ਜਾਂ ਇਸ ਉੱਤੇ ਬਿਰਾਜਮਾਨ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ, ਜਿਸ ਬਾਰੇ ਅਸੀਂ ਹੇਠਾਂ ਦਿੱਤੇ ਪੈਰੇ ਵਿੱਚ ਚਰਚਾ ਕਰਾਂਗੇ। ਅੱਜ ਅਸੀਂ ਇਸ ਵਿਸ਼ੇ 'ਤੇ ਚਰਚਾ ਕਰ ਰਹੇ ਹਾਂ ਕਿਉਂਕਿ ਭਾਰਤੀ ਪ੍ਰਧਾਨ ਮੰਤਰੀ ਦੇ ਪਿਛਲੇ ਕਾਰਜਕਾਲ ਦੇ ਫੈਸਲੇ ਲੈਣ ਦੇ ਤਰੀਕੇ, ਖਾਸ ਕਰਕੇ 370, ਤਿੰਨ ਤਲਾਕ, ਸਰਜੀਕਲ ਸਟ੍ਰਾਈਕ, ਆਪ੍ਰੇਸ਼ਨ ਸਿੰਦੂਰ, ਜੀਐਸਟੀ ਅਤੇ ਹੋਰ ਬਹੁਤ ਸਾਰੇ ਫੈਸਲੇ, ਅਤੇ ਅਮਰੀਕਾ ਦੇ ਮੌਜੂਦਾ ਰਾਸ਼ਟਰਪਤੀ, ਜਿਨ੍ਹਾਂ ਨੇ ਅਹੁਦਾ ਸੰਭਾਲਦੇ ਹੀ, ਅਮਰੀਕੀ ਪਹਿਲਾਂ, ਟੈਰਿਫ ਕੇਸ, ਨਾਗਰਿਕਤਾ ਕੇਸ, ਪਨਾਮਾ ਨਹਿਰ, ਯੂਕਰੇਨ ਰੂਸ ਯੁੱਧ ਖਤਮ ਕਰਨ ਦੀ ਪਹਿਲ, ਹਮਾਸ ਇਜ਼ਰਾਈਲ ਯੁੱਧ ਖਤਮ ਕਰਨ ਦੀ ਪਹਿਲ, ਸੀਰੀਆ 'ਤੇ ਪਾਬੰਦੀਆਂ ਹਟਾਉਣ ਅਤੇ ਹੁਣ ਫੈਡਰਲ ਕੋਰਟ ਦੁਆਰਾ ਟੈਰਿਫ 'ਤੇ ਲਗਾਈ ਗਈ ਪਾਬੰਦੀ, ਅਪੀਲੀ ਅਦਾਲਤ ਦੁਆਰਾ ਰੱਦ ਕਰ ਦਿੱਤੀ ਗਈ ਅਤੇ ਟੈਰਿਫ ਨੂੰ ਬਹਾਲ ਕੀਤਾ ਗਿਆ, ਅਜਿਹੇ ਬਹੁਤ ਸਾਰੇ ਮੁੱਦੇ ਹਨ, ਜੋ ਇਨ੍ਹਾਂ ਦੋਵਾਂ ਸ਼ਖਸੀਅਤਾਂ ਦੀ ਯੋਗਤਾ, ਸਮਰੱਥਾ ਅਤੇ ਨੈਤਿਕ ਹਿੰਮਤ ਨੂੰ ਦਰਸਾਉਂਦੇ ਹਨ। ਭਾਰਤ ਦੇ ਚੀਫ਼ ਜਸਟਿਸ ਜਸਟਿਸ ਬੀਆਰ ਗਵਈ ਨੇ ਸ਼ਨੀਵਾਰ (31 ਮਈ, 2025) ਨੂੰ ਇਲਾਹਾਬਾਦ ਵਿੱਚ ਨਵੀਂ ਬਣੀ ਐਡਵੋਕੇਟ ਚੈਂਬਰ ਬਿਲਡਿੰਗ ਅਤੇ ਮਲਟੀ ਲੈਵਲ ਪਾਰਕਿੰਗ ਦੇ ਉਦਘਾਟਨ ਪ੍ਰੋਗਰਾਮ ਵਿੱਚ ਕਿਹਾ ਕਿ ਭਾਰਤੀ ਸੰਵਿਧਾਨ ਨੂੰ ਲਾਗੂ ਕਰਨ ਦੇ 75 ਸਾਲਾਂ ਦੇ ਸਫ਼ਰ ਵਿੱਚ, ਵਿਧਾਨ ਸਭਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਨੇ ਸਮਾਜਿਕ ਅਤੇ ਆਰਥਿਕ ਸਮਾਨਤਾ ਲਿਆਉਣ ਵਿੱਚ ਬਹੁਤ ਯੋਗਦਾਨ ਪਾਇਆ ਹੈ। ਭਾਵੇਂ, ਦੁਨੀਆਂ ਵਿੱਚ ਸ਼ਾਸਨ ਦੇ ਤਿੰਨ ਅੰਗਾਂ, ਜਿਵੇਂ ਕਿ ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ, ਦੇ ਅਧਿਕਾਰਾਂ ਅਤੇ ਸ਼ਕਤੀਆਂ ਵਿੱਚ ਵਿਵਹਾਰਕ ਤੌਰ 'ਤੇ ਸੰਤੁਲਨ ਹੈ, ਪਰ ਅੱਜ, ਮੀਡੀਆ ਵਿੱਚ ਉਪਲਬਧ ਜਾਣਕਾਰੀ ਦੀ ਮਦਦ ਨਾਲ, ਅਸੀਂ ਇਸ ਲੇਖ ਰਾਹੀਂ ਚਰਚਾ ਕਰਾਂਗੇ, ਜੋ ਕਿ ਦੁਨੀਆ ਵਿੱਚ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿੱਚੋਂ ਸਭ ਤੋਂ ਸ਼ਕਤੀਸ਼ਾਲੀ ਹੈ, ਕੀ "ਅਹੁਦਾ" ਵਧਿਆ ਜਾਂ ਇਸ ਅਹੁਦੇ 'ਤੇ ਬੈਠੇ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ ਵਧੀ?




ਦੋਸਤੋ, ਜੇਕਰ ਅਸੀਂ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਦੀ ਗੱਲ ਕਰੀਏ, ਤਾਂ ਭਾਰਤ ਵਿੱਚ ਕਾਰਜਪਾਲਿਕਾ ਵਧੇਰੇ ਸ਼ਕਤੀਸ਼ਾਲੀ ਹੈ। ਕਾਰਜਪਾਲਿਕਾ ਨਿਯਮ ਅਤੇ ਕਾਨੂੰਨ ਬਣਾਉਂਦੀ ਹੈ ਅਤੇ ਨਿਆਂਪਾਲਿਕਾ ਉਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਮਦਦ ਕਰਦੀ ਹੈ। ਨਿਆਂਪਾਲਿਕਾ ਆਪਣੇ ਪੱਧਰ 'ਤੇ ਕਾਨੂੰਨ ਨਹੀਂ ਬਣਾ ਸਕਦੀ। ਕਾਰਜਪਾਲਿਕਾ ਨਿਆਂਪਾਲਿਕਾ ਦੇ ਹੁਕਮਾਂ ਦੀ ਪਾਲਣਾ ਕਰਨਾ ਜ਼ਰੂਰੀ ਨਹੀਂ ਸਮਝਦੀ, ਕਿਉਂਕਿ ਉਸਨੂੰ ਸੰਬੰਧਿਤ ਕਾਨੂੰਨ ਨੂੰ ਬਦਲਣ ਦਾ ਅਧਿਕਾਰ ਹੈ। ਸਰਕਾਰ ਨੇ ਸ਼ਾਹ ਬਾਨੋ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਹੁਕਮ ਦੀ ਪਾਲਣਾ ਨਹੀਂ ਕੀਤੀ। ਕਾਂਗਰਸ ਸਰਕਾਰ ਨੇ ਸੰਵਿਧਾਨਕ ਸੋਧ ਲਿਆ ਕੇ ਕਾਨੂੰਨ ਨੂੰ ਬਦਲ ਦਿੱਤਾ। ਇਸੇ ਤਰ੍ਹਾਂ, ਦਿੱਲੀ ਮਾਮਲੇ ਵਿੱਚ ਸੁਪਰੀਮ ਕੋਰਟ ਦੇ ਹੁਕਮ ਨੂੰ ਇੱਕ ਨਵਾਂ ਬਿੱਲ ਲਿਆ ਕੇ ਉਲਟਾ ਦਿੱਤਾ ਗਿਆ। 2 ਸਾਲ ਪਹਿਲਾਂ, ਸੁਪਰੀਮ ਕੋਰਟ ਨੇ ਕੰਮ ਵਾਲੀ ਥਾਂ 'ਤੇ ਐਸਸੀ ਐਸਟੀ ਸ਼੍ਰੇਣੀ ਦੇ ਕਰਮਚਾਰੀਆਂ ਨੂੰ ਪਰੇਸ਼ਾਨ ਕਰਨ ਦੇ ਮਾਮਲੇ ਵਿੱਚ ਇੱਕ ਹੁਕਮ ਪਾਸ ਕੀਤਾ ਸੀ। ਇਸ ਵਿੱਚ ਕਿਹਾ ਗਿਆ ਸੀ ਕਿ ਬਿਨਾਂ ਜਾਂਚ ਦੇ ਕਿਸੇ ਹੋਰ ਵਰਗ ਦੇ ਵਿਅਕਤੀ ਵਿਰੁੱਧ ਮਾਮਲਾ ਦਰਜ ਨਹੀਂ ਕੀਤਾ ਜਾਣਾ ਚਾਹੀਦਾ। ਇਸ ਲਈ ਸਰਕਾਰ ਨੂੰ ਕਾਨੂੰਨ ਬਣਾਉਣ ਦਾ ਹੁਕਮ ਦਿੱਤਾ ਗਿਆ ਸੀ। ਉਸ ਹੁਕਮ ਦੀ ਪਾਲਣਾ ਵਿੱਚ ਲੋਕ ਸਭਾ ਵਿੱਚ ਇੱਕ ਕਾਨੂੰਨ ਬਣਾਇਆ ਗਿਆ ਸੀ, ਪਰ ਭਾਰੀ ਵਿਰੋਧ ਕਾਰਨ ਸਰਕਾਰ ਨੂੰ ਉਹ ਕਾਨੂੰਨ ਵਾਪਸ ਲੈਣਾ ਪਿਆ। ਹਾਲ ਹੀ ਵਿੱਚ ਸੁਪਰੀਮ ਕੋਰਟ ਨੇ ਮੁਸਲਮਾਨਾਂ ਦੇ ਹਿੱਤ ਲਈ ਤਿੰਨ ਤਲਾਕ ਨੂੰ ਰੋਕਣ ਲਈ ਕਾਨੂੰਨ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਬਿੱਲ ਨੂੰ ਰਾਜ ਸਭਾ ਵਿੱਚ ਪਾਸ ਕਰਵਾਉਣ ਲਈ ਵਿਰੋਧੀ ਪਾਰਟੀਆਂ ਦੇ ਬਹੁਤ ਵਿਰੋਧ ਦਾ ਸਾਹਮਣਾ ਕਰਨਾ ਪਿਆ। ਇਸ ਤਰ੍ਹਾਂ ਭਾਰਤੀ ਸੰਵਿਧਾਨ ਵਿੱਚ ਕਾਰਜਪਾਲਿਕਾ ਯਾਨੀ ਲੋਕ ਸਭਾ ਅਤੇ ਰਾਜ ਸਭਾ ਦੀਆਂ ਸ਼ਕਤੀਆਂ ਵਧੇਰੇ ਸ਼ਕਤੀਸ਼ਾਲੀ ਹਨ।

ਦੋਸਤੋ, ਜੇਕਰ ਅਸੀਂ ਇਸ ਮਾਮਲੇ ਨੂੰ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿਚਕਾਰ ਤੁਲਨਾਤਮਕ ਸ਼ਕਤੀ ਦੇ ਦ੍ਰਿਸ਼ਟੀਕੋਣ ਤੋਂ ਵੇਖੀਏ, ਤਾਂ ਭਾਰਤ ਵਿੱਚ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿੱਚੋਂ ਕੌਣ ਵਧੇਰੇ ਸ਼ਕਤੀਸ਼ਾਲੀ ਹੈ ਅਤੇ ਕਿਉਂ? ਭਾਰਤ ਵਿੱਚ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿੱਚੋਂ ਕੌਣ ਵਧੇਰੇ ਸ਼ਕਤੀਸ਼ਾਲੀ ਹੈ। ਕਾਰਜਪਾਲਿਕਾ ਨਿਯਮ ਅਤੇ ਕਾਨੂੰਨ ਬਣਾਉਂਦੀ ਹੈ ਅਤੇ ਨਿਆਂਪਾਲਿਕਾ ਉਨ੍ਹਾਂ ਕਾਨੂੰਨਾਂ ਨੂੰ ਲਾਗੂ ਕਰਨ ਵਿੱਚ ਮਦਦ ਕਰਦੀ ਹੈ। ਨਿਆਂਪਾਲਿਕਾ ਆਪਣੇ ਪੱਧਰ 'ਤੇ ਕਾਨੂੰਨ ਨਹੀਂ ਬਣਾ ਸਕਦੀ। ਕਾਰਜਪਾਲਿਕਾ ਨਿਆਂਪਾਲਿਕਾ ਦੇ ਹੁਕਮਾਂ ਦੀ ਪਾਲਣਾ ਕਰਨਾ ਜ਼ਰੂਰੀ ਨਹੀਂ ਸਮਝਦੀ, ਕਿਉਂਕਿ ਉਸਨੂੰ ਸੰਬੰਧਿਤ ਕਾਨੂੰਨ ਨੂੰ ਬਦਲਣ ਦਾ ਅਧਿਕਾਰ ਹੈ। ਭਾਰਤ ਦੇ ਪ੍ਰਧਾਨ ਮੰਤਰੀ ਅਤੇ ਭਾਰਤ ਦੇ ਮੁੱਖ ਜੱਜ ਵਿੱਚੋਂ ਕੌਣ ਵਧੇਰੇ ਸ਼ਕਤੀਸ਼ਾਲੀ ਹੈ? ਜੇਕਰ ਅਸੀਂ ਸੰਵਿਧਾਨ ਵੱਲ ਵੇਖੀਏ, ਤਾਂ ਇੱਕ ਵਿਅਕਤੀ ਬਿਨਾਂ ਕਿਸੇ ਵੱਧ ਤੋਂ ਵੱਧ ਉਮਰ ਸੀਮਾ ਦੇ ਕਈ ਸਾਲਾਂ ਅਤੇ ਕਈ ਵਾਰ ਪ੍ਰਧਾਨ ਮੰਤਰੀ ਰਹਿ ਸਕਦਾ ਹੈ, ਪਰ ਸੁਪਰੀਮ ਕੋਰਟ ਦੇ ਮੁੱਖ ਜੱਜ ਦਾ ਕਾਰਜਕਾਲ ਸਿਰਫ ਇੱਕ ਵਾਰ ਕੁਝ ਮਹੀਨਿਆਂ ਜਾਂ ਸਾਲਾਂ ਲਈ ਹੁੰਦਾ ਹੈ ਅਤੇ 65 ਸਾਲ ਦੀ ਉਮਰ ਸੀਮਾ ਤੱਕ ਹੁੰਦਾ ਹੈ। ਪ੍ਰਧਾਨ ਮੰਤਰੀ ਨੂੰ ਕਿਸੇ ਵੀ ਸਮੇਂ ਅਹੁਦਾ ਛੱਡਣਾ ਪੈ ਸਕਦਾ ਹੈ, ਜਦੋਂ ਕਿ ਮੁੱਖ ਜੱਜ ਨੂੰ ਹਟਾਉਣਾ ਲਗਭਗ ਅਸੰਭਵ ਹੈ। ਪ੍ਰਧਾਨ ਮੰਤਰੀ ਨੂੰ ਮੁੱਖ ਜੱਜ ਦੇ ਫੈਸਲੇ ਨੂੰ ਸਵੀਕਾਰ ਕਰਨਾ ਪੈਂਦਾ ਹੈ, ਪਰ ਇੱਕ ਸ਼ਕਤੀਸ਼ਾਲੀ ਪ੍ਰਧਾਨ ਮੰਤਰੀ ਇਸਨੂੰ ਸੰਸਦ ਰਾਹੀਂ ਬਦਲ ਸਕਦਾ ਹੈ। ਮੋਦੀ ਜੀ ਵੀ ਮੌਜੂਦਾ ਪ੍ਰਧਾਨ ਮੰਤਰੀ ਹਨ, ਇੰਦਰਾ ਗਾਂਧੀ ਅਤੇ ਨਰਸਿਮਹਾ ਰਾਓ ਵੀ ਉੱਥੇ ਸਨ ਅਤੇ ਉਨ੍ਹਾਂ ਨੇ ਅਹੁਦੇ ਨਾਲ ਜੁੜੀਆਂ ਸ਼ਕਤੀਆਂ ਦੀ ਵਰਤੋਂ ਕੀਤੀ, ਪਰ 10 ਸਾਲ ਪ੍ਰਧਾਨ ਮੰਤਰੀ ਰਹਿਣ ਦੇ ਬਾਵਜੂਦ, ਕਾਂਗਰਸ ਦੇ ਇੱਕ ਵੀ ਵਿਅਕਤੀ ਨੇ ਉਨ੍ਹਾਂ ਸ਼ਕਤੀਆਂ ਦੀ ਵਰਤੋਂ ਨਹੀਂ ਕੀਤੀ। ਟੀ ਐਨ ਸ਼ੇਸ਼ਨ ਨੇ 6 ਸਾਲਾਂ ਵਿੱਚ ਮੁੱਖ ਚੋਣ ਕਮਿਸ਼ਨਰ ਬਣ ਕੇ ਪੂਰੀ ਚੋਣ ਪ੍ਰਕਿਰਿਆ ਨੂੰ ਬਦਲ ਦਿੱਤਾ। ਉਨ੍ਹਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਆਏ ਕਮਿਸ਼ਨਰ ਵੀ ਅਜਿਹਾ ਨਹੀਂ ਕਰ ਸਕੇ। ਇੰਦਰਾ ਗਾਂਧੀ ਦੇ ਸਮੇਂ ਦੌਰਾਨ ਚੀਫ ਜਸਟਿਸ ਆਪਣੀਆਂ ਗਲਤ ਕਾਰਵਾਈਆਂ (ਐਮਰਜੈਂਸੀ) ਨੂੰ ਜਾਇਜ਼ ਠਹਿਰਾਉਂਦੇ ਰਹੇ। ਦਰਅਸਲ, ਅਹੁਦਾ ਸ਼ਕਤੀਸ਼ਾਲੀ ਨਹੀਂ ਹੁੰਦਾ, ਕਿਸੇ ਅਹੁਦੇ ਦੀ ਸ਼ਕਤੀ ਇਸ ਅਹੁਦੇ 'ਤੇ ਬੈਠੇ ਵਿਅਕਤੀ ਦੀ ਯੋਗਤਾ, ਯੋਗਤਾ ਅਤੇ ਨੈਤਿਕ ਹਿੰਮਤ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ।



ਵਿਵਹਾਰਕ ਤੌਰ 'ਤੇ, ਭਾਰਤ ਵਿੱਚ ਕਿਸ ਕੋਲ ਜ਼ਿਆਦਾ ਸ਼ਕਤੀ ਹੈ, ਨਿਆਂਪਾਲਿਕਾ, ਕਾਰਜਪਾਲਿਕਾ ਜਾਂ ਵਿਧਾਨਪਾਲਿਕਾ? ਵਿਵਹਾਰਕ ਤੌਰ 'ਤੇ ਵੀ, ਭਾਰਤ ਵਿੱਚ, ਸਰਕਾਰ ਦੇ ਤਿੰਨ ਅੰਗਾਂ, ਅਰਥਾਤ ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਦੇ ਅਧਿਕਾਰਾਂ ਅਤੇ ਸ਼ਕਤੀਆਂ ਵਿਚਕਾਰ ਸੰਤੁਲਨ ਹੈ। ਵਿਧਾਨਪਾ ਲਿਕਾ ਅਤੇ ਕਾਰਜਪਾਲਿਕਾ ਦੀ ਹੋਂਦ ਆਪਸ ਵਿੱਚ ਨਿਰਭਰ ਹੈ। ਕਾਰਜਪਾਲਿਕਾ ਉਦੋਂ ਤੱਕ ਹੀ ਮੌਜੂਦ ਹੈ ਜਦੋਂ ਤੱਕ ਉਸ ਕੋਲ ਵਿਧਾਨਪਾਲਿਕਾ ਦਾ ਵਿਸ਼ਵਾਸ ਹੁੰਦਾ ਹੈ ਅਤੇ ਰਾਸ਼ਟਰਪਤੀ ਕਾਰਜਪਾਲਿਕਾ ਦੇ ਮੁਖੀ ਪ੍ਰਧਾਨ ਮੰਤਰੀ ਦੀ ਸਿਫ਼ਾਰਸ਼ 'ਤੇ ਵਿਧਾਨਪਾਲਿਕਾ ਨੂੰ ਭੰਗ ਕਰ ਸਕਦਾ ਹੈ। ਜਿੱਥੇ ਧਾਰਾ 121 ਅਤੇ 211 ਵਿਧਾਨ ਸਭਾ ਨੂੰ ਕਿਸੇ ਵੀ ਜੱਜ ਦੇ ਆਪਣੇ ਫਰਜ਼ਾਂ ਨੂੰ ਨਿਭਾਉਣ ਵਿੱਚ ਆਚਰਣ 'ਤੇ ਚਰਚਾ ਕਰਨ ਤੋਂ ਵਰਜਦੀ ਹੈ, ਉੱਥੇ ਹੀ ਧਾਰਾ 122 ਅਤੇ 212 ਅਦਾਲਤਾਂ ਨੂੰ ਵਿਧਾਨ ਸਭਾ ਦੀ ਅੰਦਰੂਨੀ ਕਾਰਵਾਈ 'ਤੇ ਫੈਸਲਾ ਸੁਣਾਉਣ ਤੋਂ ਵਰਜਦੀ ਹੈ। ਇਸ ਤੋਂ ਇਲਾਵਾ, ਭਾਰਤੀ ਸੰਵਿਧਾਨ ਦੇ ਧਾਰਾ 105 (2) ਅਤੇ 194 (2) ਵਿਧਾਇਕਾਂ ਨੂੰ ਉਨ੍ਹਾਂ ਦੀ ਬੋਲਣ ਦੀ ਆਜ਼ਾਦੀ ਅਤੇ ਵੋਟ ਪਾਉਣ ਦੀ ਆਜ਼ਾਦੀ ਦੇ ਸਬੰਧ ਵਿੱਚ ਅਦਾਲਤਾਂ ਦੁਆਰਾ ਦਖਲ ਅੰਦਾਜ਼ੀ ਤੋਂ ਬਚਾਉਂਦੇ ਹਨ। ਇਸ ਲਈ ਜੇਕਰ ਅਸੀਂ ਉਪਰੋਕਤ ਵੇਰਵਿਆਂ ਦਾ ਅਧਿਐਨ ਅਤੇ ਵਿਸ਼ਲੇਸ਼ਣ ਕਰੀਏ, ਤਾਂ ਅਸੀਂ ਪਾਵਾਂਗੇ ਕਿ ਦੁਨੀਆ ਵਿੱਚ ਕਾਰਜਪਾਲਿਕਾ ਅਤੇ ਨਿਆਂਪਾਲਿਕਾ ਵਿੱਚੋਂ ਸਭ ਤੋਂ ਸ਼ਕਤੀਸ਼ਾਲੀ ਕੌਣ ਹੈ? ਕੀ ਅਹੁਦੇ 'ਤੇ ਕਾਬਜ਼ ਵਿਅਕਤੀ ਦੀ ਸਮਰੱਥਾ, ਯੋਗਤਾ ਅਤੇ ਨੈਤਿਕ ਹਿੰਮਤ ਵਧੀ ਹੈ ਜਾਂ ਵਧੀ ਹੈ? ਵਿਵਹਾਰਕ ਤੌਰ 'ਤੇ, ਦੁਨੀਆ ਵਿੱਚ ਸ਼ਾਸਨ ਦੇ ਤਿੰਨ ਅੰਗਾਂ, ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਦੇ ਅਧਿਕਾਰਾਂ ਅਤੇ ਸ਼ਕਤੀਆਂ ਵਿੱਚ ਸੰਤੁਲਨ ਹੈ। ਦੁਨੀਆ ਵਿੱਚ ਕੋਈ ਵੀ ਅਹੁਦਾ ਸ਼ਕਤੀਸ਼ਾਲੀ ਨਹੀਂ ਹੈ, ਕਿਸੇ ਅਹੁਦੇ ਦੀ ਸ਼ਕਤੀ ਅਹੁਦੇ 'ਤੇ ਕਾਬਜ਼ ਵਿਅਕਤੀ ਦੀ ਸਮਰੱਥਾ, ਯੋਗਤਾ ਅਤੇ ਨੈਤਿਕ ਹਿੰਮਤ, ਸਹੀ ਵਿਚਾਰਾਂ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ।

-ਕੰਪਾਈਲਰ ਲੇਖਕ - ਟੈਕਸ ਮਾਹਿਰ ਕਾਲਮਨਵੀਸ ਸਾਹਿਤਕਾਰ ਅੰਤਰਰਾਸ਼ਟਰੀ ਲੇਖਕ ਚਿੰਤਕ ਕਵੀ ਸੰਗੀਤ ਮਾਧਿਅਮ ਸੀਏ(ਏਟੀਸੀ) ਐਡਵੋਕੇਟ ਕਿਸ਼ਨ ਸੰਮੁਖਦਾਸ ਭਵਨਾਨੀ ਗੋਂਡੀਆ ਮਹਾਰਾਸ਼ਟਰ 9359653465

# ਚੱਬੇਵਾਲ ਵਿੱਚ ਟੈਕਸੀ ਯੂਨੀਅਨ ਵਲੋ ਇਕ ਸੈਡ ਪਾਈ ਗਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਚੱਬੇਵਾਲ (ਸਤਨਾਮ ਸਿੰਘ ਸਹੂੰਗੜਾ) ਸੈਡ ਦੀ ਖੁਸ਼ੀ ਵਿੱਚ ਟੈਕਸੀ ਯੂਨੀਅਨ ਵਲੋ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ ਟੈਕਸੀ ਯੂਨੀਅਨ ਦੇ ਪ੍ਰਧਾਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਚੱਬੇਵਾਲ ਦੇ ਵਿੱਚ ਟੈਕਸੀ ਯੂਨੀਅਨ ਦੇ ਮੈਂਬਰਾਂ ਦੇ ਲਈ ਕੋਈ ਬੈਠਣ ਦੇ ਲਈ ਜਗ੍ਹਾ ਨਾ ਹੋਣ ਕਾਰਨ ਉਹਨਾਂ ਨੂੰ ਬਹੁਤ ਸਾਰੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਜਿਸ ਤੇ ਉਹਨਾਂ ਨੇ ਇਹ ਉਪਰਾਲਾ ਕੀਤਾ ਤੇ ਇੱਕ ਸ਼ੈਡ ਦਾ ਆਯੋਜਨ ਕੀਤਾ ਗਿਆ ਸ਼ੈਡ ਪਾਉਣ ਦੀ ਖੁਸ਼ੀ ਵਿੱਚ ਸਮੂਹ ਟੈਕਸੀ ਯੂਨੀਅਨ ਵੱਲੋਂ ਸੁਖਮਨੀ ਸਾਹਿਬ ਦਾ ਭੋਗ ਪਾਇਆ 'ਤੇ ਉਪਰੰਤ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਟੈਕਸੀ ਯੂਨੀਅਨ ਦੇ ਹੋਰ ਮੈਂਬਰ ਵੀ ਮੌਜੂਦ ਸਨ। ਕੁਲਵੰਤ ਸਿੰਘ ਲਹਿਲੀ, ਪਰਗਟ ਸਿੰਘ ਲਹਿਲੀ, ਭੁਪਿੰਦਰ ਸਿੰਘ ਪੱਟੀ, ਭੁਪਿੰਦਰ ਸਿੰਘ ਬਜਰੌਰ, ਜਗਦੀਪ ਸਿੰਘ ਗੋਲਡੀ, ਕੁਲਦੀਪ ਸਿੰਘ ਫੋਜੀ, ਪ੍ਰੀਤਮ ਸਿੰਘ ਤੇਤਾ, ਸਰਬਜੀਤ ਸਿੰਘ, ਕੁਲਦੀਪ ਸਿੰਘ,ਦੀਪਕ ਕੁਮਾਰ, ਗੁਰਪ੍ਰੀਤ ਪਲਾਹਾ, ਗੋਰਾ ਲਹਿਲੀ, ਸ਼ੇਰਾ ਚੱਬੇਵਾਲ, ਅੰਮ੍ਰਿਤ ਪਾਲ ,ਬੱਬੀ ਬਜਰੌਰ, ਮਨਜੀਤ ਚੱਬੇਵਾਲ, ਪੱਪੂ ਹੰਦੇਵਾਲ, ਜੋਨੀ ਚੱਬੇਵਾਲ, ਸੰਜੂ ਸਾਰੰਗਵਾਲ, ਸਰਨਜੀਤ ਜੈਨ, ਸੁਖਬਿੰਦਰ ਸਿੰਘ ਚੱਬੇਵਾਲ, ਹੈਪੀ ਜੈਨ, ਸੇਮ, ਬਲਵਿੰਦਰ ਸਿੰਘ ਤੇਤੀ, ਤਰਸੇਮ ਸਿੰਘ, ਦਿਲਬਾਗ ਸਿੰਘ ਚੱਬੇਵਾਲ ਪੰਚ, ਪਰਮਿੰਦਰ ਸਿੰਘ ਚੱਬੇਵਾਲ ਪੰਚ, ਤੀਰਥ ਚੱਬੇਵਾਲ ਤੇ ਹੋਰ ਵੀ ਸਾਥੀ ਹਾਜ਼ਰ ਸਨ

# ਖ਼ਾਲਸਾ ਕਾਲਜ ਡੁਮੇਲੀ ਦੇ ਸਟਾਫ਼ ਅਤੇ ਵਿਦਿਆਰਥੀਆਂ ਵਲੋਂ ਕੀਤਾ ਵਿਸ਼ੇਸ਼ ਉਪਰਾਲਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਫਗਵਾੜਾ 31 ਮਈ (ਸ਼ਿਵ ਕੌੜਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਡੁਮੇਲੀ ਦੇ ਕੌਮੀ ਸੇਵਾ ਯੋਜਨਾ ਅਤੇ ਰੈੱਡ ਰਿਬਨ ਕਲੱਬ ਵੱਲੋਂ ਵਾਤਾਵਰਨ ਪ੍ਰਦੂਸ਼ਣ ਰਹਿਤ ਬਣਾਉਣ ਅਤੇ ਭੂਮੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਵਾਸਤੇ ਨਾੜ ਨੂੰ ਨਾ ਸਾੜਨ ਦੇ ਮੰਤਵ ਨੂੰ ਲੈ ਕੇ ਪਿੰਡ ਰਾਮਪੁਰ ਸੁੰਨੜਾ ਦੇ ਕਿਸਾਨਾਂ ਨੂੰ ਘਰ ਘਰ ਜਾ ਕੇ ਜਾਗਰੂਕ ਕੀਤਾ ਗਿਆ ਅਤੇ ਕਿਸਾਨਾਂ ਨੂੰ ਆਉਣ ਵਾਲੀਆਂ ਪਰੇਸ਼ਾਨੀਆਂ ਨੂੰ ਸੁਣਿਆ ਗਿਆ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਪ੍ਰੋ.ਅਮਰਪਾਲ ਕੌਰ ਦੇ ਦੁਆਰਾ ਨਾੜ ਨੂੰ ਸਾੜਨ ਨਾਲ ਹੋਣ ਵਾਲੇ ਨੁਕਸਾਨ ਅਤੇ ਪੈਦਾ ਹੋਣ ਵਾਲੀਆਂ ਅਨੇਕਾਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ। ਕਾਲਜ ਪ੍ਰਿੰਸੀਪਲ ਡਾ.ਗੁਰਨਾਮ ਸਿੰਘ ਰਸੂਲਪੁਰ ਜੀ ਨੇ ਕਿਹਾ ਕਿ ਨਾੜ ਨੂੰ ਅੱਗ ਲੱਗਣ ਨਾਲ ਵਾਤਾਵਰਨ ਤਾਂ ਪ੍ਰਦੂਸ਼ਿਤ ਹੁੰਦਾ ਹੀ ਹੈ,ਨਾਲ ਦੀ ਨਾਲ ਕਈ ਪ੍ਰਕਾਰ ਦੇ ਕੀੜੇ ਮਕੌੜੇ ਵੀ ਮਰ ਜਾਂਦੇ ਹਨ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਗੁਰਨਾਮ ਸਿੰਘ ਰਸੂਲਪੁਰ, ਰੈੱਡ ਰਿਬਨ ਕਲੱਬ ਦੇ ਇੰਚਾਰਜ ਮੈਡਮ ਅਮਰਪਾਲ ਕੌਰ,ਕਾਲਜ ਵਿਦਿਆਰਥੀ ਅਤੇ ਪਿੰਡ ਦੇ ਕਿਸਾਨ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ : ਐਡਵੋਕੇਟ ਸ਼ਮਸੇਰ ਭਾਰਦਵਾਜ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 1 ਜੂਨ ( ਤਰਸੇਮ ਦੀਵਾਨਾ ) ਪਿਛਲੇ ਕੁਝ ਹਫ਼ਤਿਆਂ ਵਿੱਚ ਪੰਜਾਬ ਹਿਲ ਕੇ ਰਹਿ ਗਿਆ ਹੈ। ਇੱਕ ਦੇ ਬਾਅਦ ਇੱਕ ਹੋ ਰਹੀਆਂ ਦਿਲ ਦਹਿਲਾ ਦੇਣ ਵਾਲੀਆਂ ਘਟਨਾਵਾਂ ਨੇ ਸਾਬਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੇਠ ਕਾਨੂੰਨ ਤੇ ਕਾਇਦਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੇ ਹਨ। ਥੋੜ੍ਹੇ ਦਿਨ ਪਹਿਲਾ ਜਲੰਧਰ ਵਿੱਚ ਦਿਨ ਦਿਹਾੜੇ ਇੱਕ ਵਕੀਲ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਗਈ। ਇਹ ਹਮਲਾ ਸਿਰਫ ਇੱਕ ਵਿਅਕਤੀ ਉੱਤੇ ਨਹੀਂ ਸਗੋਂ ਪੂਰੀ ਕਾਨੂੰਨ ਪ੍ਰਣਾਲੀ ਉੱਤੇ ਇੱਕ ਧੱਕਾ ਹੈ । ਇਸ ਤੇ ਕੁਝ ਦਿਨ ਪਹਿਲਾਂ ਜੰਡਿਆਲਾ ਗੁਰੂ ’ਚ ਇੱਕ ਮੌਜੂਦਾ ਕੌਂਸਲਰ ਦੀ ਹੱਤਿਆ ਕੀਤੀ । ਇਹ ਲੋਕਤੰਤਰ ਉੱਤੇ ਸਿੱਧਾ ਹਮਲਾ ਹੈ। ਇਹ ਵੱਖ-ਵੱਖ ਘਟਨਾਵਾਂ ਇੱਕ ਖ਼ਤਰਨਾਕ ਰੁਝਾਨ ਦੀ ਨਿਸ਼ਾਨਦੇਹੀ ਕਰਦੀਆਂ ਹਨ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜਿਲ੍ਹਾ ਹੁਸ਼ਿਆਰਪੁਰ ਦੇ ਐਸਸੀ ਵਿੰਗ ਦੇ ਜਿਲ੍ਹਾ ਸ਼ਹਿਰੀ ਪ੍ਰਧਾਨ ਐਡਵੋਕੇਟ ਸ਼ਮਸੇਰ ਸਿੰਘ ਭਾਰਦਵਾਜ ਨੇ ਸਾਡੇ ਪੱਤਰਕਾਰ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ ਉਹਨਾਂ ਕਿਹਾ ਕਿ ਲੁਧਿਆਣਾ ਵਿੱਚ ਤਿੰਨ ਗਰੀਬ ਦਲਿਤ ਲੋਕਾਂ ਦੀ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਮੌਤ ਹੋ ਗਈ। ਇਹ ਕੋਈ ਇਤਫ਼ਾਕ ਨਹੀਂ ਸੀ ਇਹ ਉਸੀ ਤਰ੍ਹਾਂ ਦੀ ਇਕ ਹੋਰ ਦਰਦਨਾਕ ਘਟਨਾ ਸੀ ਜੋ ਹੁਣ ਆਮ ਹੋ ਚੁੱਕੀ ਹੈ। ਪਿਛਲੇ ਦਿਨੀ ਮਜੀਠਾ ਵਿੱਚ ਹੀ 27 ਲੋਕ, ਜਹਿਰੀਲੀ ਸਰਾਬ ਪੀਣ ਨਾਲ ਇਸ ਰੰਗਲੀ ਦੁਨੀਆ ਨੂੰ ਅਲਵਿਦਾ ਆਖ ਗਏ ਜਿਨ੍ਹਾਂ ਵਿੱਚ ਜ਼ਿਆਦਾਤਰ ਐਸਸੀ.ਵਰਗ ਨਾਲ ਸਬੰਧਤ ਲੋਕ ਸਨ। ਉਹਨਾਂ ਕਿਹਾ ਕਿ ਪੰਜਾਬ ਵਿੱਚ ਗੈਂਗ ਵਾਰਾਂ ਹਰ ਰੋਜ਼ ਦੀ ਗੱਲ ਬਣ ਗਈ ਹੈ। ਅਪਰਾਧੀ ਬੇਖੌਫ਼ ਹੋ ਕੇ ਘੁੰਮ ਰਹੇ ਹਨ। ਨਾ ਸਜ਼ਾ,ਨਾ ਡਰ, ਨਾ ਕੋਈ ਰੋਕ। ਪੁਲਿਸ ਮੂਕ ਦਰਸ਼ਕ ਬਣੀ ਹੋਈ ਹੈ। ਕਾਨੂੰਨ ਦੀ ਉਲੰਘਣਾ ਕਰਨ ਵਾਲੇ ਲੋਕਾਂ ਨੂੰ ਮਾਨ ਸਰਕਾਰ ਹੇਠ ਖੁੱਲੀ ਛੂਟ ਮਿਲੀ ਹੋਈ ਹੈ, ਪਰ ਆਮ ਨਾਗਰਿਕ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਉਹਨਾਂ ਕਿਹਾ ਕਿ ਇਸ ਤਬਾਹੀ ਦਾ ਜ਼ਿੰਮੇਵਾਰ ਕੌਣ ਹੈ? ਪੰਜਾਬ ਪੁਲਿਸ ਨੂੰ ਰਾਜਨੀਤਿਕ ਦਖਲਅੰਦਾਜ਼ੀ ਨੇ ਬੇਅਸਰ ਕਰ ਦਿੱਤਾ ਹੈ।ਉਹਨਾਂ ਕਿਹਾ ਕਿ ਗ੍ਰਹਿ ਵਿਭਾਗ ਖੁਦ



ਮੁੱਖ ਮੰਤਰੀ ਭਗਵੰਤ ਮਾਨ ਕੋਲ ਹੈ, ਉਹ ਲੋਕਾਂ ਦੀ ਜਾਨ ਤੇ ਇੱਜ਼ਤ ਦੀ ਰਾਖੀ ਕਰਨ ਵਿੱਚ ਨਾਕਾਮ ਰਹਿਆ ਹੈ। ਉਹਨਾਂ ਕਿਹਾ ਕਿ ਇਹ ਸਾਰੀ ਭਗਵੰਤ ਮਾਨ ਦੀ ਜ਼ਿੰਮੇਵਾਰੀ ਹੈ ,ਕਿਉਂਕਿ ਉਨ੍ਹਾਂ ਨੇ ਹੀ ਗ੍ਰਹਿ ਵਿਭਾਗ ਆਪਣੇ ਕੋਲ ਰੱਖਿਆ ਹੋਇਆ ਹੈ । ਉਹਨਾਂ ਕਿਹਾ ਕਿ ਅੱਜ ਜੇ ਸੂਬੇ ਦੇ ਲੋਕ ਸੜ ਰਹੇ ਹਨ ਜਾ ਮਰ ਰਹੇ ਹਨ ਤਾਂ ਉਸ ਲਈ ਸਿੱਧੀ ਤਰ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਹੀ ਜ਼ਿੰਮੇਵਾਰ ਹੈ ।

# ਜ਼ਿਲਾ ਪ੍ਰਬੰਧਕੀ ਕੰਪਲੈਕਸ ‘ਚ ਹੋਈ ਮੌਕ ਡਰਿੱਲ, ਲੋਕਾਂ ਨੂੰ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਕੀਤਾ ਜਾਗਰੂਕ

## ਜ਼ਿਲਾ ਪ੍ਰਸ਼ਾਸਨ ਵਲੋਂ ਲੋਕਾਂ ਨੂੰ ਤਾਕੀਦ, ਡਰਨ ਜਾਂ ਘਬਰਾਉਣ ਦੀ ਨਹੀਂ ਲੋੜ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਜ਼ਿਲਾ ਪ੍ਰਸ਼ਾਸਨ ਵਲੋਂ ਸ਼ਨੀਵਾਰ ਸ਼ਾਮ ਨੂੰ ਅਭਿਆਸ ਦੇ ਤੌਰ ‘ਤੇ ਜ਼ਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਮੌਕ ਡਰਿੱਲ ਕੀਤੀ ਗਈ ਜਿਸਦਾ ਮਕਸਦ ਲੋਕਾਂ ਨੂੰ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਪੂਰੀ ਚੌਕਸੀ ਨਾਲ ਬਚਾਅ ਕਰਨਾ ਅਤੇ ਸੁਰੱਖਿਅਤ ਰਹਿਣ ਦਾ ਢੰਗ ਦੱਸਣਾ ਸੀ । ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਨਿਰਦੇਸ਼ਾਂ ‘ਤੇ ਵਧੀਕ ਡਿਪਟੀ ਕਮਿਸ਼ਨਰ ਰਾਜੀਵ ਵਰਮਾ ਦੀ ਅਗਵਾਈ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੌਜੂਦਗੀ ਵਿਚ ਮੌਕ ਡਰਿੱਲ ਕਰਵਾਈ ਗਈ। ਰਾਜੀਵ ਵਰਮਾ ਨੇ ਦੱਸਿਆ ਕਿ ਲੰਘੇ ਦਿਨੀਂ ਗੁਆਂਢੀ ਮੁਲਕ ਨਾਲ ਪੈਦਾ ਹੋਏ ਤਲਖ਼ੀ ਵਾਲੇ ਮਾਹੌਲ ਦੇ



ਮੱਦੇਨਜ਼ਰ ਇਹ ਮੌਕ ਡਰਿੱਲ ਸਿਰਫ ਅਭਿਆਸ ਦੇ ਤੌਰ ‘ਤੇ ਕੀਤੀ ਗਈ ਤਾਂ ਜੋ ਲੋਕਾਂ ਨੂੰ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਜਾਗਰੂਕ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ, ਫਾਇਰ ਬ੍ਰਿਗੇਡ, ਪੁਲਿਸ, ਸਿਵਲ ਡਿਫੈਂਸ, ਮਾਲ ਵਿਭਾਗ ਦੇ ਅਧਿਕਾਰੀਆਂ/ਕਰਮਚਾਰੀਆਂ ਤੋਂ ਇਲਾਵਾ ਸ਼ਹਿਰ ਦੀਆਂ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਵਪਾਰਕ ਐਸੋਸੀਏਸ਼ਨਾਂ ਦੇ ਮੈਂਬਰਾਂ ਮੌਕ ਡਰਿੱਲ ਮੌਕੇ ਮੌਜੂਦ ਸੀ। ਉਨ੍ਹਾਂ ਦੱਸਿਆ ਕਿ ਇਹ ਪ੍ਰਕਿਰਿਆ, ਭਵਿੱਖ ਵਿਚ ਜੇਕਰ ਲੋੜ ਪੈਂਦੀ ਹੈ ਤਾਂ ਕਿਵੇਂ ਆਪਣੇ-ਆਪ ਨੂੰ ਸੁਰੱਖਿਅਤ ਰੱਖਣਾ ਹੈ, ਦੀ ਤਿਆਰੀ ਵਜੋਂ ਕਰਵਾਈ ਗਈ। ਉਨ੍ਹਾਂ ਕਿਹਾ ਕਿ ਮੌਕਡਰਿੱਲ ਨੂੰ ਲੈ ਕੇ ਡਰ ਜਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਇਹ ਅਭਿਆਸੀ ਅਤੇ ਅਗਾਂਊ ਚੌਕਸੀ ਦੀ ਕਾਰਵਾਈ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲੇ ਵਿਚ ਸ਼ਨੀਵਾਰ ਰਾਤ 8:00 ਵਜੇ ਤੋਂ 8:15 ਵਜੇ ਤੱਕ ਬਲੈਕਆਊਟ ਕੀਤਾ ਜਾਵੇਗਾ ਜਿਸ ਦੌਰਾਨ ਸਾਇਰਨ ਵੱਜਣ ਤੋਂ ਬਾਅਦ ਲਾਈਟਾਂ ਮੁਕੰਮਲ ਤੌਰ ‘ਤੇ ਬੰਦ ਰੱਖੀਆਂ ਜਾਣਗੀਆਂ ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬਲੈਕਆਊਟ ਤੋਂ ਪਹਿਲਾਂ ਸਾਇਰਨ ਵੱਜੇਗਾ ਜਿਸ ਦੇ ਨਾਲ ਹੀ ਬਲੈਕਆਊਟ ਹੋ ਜਾਵੇਗਾ ਤੇ ਲੋਕ ਇਸ ਦੀ ਪਾਲਣਾ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਬਲੈਕਆਊਟ ਦੌਰਾਨ ਜਨਰੇਟਰ, ਇਨਵਰਟਰ ਆਦਿ ਬੰਦ ਰੱਖੇ ਜਾਣ ਅਤੇ ਕੈਮਰਿਆਂ ਦੀਆਂ ਲਾਈਟਾਂ ਵੀ ਬੰਦ ਰੱਖੀਆਂ ਜਾਣ। ਉਨ੍ਹਾਂ ਕਿਹਾ ਕਿ ਬਲੈਕਆਊਟ ਦੌਰਾਨ ਸਾਰਿਆਂ ਨੂੰ ਆਪਣੇ ਘਰਾਂ/ਦੁਕਾਨਾਂ ਅਤੇ ਅਦਾਰਿਆਂ ਦੀਆਂ ਲਾਈਟਾਂ ਬੰਦ ਰੱਖਣੀਆਂ ਚਾਹੀਦੀਆਂ ਹਨ। ਪੁਲਿਸ ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਹੰਗਾਮੀ ਹਾਲਤ ਵਿਚ ਜਾਣਕਾਰੀ ਦੇਣ ਅਤੇ ਸਹਾਇਤਾ ਲਈ ਐਮਰਜੈਂਸੀ ਨੰਬਰ 112 ਡਾਇਲ ਕੀਤਾ ਜਾਵੇ ਜਿਸ ਰਾਹੀਂ ਹਰ ਸੰਬੰਧਤ ਵਿਭਾਗ ਨੂੰ ਜਾਣਕਾਰੀ ਪੁੱਜਦੀ ਹੁੰਦੀ ਹੈ। ਇਸ ਮੌਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦੇ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ ਕਰੀਬ 02 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ

## ਕਮਿਊਨਿਟੀ ਹਾਲ ਦਾ 06 ਮਹੀਨਿਆਂ ਵਿੱਚ ਮੁਕੰਮਲ ਕਰਵਾਇਆ ਜਾਵੇਗਾ ਕੰਮ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਦਿੜ੍ਹਬਾ, 01 ਜੂਨ, 2025: ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਇਸੇ ਲੜੀ ਤਹਿਤ ਹਲਕੇ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉਤੇ ਜਾਰੀ ਹਨ ਤੇ ਲੋਕਾਂ ਦੀਆਂ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਰਿਹਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ ਕਰੀਬ 02 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਇਸ ਕਮਿਊਨਿਟੀ ਹਾਲ ਦਾ ਕੰਮ 06 ਮਹੀਨਿਆਂ ਵਿੱਚ ਮੁਕੰਮਲ ਕਰਵਾਇਆ ਜਾਵੇਗਾ ਤੇ ਇਸ ਦੀ ਸਮਰੱਥਾ 500 ਵਿਅਕਤੀਆਂ ਦੀ ਹੈ।



ਕੈਬਨਿਟ ਮੰਤਰੀ ਨੇ ਦੱਸਿਆ ਕਿ ਦਿੜ੍ਹਬਾ ਦੇ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਅਤੇ ਗਰੀਬ ਲੋਕਾਂ ਦੀ ਚਿਰੋਕਣੀ ਮੰਗ ਸੀ ਕਿ ਖੁਸ਼ੀ-ਗਮੀ ਦੇ ਸਮਾਗਮ ਕਰਨ ਲਈ ਕੋਈ ਹਾਲ ਬਣਾਇਆ ਜਾਵੇ, ਜਿਸ ਦੇ ਮੱਦੇਨਜ਼ਰ ਅੱਜ ਇਸ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਹਾਲ ਦਾ ਵੱਡੀ ਗਿਣਤੀ ਲੋਕਾਂ ਨੂੰ ਫਾਇਦਾ ਹੋਵੇਗਾ, ਖਾਸਕਰ ਕੇ ਗ਼ਰੀਬ ਤੇ ਮੱਧਵਰਗੀ ਪਰਿਵਾਰ ਆਪਣੇ ਖੁਸ਼ੀ ਤੇ ਗਮੀ ਸਬੰਧੀ ਸਮਾਗਮ ਬਹੁਤ ਸੌਖਿਆਂ ਇੱਥੇ ਕਰ ਸਕਣਗੇ।

ਉਨ੍ਹਾਂ ਕਿਹਾ ਕਿ ਗਰੀਬ ਤੇ ਮੱਧ ਵਰਗੀ ਪਰਿਵਾਰ ਜਦੋਂ ਆਪਣੇ ਸਮਾਗਮ ਕਰਜ਼ਾ ਚੁੱਕ ਕੇ ਮਹਿੰਗੇ ਪੈਲੇਸਾਂ ਵਿੱਚ ਕਰਦੇ ਹਨ ਤਾਂ ਕਰਜ਼ੇ ਦੇ ਬੋਝ ਹੇਠ ਦੱਬੇ ਜਾਂਦੇ ਹਨ ਤੇ ਕਈ ਕਈ ਸਾਲ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਨਹੀਂ ਹੁੰਦੀਆਂ ਪਰ ਇਹ ਕਮਿਊਨਿਟੀ ਹਾਲ ਲੋਕਾਂ ਲਈ ਸਹਾਈ ਸਿੱਧ ਹੋਵੇਗਾ ਤੇ ਉਨ੍ਹਾਂ ਨੂੰ ਕਰਜ਼ੇ ਤੋਂ ਵੀ ਬਚਾਏਗਾ।

ਸ. ਚੀਮਾ ਨੇ ਦੱਸਿਆ ਕਿ ਦਿੜ੍ਹਬਾ ਵਿਖੇ ਗੁਰਦੁਆਰਾ ਸਾਹਿਬ ਵਾਲੇ ਤਿੰਨ ਗੇਟਾਂ ਸਬੰਧੀ ਵੀ ਪੈਸੇ ਜਾਰੀ ਕਰ ਦਿੱਤੇ ਗਏ ਹਨ।

ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕਾ ਦਿੜ੍ਹਬਾ ਦੇ ਪਿੰਡਾਂ ਦੇ ਵਿਕਾਸ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਉਹ ਤਨਦੇਹੀ ਨਾਲ ਕੰਮ ਕਰਦੇ ਹੋਏ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਨੂੰ ਆਪਣੀ ਨਿਗਰਾਨੀ ਹੇਠ ਪੂਰਾ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਸੜਕਾਂ, ਗਲੀਆਂ, ਟੋਭਿਆਂ ਦੀ ਸਫਾਈ, ਪਿੰਡਾਂ ਦੇ ਸਕੂਲਾਂ ਦੀ ਕਾਇਆ ਕਲਪ, ਮੰਡੀਆਂ ਦੀ ਅਪਗ੍ਰੇਡੇਸ਼ਨ, ਆਦਿ ਕੋਈ ਵੀ ਅਜਿਹਾ ਪੱਖ ਨਹੀਂ ਹੈ, ਜਿਸ ਸਬੰਧੀ ਵਿਕਾਸ ਕਾਰਜ ਨਾ ਹੋਏ ਹੋਣ ਜਾਂ ਵਿਕਾਸ ਕਾਰਜ ਨਾ ਚੱਲ ਰਹੇ ਹੋਣ। ਹਲਕਾ ਦਿੜ੍ਹਬਾ ਸੂਬੇ ਭਰ ਵਿੱਚ ਮਿਸਾਲ ਬਣ ਕੇ ਉੱਭਰ ਰਿਹਾ ਹੈ।

ਇਸ ਮੌਕੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ, ਐੱਸ.ਡੀ.ਐੱਮ. ਦਿੜ੍ਹਬਾ ਰਾਜੇਸ਼ ਕੁਮਾਰ ਸ਼ਰਮਾ, ਡੀ.ਐਸ.ਪੀ. ਦਿੜ੍ਹਬਾ ਡਾ. ਰੁਪਿੰਦਰ ਕੌਰ ਬਾਜਵਾ, ਐਸ.ਡੀ.ਓ. ਲੋਕ ਨਿਰਮਾਣ ਦਲਜੀਤ ਸਿੰਘ, ਜੇ. ਈ. ਜੀਵਨਜੋਤ ਸਿੰਘ, ਅਜੈ ਸਿੰਗਲਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਸੁਨੀਲ ਬਾਂਸਲ, ਮੰਗਤ ਰਾਏ ਸ਼ੈਲਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ, ਸਮੂਹ ਐਮ.ਸੀ. ਸਾਹਿਬਾਨ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਤੇ ਵੱਡੀ ਗਿਣਤੀ ਦਿੜ੍ਹਬਾ ਵਾਸੀ ਹਾਜ਼ਰ ਸਨ।

# ਫਗਵਾੜਾ ਵਿੱਚ ਪਹਿਲੀ ਵਾਰ ਐਤਵਾਰ ਨੂੰ ਵੀ ਚੁੱਕਿਆ ਗਿਆ ਕੂੜਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ 1 ਜੂਨ (ਸ਼ਿਵ ਕੌੜਾ) ਫਗਵਾੜਾ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਹੋਰ ਬੇਹਤਰ ਬਣਾਉਣ ਲਈ ਨਗਰ ਨਿਗਮ, ਫਗਵਾੜਾ ਵੱਲੋਂ ਇੱਕ ਨਿਵੇਕਲੀ ਸ਼ੁਰੂਆਤ ਕਰਦੇ ਹੋਏ ਸੈਕੰਡਰੀ ਡੰਪਾਂ ਤੇ ਇਕੱਤਰ ਹੋਣ ਵਾਲੇ ਕੂੜੇ ਨੂੰ ਐਤਵਾਰ ਨੂੰ ਵੀ ਚੁੱਕਿਆ ਗਿਆ ਫਗਵਾੜਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਕਿ ਐਤਵਾਰ ਨੂੰ ਸੈਕੰਡਰੀ ਡੰਪਾਂ ਤੋਂ ਕੂੜਾ ਚੁੱਕਿਆ ਗਿਆ, ਜਿਸ ਨਾਲ ਹਫਤੇ ਦੇ ਅਖੀਰਲੇ ਦਿਨਾਂ ਵਿੱਚ ਵੱਧਣ ਵਾਲੇ ਕੂੜੇ ਦੀ ਸਮੱਸਿਆ ਤੋਂ ਸ਼ਹਿਰਵਾਸੀਆਂ ਨੂੰ ਰਾਹਤ ਮਿਲੇਗੀ ਇਸ ਸਫਾਈ ਮੁਹਿੰਮ ਦੀ ਸ਼ੁਰੂਆਤ ਅੱਜ ਨਗਰ ਨਿਗਮ, ਫਗਵਾੜਾ ਦੇ ਮੇਅਰ ਰਾਮਪਾਲ ਉੱਪਲ, ਡਾ. ਅਕਸ਼ਿਤਾ ਗੁਪਤਾ (ਕਮਿਸ਼ਨਰ, ਨਗਰ ਨਿਗਮ, ਫਗਵਾੜਾ) ਦੀ ਅਗਵਾਈ ਹੇਠ ਸੈਨੇਟਰੀ ਇੰਸਪੈਕਟਰ ਸੇਵਕ ਰਾਮ, ਸੁਪਰਵਾਈਜ਼ਰ





ਜੋਗਰਾਜ ਅਤੇ ਹੈਲਥ ਸ਼ਾਖਾ ਦੀ ਸਮੁੱਚੀ ਟੀਮ ਦੀ ਮੌਜੂਦਗੀ ਵਿੱਚ ਗੋਰਮਿੰਟ ਸਕੂਲ ਅਤੇ ਹੁਸ਼ਿਆਰਪੁਰ ਰੋਡ ‘ਤੇ ਸਥਿੱਤ ਸੈਕੰਡਰੀ ਡੰਪਾਂ ਤੋਂ ਕੂੜੇ ਦੀ ਸਫਾਈ ਕਰਵਾ ਕੇ ਕੀਤੀ ਗਈ ਇਸ ਮੌਕੇ ਮੇਅਰ ਰਾਮਪਾਲ ਉੱਪਲ ਨੇ ਕਿਹਾ ਕਿ “ ਇਹ ਫਗਵਾੜਾ ਸ਼ਹਿਰ ਲਈ ਇੱਕ ਵੱਡਾ ਕਦਮ ਹੈ”ਉਨ੍ਹਾਂ ਕਿਹਾ ਕਿ “ ਹੁਣ ਤੱਕ ਐਤਵਾਰ ਨੂੰ ਸੈਕੰਡਰੀ ਪੁਆਇੰਟਾਂ ਤੋਂ ਕੂੜਾ ਨਹੀਂ ਉਠਾਇਆ ਜਾਂਦਾ ਸੀ, ਜਿਸ ਨਾਲ ਸੈਕੰਡਰੀ ਪੁਆਇੰਟਾਂ ਤੇ ਕੂੜਾ ਵੱਧ ਜਾਂਦਾ ਸੀ ਤੇ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਅੱਜ ਤੋਂ ਇਹ ਸਾਰਾ ਕੁੱਝ ਬਦਲ ਜਾਵੇਗਾ”ਮੇਅਰ ਉੱਪਲ ਨੇ ਕਿਹਾ ਕਿ ਹੁਣ ਤੋਂ ਨਗਰ ਨਿਗਮ ਦੀ ਟੀਮ ਐਤਵਾਰ ਨੂੰ ਵੀ ਕੰਮ ਕਰੇਗੀ ਤਾਂ ਜੋ ਸਫਾਈ ਵਿਵਸਥਾ ਨਿਰੰਤਰ ਬਣੀ ਰਹੇ। ਉਨ੍ਹਾਂ ਇਸ ਮੌਕੇ ਨਗਰ ਨਿਗਮ ਦੀ ਹੈਲਥ ਸ਼ਾਖਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਨਗਰ ਨਿਗਮ ਦੇ ਕਰਮਚਾਰੀਆਂ ਨੂੰ ਵਧਾਈ ਦਿੱਤੀ ਇਸ ਮੌਕੇ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਕਿਹਾ ਕਿ “ਨਗਰ ਨਿਗਮ ਦੀ ਇਹ ਪਹਿਲ ਸਾਡੀ ਫਗਵਾੜਾ ਸ਼ਹਿਰ ਦੀ ਸਫਾਈ ਵਿਵਸਥਾ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਹੁਣ ਤੋਂ ਹਰ ਐਤਵਾਰ ਨੂੰ ਵੀ ਸੈਕੰਡਰੀ ਡੰਪਾਂ ਨੂੰ ਸਾਫ ਕੀਤਾ ਜਾਵੇਗਾ, ਜਿਸ ਨਾਲ ਸਫਾਈ ਵਿਵਸਥਾ ਵਿੱਚ ਹੋਰ ਸੁਧਾਰ ਹੋਵੇਗਾ ਅਤੇ ਸੈਕੰਡਰੀ ਪੁਆਇੰਟਾਂ ਤੇ ਐਤਵਾਰ ਵਾਲੇ ਦਿਨ ਕੂੜਾ ਇਕੱਠਾ ਹੋਣ ਵਾਲੀ ਸਮੱਸਿਆ ਤੋਂ ਸ਼ਹਿਰਵਾਸੀਆਂ ਨੂੰ ਨਿਜ਼ਾਤ ਮਿਲੇਗੀ ਡਾ. ਗੁਪਤਾ ਨੇ ਕਿਹਾ ਕਿ ਇਸ ਸਫਾਈ ਮੁਹਿੰਮ ਦੀ ਅੱਜ ਤੋਂ ਰਸਮੀ ਸ਼ੁਰੂਆਤ ਕੀਤੀ ਹੈ ਅਤੇ ਹਰ ਐਤਵਾਰ ਨੂੰ ਨਿਰੰਤਰ ਤੌਰ ਤੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਇਹ ਮੁਹਿੰਮ ਜਾਰੀ ਰਹੇਗੀ, ਜਿਸ ਦੌਰਾਨ ਫਗਵਾੜਾ ਸ਼ਹਿਰ ਦੇ ਸੈਕੰਡਰੀ ਪੁਆਇੰਟਾਂ ਤੋਂ ਨਗਰ ਨਿਗਮ ਦੀ ਹੈਲਥ ਸ਼ਾਖਾ ਦੀਆਂ ਟੀਮਾਂ ਨਿਰਧਾਰਿਤ ਸਮੇਂ ਅਨੁਸਾਰ ਸਫਾਈ ਕਰਨਗੀਆਂ ਅਤੇ ਹਫਤੇ ਦੇ ਆਖਰੀ ਦਿਨ ਇਕੱਠਾ ਹੋਣ ਵਾਲੇ ਕੂੜੇ ਦੀ ਸਮੱਸਿਆ ਨੂੰ ਖਤਮ ਕਰਨਗੀਆਂ ਡਾ. ਗੁਪਤਾ ਨੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਕਿ ਕੂੜੇ ਦੀ ਸੈਗਰੀਗੇਸ਼ਨ ਅਤੇ ਜਨਤਕ ਥਾਵਾਂ ਨੂੰ ਸਾਫ ਰੱਖਣ ਵਿੱਚ ਪ੍ਰਸ਼ਾਸ਼ਨ ਦਾ ਸਾਥ ਦੇਣ

# ਸਰਬ ਨੌਜਵਾਨ ਸਭਾ ਨੇ ਸੰਤੋਸ਼ ਕੁਮਾਰ ਗੋਗੀ ਨੂੰ 'ਆਪ' ਦੇ ਜ਼ਿਲ੍ਹਾ ਸਕੱਤਰ ਬਣਨ 'ਤੇ ਕੀਤਾ ਸਨਮਾਨਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 94636 01616 hardipchumber57@gmail.com



ਫਗਵਾੜਾ 1 ਜੂਨ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਅੱਜ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਸੰਤੋਸ਼ ਕੁਮਾਰ ਗੋਗੀ ਨੂੰ ਆਪ ਪਾਰਟੀ ਦਾ ਜਿਲ੍ਹਾ ਸਕੱਤਰ ਬਣਨ 'ਤੇ ਸਨਮਾਨਤ ਕੀਤਾ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸੰਤੋਸ਼ ਕੁਮਾਰ ਗੋਗੀ ਸਰਬ ਨੌਜਵਾਨ ਸਭਾ ਦੇ ਸਲਾਹਕਾਰ ਬੋਰਡ ਦੇ ਮੈਂਬਰ ਵੀ ਹਨ। ਜਿਸ ਕਰਕੇ ਸਭਾ ਲਈ ਵੀ ਇਹ ਮਾਣ ਵਾਲੀ ਗੱਲ ਹੈ। ਇਸ ਤੋਂ ਇਲਾਵਾ ਉਹ 'ਆਪ' ਪਾਰਟੀ ਦੇ ਸਰਗਰਮ ਮੈਂਬਰ ਹੋਣ ਤੋਂ ਇਲਾਵਾ ਹੁਣ ਤੱਕ ਐਸ.ਸੀ. ਵਿੰਗ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਦੇ ਨਾਤੇ ਵਧੀਆ ਸੇਵਾਵਾਂ ਦਿੰਦੇ ਰਹੇ ਹਨ। ਉਹਨਾਂ ਦੀ ਪਾਰਟੀ ਪ੍ਰਤੀ ਸਮਰਪਿਤ ਭਾਵਨਾ ਦਾ ਸਤਿਕਾਰ ਕਰਦੇ ਹੋਏ ਪਾਰਟੀ ਲੀਡਰਸ਼ਿਪ ਨੇ ਜਿਲ੍ਹਾ ਸਕੱਤਰ ਐਲਾਨਿਆ ਹੈ। ਜਿਸ ਦੇ ਲਈ ਉਹ ਸਭਾ ਦੇ ਸਮੂਹ ਮੈਂਬਰਾਂ ਵਲੋਂ ਸੰਤੋਸ਼ ਕੁਮਾਰ ਗੋਗੀ ਨੂੰ ਸ਼ੁੱਭ ਇੱਛਾਵਾਂ ਦਿੰਦੇ ਹਨ। ਇਸ ਮੌਕੇ ਸ਼ਹੀਦ ਭਗਤ ਸਿੰਘ ਯਾਦਗਾਰੀ ਸੁਸਾਇਟੀ ਫਗਵਾੜਾ ਅਤੇ ਯੁਵਕ ਸੇਵਾਵਾਂ ਕਲੱਬ ਭੁੱਲਾਰਾਈ ਸਮੇਤ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਵੱਲੋਂ ਵੀ ਸੰਤੋਸ਼ ਕੁਮਾਰ ਗੋਗੀ ਨੂੰ ਜਿਲ੍ਹਾ ਸਕੱਤਰ ਬਣਨ ਤੇ ਸ਼ੁੱਭ ਇੱਛਾਵਾਂ ਦਿੱਤੀਆਂ ਗਈਆਂ। ਇਸ ਮੌਕੇ ਸਵਰਨ ਸਿੰਘ ਪ੍ਰਧਾਨ ਹਲਵਾਈ ਯੂਨੀਅਨ ਨੇ ਦੱਸਿਆ ਕਿ ਸੰਤੋਸ਼ ਕੁਮਾਰ ਗੋਗੀ ਨੂੰ 'ਸਰਬੱਤ ਦੇ ਭਲਾ' ਦੀ ਗੱਲ ਕਰਨ ਅਤੇ ਸਮਾਜ ਭਲਾਈ 'ਚ ਉਹਨਾਂ ਦੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ ਹੈ। ਨਵ ਨਿਯੁਕਤ ਜਿਲ੍ਹਾ ਸਕੱਤਰ ਸੰਤੋਸ਼ ਕੁਮਾਰ ਗੋਗੀ ਨੇ ਸਮੂਹ ਜੱਥੇਬੰਦੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪ ਪਾਰਟੀ ਦੇ ਵਫਾਦਾਰ ਸਿਪਾਹੀ ਹੋਣ ਦੇ ਨਾਤੇ ਬਤੌਰ ਜਿਲ੍ਹਾ ਪ੍ਰਧਾਨ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਅਤੇ ਉਹਨਾਂ ਦੀ ਸਰਕਾਰ ਦੇ ਸਹਿਯੋਗ ਨਾਲ ਫਗਵਾੜਾ ਸਮੇਤ ਸਮੁੱਚੇ ਜਿਲ੍ਹੇ ਦੇ ਵਿਕਾਸ ਦਾ ਹਰ ਸੰਭਵ ਉਪਰਾਲਾ ਕਰਨਗੇ। ਇਸ ਦੇ ਨਾਲ ਹੀ ਸਮਾਜ ਭਲਾਈ ਦੇ ਆਪਣੇ ਮਿਸ਼ਨ ਨੂੰ ਜਾਰੀ ਰੱਖਣ ਦਾ ਭਰੋਸਾ ਵੀ ਉਹਨਾਂ ਵਲੋਂ ਦਿੱਤਾ ਗਿਆ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਗੁਰਦੀਪ ਸਿੰਘ ਤੁਲੀ ਹਲਕਾ ਕੋਆਡੀਨੇਟਰ ਵਪਾਰ ਸੈੱਲ, ਗੁਰਦੀਪ ਸਿੰਘ ਬਲਾਕ ਪ੍ਰਧਾਨ, ਜਸ਼ਨ ਮਹਿਰਾ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਭੁੱਲਾਰਾਈ, ਗੁਰਸ਼ਰਨ ਸਿੰਘ ਬਾਸੀ, ਕੇਵਿਨ ਸਿੰਘ, ਗੁਲਸ਼ਨ ਕਪੂਰ, ਵਿੱਕੀ ਸਿੰਘ, ਸ਼ੁਭਮ ਸ਼ਰਮਾ, ਮਨਦੀਪ ਬਾਸੀ ਹਾਜ਼ਰ ਸਨ।

# ਸੀਵਰੇਜ ਕਾਮੇ ਕੰਮ ਤੇ ਪਰਤੇ, ਜੇਕਰ ਵਧੀ ਹੋਈ ਤਨਖਾਹ ਨਾ ਮਿਲੀ, ਤਾਂ ਅਗਲੀ ਰਣਨੀਤੀ ਤੈਅ ਹੋਵੇਗੀ - ਯੂਨੀਅਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਸੀਵਰਮੈਨ ਯੂਨੀਅਨ ਦੇ ਅਧਿਕਾਰੀ ਅਤੇ ਸਰਕਾਰ 24 ਮਈ ਤੋਂ ਹੜਤਾਲ 'ਤੇ ਸਨ। ਯੂਨੀਅਨ ਅਧਿਕਾਰੀਆਂ ਅਤੇ ਸਰਕਾਰ ਵੱਲੋਂ ਉਨ੍ਹਾਂ ਦੀ ਅਗਲੀ ਤਨਖਾਹ ਵਧੇ ਦੇ ਭਰੋਸੇ ਤੋਂ ਬਾਅਦ ਕੰਮ 'ਤੇ ਵਾਪਸ ਪਰਤੇ, ਅਤੇ ਯੂਨੀਅਨ ਮੈਂਬਰਾਂ ਨੇ ਪ੍ਰੇਮਗੜ੍ਹ ਵਿੱਚ ਜਾਮ ਹੋਏ ਸੀਵਰੇਜ ਨੂੰ ਖੋਲ੍ਹ ਕੇ ਇਸਦੀ ਸ਼ੁਰੂਆਤ ਕੀਤੀ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਨਰੇਸ਼ ਕੁਮਾਰ ਦੀ ਅਗਵਾਈ ਹੇਠ ਯੂਨੀਅਨ ਮੈਂਬਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਦਿੱਤਾ ਗਿਆ ਹੈ ਕਿ ਉਨ੍ਹਾਂ ਨੂੰ ਅਗਲਾ ਤਨਖਾਹ ਵਾਧਾ ਯਾਨੀ 25 ਹਜ਼ਾਰ ਰੁਪਏ ਦਿੱਤਾ ਜਾਵੇਗਾ। ਜੇਕਰ ਉਨ੍ਹਾਂ ਨੂੰ ਇਸ ਤੋਂ ਘੱਟ ਮਿਲਦਾ ਹੈ, ਤਾਂ ਉਨ੍ਹਾਂ ਨੂੰ ਦੁਬਾਰਾ ਸੰਘਰਸ਼ ਦੇ ਰਾਹ 'ਤੇ ਆਉਣ ਦਾ ਭਰੋਸਾ ਦੇਣਾ ਪਵੇਗਾ ਅਤੇ ਜੇਕਰ ਅਜਿਹਾ ਭੁਗਤਾਨ ਕੀਤਾ ਜਾਂਦਾ ਹੈ ਤਾਂ ਉਹ ਮੰਗ ਨੂੰ ਪੂਰਾ ਕਰਨ ਲਈ ਅਗਲੀ ਰਣਨੀਤੀ ਤੈਅ ਕਰਨਗੇ। ਯੂਨੀਅਨ ਮੈਂਬਰਾਂ ਨੇ ਕਿਹਾ ਕਿ ਜੇਕਰ ਇਸ ਵਾਰ ਉਨ੍ਹਾਂ ਨਾਲ ਧੱਕਾ ਹੁੰਦਾ ਹੈ, ਤਾਂ ਉਹ ਚੁੱਪ ਨਹੀਂ ਬੈਠਣਗੇ ਅਤੇ ਪੰਜਾਬ ਪੱਧਰ 'ਤੇ ਸੰਘਰਸ਼ ਕਰਨ ਤੋਂ ਪਿੱਛੇ ਨਹੀਂ ਹਟਣਗੇ। ਇਸ ਦੌਰਾਨ ਸਫਾਈ ਕਰਮਚਾਰੀ ਫੈਡਰੇਸ਼ਨ ਦੇ ਚੇਅਰਮੈਨ ਰਾਜਾ ਹੰਸ ਅਤੇ ਆਊਟਸੋਰਸ ਕਰਮਚਾਰੀ ਯੂਨੀਅਨ ਦੇ ਚੇਅਰਮੈਨ ਕਮਲ ਭੱਟੀ ਨੇ ਕਿਹਾ ਕਿ ਸੀਵਰਮੈਨਾਂ ਦੀਆਂ ਮੰਗਾਂ ਜਾਇਜ਼ ਹਨ ਅਤੇ ਜਾਇਜ਼ ਮੰਗਾਂ ਦੀ ਪਾਲਣਾ ਕਰਨਾ ਸਰਕਾਰ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਉਹ ਯੂਨੀਅਨ ਦੇ ਧੰਨਵਾਦੀ ਹਨ ਕਿ ਸਾਰੇ ਮੈਂਬਰਾਂ ਨੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਸਮਝਦੇ ਹੋਏ ਕੰਮ 'ਤੇ ਵਾਪਸ ਜਾਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ



ਜੇਕਰ ਸਰਕਾਰ ਨੇ ਉਨ੍ਹਾਂ ਨਾਲ ਵਾਅਦਾ ਕੀਤਾ ਹੈ ਕਿ ਉਨ੍ਹਾਂ ਨੂੰ ਵਧੀ ਹੋਈ ਤਨਖਾਹ ਮਿਲੇਗੀ, ਤਾਂ ਸਾਰੀਆਂ ਯੂਨੀਅਨਾਂ ਮਿਲ ਕੇ ਸੰਘਰਸ਼ ਕਰਨਗੀਆਂ। ਜਿਸਦੀ ਜ਼ਿੰਮੇਵਾਰੀ ਨਿਗਮ ਅਧਿਕਾਰੀਆਂ ਅਤੇ ਸਰਕਾਰ ਦੀ ਹੋਵੇਗੀ।

# ਫਿਲੌਰ ਪੁਲਿਸ ਨੇ ਦੋ ਨਸ਼ਾ ਤਸਕਰਾਂ ਨੂੰ 101 ਨਸ਼ੀਲੇ ਕੈਪਸੂਲਾਂ ਸਮੇਤ ਕੀਤਾ ਗ੍ਰਿਫਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 94636 01616 hardipchumber57@gmail.com

ਫਿਲੌਰ/ਅੱਪਰਾ (ਦੀਪਾ)-ਥਾਣਾ ਫਿਲੌਰ ਦੀ ਪੁਲਿਸ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿਮ ਦੇ ਤਹਿਤ ਅੱਪਰਾ ਤੋਂ ਦੋ ਨਸ਼ਾ ਤਸਕਰਾਂ ਨੂੰ 101 ਨਸ਼ੀਲੇ ਕੈਪਸੂਲਾਂ ਸਮੇਤ ਗਿਫਤਾਰ ਕਰਨ 'ਚ ਸਫਲਤਾ ਪ੍ਰਾਪਤ ਕੀਤੀ ਹੈ | ਇਸ ਸੰਬੰਧ 'ਚ ਜਾਣਕਾਰੀ ਦਿੰਦਿਆਂ ਡੀ. ਐੱਸ. ਪੀ ਫਿਲੌਰ ਸ. ਸਰਵਣ ਸਿੰਘ ਬੱਲ ਨੇ ਦੱਸਿਆ ਕਿ ਇੰਸਪੈਕਟਰ ਸੰਜੀਵ ਕਪੂਰ ਥਾਣਾ ਮੁਖੀ ਫਿਲੌਰ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਦੋ ਨਸ਼ਾ ਤਸਕਰਾਂ ਜਗਜੀਤ ਸਿੰਘ ਉਰਫ ਜੱਗੀ ਪੁੱਤਰ ਇੰਦਰਜੀਤ ਸਿੰਘ ਤੇ ਸੁਰਜੀਤ ਸਿੰਘ ਉਰਫ ਰਾਜਾ ਪੁੱਤਰ ਸੁੱਚਾ ਰਾਮ ਦੋਵੇਂ ਵਾਸੀ ਪਿੰਡ ਮੋਰੋਂ ਨੇੜੇ ਅੱਪਰਾ ਥਾਣਾ ਫਿਲੌਰ ਨੂੰ 101 ਨਸ਼ੀਲੇ ਕੈਪਸੂਲ ਮਾਰਕਾ ਸਪਾਸਮੈਡ ਬਰਾਮਦ ਕੀਤੇ ਹਨ | ਕਥਿਤ ਦੋਸ਼ੀਆਂ ਦੇ ਖਿਲਾਫ਼ ਥਾਣਾ ਫਿਲੌਰ ਵਿਖੇ ਐੱਨ. ਡੀ. ਪੀ. ਐੱਸ. ਐਕਟ ਦੀ ਧਾਰਾ 22-61-85 ਤਹਿਤ ਮਕੱਦਮਾ ਦਰਜ ਕਰ ਲਿਆ ਹੈ | ਡੀ.ਐੱਸ. ਪੀ ਫਿਲੌਰ ਨੇ ਅੱਗੇ ਦੱਸਿਆ ਕਿ ਉਕਤ ਦੋਸ਼ੀ ਵੱਖ ਵੱਖ ਥਾਵਾਂ ਤੋਂ ਵੱਖ ਵੱਖ ਸਾਧਨਾਂ 'ਤੇ ਨਸ਼ਾ ਖਰਦੀ ਕੇ ਫਿਲੌਰ



ਇਲਾਕੇ 'ਚ ਵੱਡੀ ਪੱਧਰ 'ਤੇ ਵੇਚਦੇ ਸਨ, ਜਿਨਾਂ ਤੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ |

# ਕਪੂਰਥਲਾ ਦੇ 24 ਹੋਰ ਪਿੰਡਾਂ ਵਿਚ ਲੋਕਾਂ ਵਲੋਂ ਨਸ਼ੇ ਵਿਰੁੱਧ ਲੜਾਈ ਨੂੰ ਅੰਜਾਮ ਤੱਕ ਪਹੁੰਚਾਉਣ ਦਾ ਅਹਿਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 94636 01616 hardipchumber57@gmail.com






ਫਗਵਾੜਾ 1 ਜੂਨ (ਸ਼ਿਵ ਕੌੜਾ)ਪੰਜਾਬ ਸਰਕਾਰ ਵਲੋਂ ਨਸ਼ੇ ਦੀ ਅਲਾਮਤ ਨੂੰ ਜੜ੍ਹੋਂ ਖਤਮ ਕਰਨ ਲਈ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਤਹਿਤ ਅੱਜ ਕਪੂਰਥਲਾ ਜਿਲ੍ਹੇ ਦੇ 24 ਪਿੰਡਾਂ ਦੇ ਲੋਕਾਂ ਨੇ ਨਸ਼ੇ ਵਿਰੁੱਧ ਲੜਾਈ ਵਿਚ ਮੁਹਰੇ ਹੋ ਕੇ ਲੜਨ ਦਾ ਅਹਿਦ ਲਿਆ ਅੱਜ ਕਪੂਰਥਲਾ ਜਿਲ੍ਹੇ ਦੇ ਪਿੰਡ ਜਮਾਲਪੁਰ, ਠੱਕਰਕੀ, ਨਿਹਾਲਗੜ੍ਹ ਪੱਤੀ ਖਿਜਰਪੁਰ, ਪਾਂਡਵਾ, ਜੈਨਪੁਰ ਹੈਬਤਪੁਰ, ਮੌਲੀ, ਭਾਣੋਕੀ, ਵਡੇਲ ਹਰਨਾਮਪੁਰ, ਭਟਨੂਰਾ ਕਲਾਂ, ਚੱਕ ਕੋਟਲਾ ਫੌਜੀ ਕਾਲੋਨੀ, ਭਟਨੂਰਾ ਖੁਰਦ, ਫੌਜੀ ਕਾਲੋਨੀ ਮੁਰੱਬਲੀਪੁਰ, ਟਾਂਡੀ ਔਲਖ, ਫੌਜੀ ਕਾਲੋਨੀ ਰਣਧੀਰਪੁਰ, ਮਾਛੀਪਾਲ ਕੌਲਪੁਰ ਸਿਆਲ, ਲੱਖਣ ਕਲਾਂ, ਲੱਖਣ ਖੁਰਦ ਦਿਆਲਪੁਰ, ਹਮੀਰਾ ਤੇ ਜਗਜੀਤ ਨਗਰ ਪਿੰਡਾਂ ਵਿਚ ਸਭਾਵਾਂ ਹੋਈਆਂ ਇਨ੍ਹਾਂ ਸਭਾਵਾਂ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਕੇ ਪੰਜਾਬ ਸਰਕਾਰ ਵਲੋਂ ਨਸ਼ੇ ਵਿਰੁੱਧ ਛੇੜੀ ਜੰਗ ਵਿਚ ਭਾਗੀਦਾਰ ਬਣਨ ਦੀ ਸਹੁੰ ਚੁੱਕੀ ਗਈ ਕਪੂਰਥਲਾ ਹਲਕੇ ਦੇ ਪਿੰਡਾਂ ਵਿਖੇ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਲਲਿਤ ਸਕਲਾਨੀ ਦੀ ਅਗਵਾਈ ਹੇਠ ਹੋਈਆਂ ਸਭਾਵਾਂ ਵਿਚ ਵੱਡੀ ਗਿਣਤੀ ਵਿਚ ਲੋਕਾਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਚਲਾਈ ਗਈ ਇਸ ਯਾਤਰਾ ਦਾ ਮਕਸਦ ਨਸ਼ੇ ਵਿਰੁੱਧ ਲੜਾਈ ਨੂੰ ਲੋਕ ਲਹਿਰ ਬਣਾਉਣਾ ਹੈ ਕਿਉਂਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸਨੂੰ ਨਿਰਣਾਇਕ ਅੰਜਾਮ ਤੱਕ ਪਹੁੰਚਾਇਆ ਜਾ ਸਕਦਾ ਹੈ ਇਸੇ ਤਰ੍ਹਾਂ ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਵਿਖੇ ਸਭਾਵਾਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਨਗਰ ਸੁਧਾਰ ਟਰੱਸਟ ਸੱਜਣ ਸਿੰਘ ਚੀਮਾ ਨੇ ਕਿਹਾ ਕਿ ' ਇਹ ਨਸ਼ਾ ਮੁਕਤੀ ਯਾਤਰਾ ਕੋਈ ਸਿਆਸੀ ਯਾਤਰਾ ਨਹੀਂ,ਸਗੋਂ ਨਸ਼ੇ ਦੇ ਖਾਤਮੇ ਦਾ ਸਮਾਜਿਕ ਸੰਕਲਪ ਹੈ ਉਨ੍ਹਾਂ ਕਿਹਾ ਕਿ ਸਮਾਜ ਦਾ ਹਰ ਵਰਗ ਪੰਚਾਇਤ,ਮਾਤਾ-ਪਿਤਾ ਇਸ ਅੰਦੋਲਨ ਨਾਲ ਜੁੜਨ ਤਾਂ ਜੋ ਨਸ਼ੇ ਦੇ ਦੈਂਤ ਨੂੰ ਹਰਾਇਆ ਜਾ ਸਕੇ ਇਸੇ ਤਰ੍ਹਾਂ ਭੁਲੱਥ ਹਲਕੇ ਦੇ ਪਿੰਡਾਂ ਵਿਚ ਡਾਇਰੈਕਟਰ ਜਲ ਸਰੋਤ ਵਿਭਾਗ ਤੇ ਮੈਂਬਰ ਪੰਜਾਬ ਕ੍ਰਿਕਟ ਐਸੋਸੀਏਸ਼ਨ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਲੜਾਈ ਦਾ ਹਲਫ ਦਿਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਲੜਾਈ ਪਿੰਡ-ਪਿੰਡ ਤੋਂ ਸ਼ੁਰੂ ਹੋ ਚੁੱਕੀ ਹੈ, ਜਿਸ ਤਹਿਤ ਹਰੇਕ ਪਿੰਡ ਵਾਸੀ ਆਪਣੇ ਪਿੰਡ ਦਾ ਪਹਿਰੇਦਾਰ ਬਣੇਗਾ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਕਿਸਮ ਦੀ ਸਿਆਸੀ ਸਰਪ੍ਰਸਤੀ ਨਹੀਂ ਮਿਲੇਗੀ ਤੇ ਨਾ ਹੀ ਉਨ੍ਹਾਂ ਦੀ ਕੋਈ ਜਮਾਨਤ ਦੇਵੇਗਾ ਫਗਵਾੜਾ ਹਲਕੇ ਦੇ ਪਿੰਡਾਂ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਹੋਏ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਸ ਜੋਗਿੰਦਰ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ ਨੇ ਕਿਹਾ ਕਿ ਨਸ਼ੇ ਦੇ ਖਾਤਮੇ ਲਈ ਪੰਜਾਬ ਸਰਕਾਰ ਵਲੋਂ ਚਲਾਈ ਮੁਹਿੰਮ ਲੋਕਾਂ ਦੇ ਸਹਿਯੋਗ ਨਾਲ ਲੋਕ ਲਹਿਰ ਬਣ ਰਹੀ ਹੈ ਜਿਸ ਤਹਿਤ ਨਸ਼ੇ ਦੇ ਖਾਤਮੇ ਲਈ ਲੋਕ ਖੁਦ ਅੱਗੇ ਆ ਰਹੇ ਹਨ। ਉਨ੍ਹਾਂ ਲੋਕਾਂ ਨੂੰ ਨਸ਼ੇ ਵਿਰੁੱਧ ਜੰਗ ਵਿਚ ਅਹਿਮ ਭੂਮਿਕਾ ਨਿਭਾਉਣ ਦੀ ਸਹੁੰ ਵੀ ਚੁਕਾਈ।

# ਪਿੰਡ ਅਖਾੜਾ ਤੋਂ ਦੋ ਹਜਾਰ ਲੋਕ ਪੁਲਸ ਜ਼ਬਰ ਵਿਰੋਧੀ ਰੈਲੀ 'ਚ ਸ਼ਾਮਲ ਹੋਣਗੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 01 ਜੂਨ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ ਜਗਰਾਓਂ, 1 ਜੂਨ, 2025: ਨਵੀ ਦਾਣਾ ਮੰਡੀ ਜਗਰਾਓਂ ਵਿਖੇ ਪੁਲਸ ਜਬਰ ਖਿਲਾਫ ਹੋ ਰਹੀ ਰੈਲੀ 'ਚ ਅਖਾੜਾ ਪਿੰਡ ਤੋ ਦੋ ਹਜਾਰ ਮਰਦ ਔਰਤਾਂ ਦਰਜਨਾਂ ਵੱਖ ਵੱਖ ਸਾਧਨਾਂ ਰਾਹੀ ਕਾਫਲੇ ਦੇ ਰੂਪ 'ਚ ਸ਼ਾਮਲ ਹੋਣਗੇ। ਇਸ ਗੱਲ ਦਾ ਐਲਾਨ ਅੱਜ ਇੱਥੇ ਬਾਇਓ ਗੈਸ ਪਲਾਂਟ ਸਾਹਮਣੇ ਚੱਲ ਰਹੇ ਧਰਨੇ ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਇਕਾਈ ਪ੍ਰਧਾਨ ਗੁਰਤੇਜ ਸਿੰਘ ਅਖਾੜਾ ਨੇ ਪੇਸ਼ ਕੀਤੇ। ਉਨਾਂ ਕਿਹਾ ਕਿ ਬੀਤੀ 26 ਅਪ੍ਰੈਲ ਨੂੰ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ ਤੇ ਵਿਦੇਸ਼ੀ ਦੁਸ਼ਮਣਾ ਵਾਂਗ ਸੰਘਰਸ਼ ਮੋਰਚੇ ਤੇ ਸੈਂਕੜਿਆ ਦੀ ਗਿਣਤੀ 'ਚ ਪੰਜਾਬ ਪੁਲਸ ਵਲੋ ਬੋਲੇ ਧਾਵੇ ਤੇ ਕੀਤੀ ਭੰਨ ਤੋੜ ਖਿਲਾਫ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਹੋ ਰਹੀ ਇਹ ਵਿਸ਼ਾਲ ਰੈਲੀ ਸੰਘਰਸ਼ਸ਼ੀਲ ਲੋਕਾਂ ਤੇ ਜਾਬਰ ਹੱਥ ਪਰੇ ਰੱਖਣ ਦੀ ਵੰਗਾਰ ਸਾਬਤ ਹੋਵੇਗੀ। ਇਸ ਸਮੇ ਅਪਣੇ ਸੰਬੋਧਨ 'ਚ ਜਗਤਾਰ ਸਿੰਘ ਦੇਹੜਕਾ ਜਿਲਾ ਪ੍ਰਧਾਨ ਦੱਸਿਆ ਕਿ ਪਿੰਡ ਵਾਸੀਆਂ ਵਲੋ ਅੱਤ ਦੀ ਗਰਮੀ ਚ ਸ਼ਾਂਤਮਈ ਧਰਨੇ ਤੇ ਬੈਠਣ ਲਈ ਪਹਿਲੀ ਥਾਂ ਤੇ ਪਿੱਛੇ ਹੱਟ ਕੇ ਉਸਾਰੇ ਜਾ ਰਹੇ ਸ਼ੈਡ ਬਾਰੇ ਪੁਲਸ ਅਧਿਕਾਰੀਆ ਨੂੰ ਕੋਈ ਇਤਰਾਜ ਨਹੀ ਹੋਣਾ ਚਾਹੀਦਾ। ਅਮਨਪੂਰਵਕ ਚੱਲ ਰਹੇ ਦਿਨ ਰਾਤ ਦੇ ਧਰਨੇ ਚ ਕਿਸੇ ਵੀ ਕਿਸਮ ਦੀ ਅੜਚਣ ਪਿੰਡ ਵਸੀ ਬਰਦਾਸ਼ਤ ਨਹੀ ਕਰਨਗੇ। ਉਨਾਂ ਕਿਹਾ ਕਿ ਜਨਤਕ ਸਿਹਤ ਤੇ ਵਾਤਾਵਰਣ ਲਈ ਪ੍ਰਦੂਸ਼ਣ ਅਤੇ ਬੀਮਾਰੀਆਂ ਦਾ ਘਰ ਇਹ ਕੈਂਸਰ ਗੈਸ ਫੈਕਟਰੀਆ ਪੱਕੇ ਤੋਰ ਤੇ ਬੰਦ ਕਰਾਉਣ ਤੱਕ ਇਹ ਸੰਘਰਸ਼ ਜਾਰੀ ਰਹੇਗਾ। ਇਸ ਸਮੇ ਅਪਣੇ ਸੰਬੋਧਨ ਚ ਇਨਕਲਾਬੀ ਕੇਦਰ ਪੰਜਾਬ ਦੇ ਆਗੂ ਕੰਵਲਜੀਤ ਖੰਨਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲਾ ਸੱਕਤਰ ਇੰਦਰਜੀਤ ਸਿੰਘ ਧਾਲੀਵਾਲ , ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ ਨੇ ਕਿਹਾ ਕਿ ਪੰਜਾਬ ਨੂੰ ਪੁਲਸ ਰਾਜ ਬਣਾ ਕੇ, ਸੰਘਰਸ਼ਸ਼ੀਲ ਲੋਕਾਂ ਨੂੰ ਜੇਲਾਂ ਚ ਡੱਕ ਕੇ ਭਗਵੰਤ ਮਾਨ ਸਰਕਾਰ ਜਿੱਧਰ ਤੁਰ ਪਈ ਹੈ ਦਿੱਲੀ ਤੇ ਬਾਦ ਹੁਣ ਪੰਜਾਬ ਚ ਵੀ ਉਸ ਦੀ ਸਫ ਵਲੇਟੀ ਜਾਣੀ ਹੈ। ਉਨਾਂ ਦੱਸਿਆ ਕਿ ਸੰਗਰੂਰ ਚ ਬੇਗਮਪੁਰਾ ਵਸਾਉਣ ਜਾ ਰਹੇ ਮਜਦੂਰਾਂ ਨੂੰ ਜੇਲਾਂ ਚ ਸੁੱਟਣ ਖਿਲਾਫ ਦੋ ਜੂਨ ਨੂੰ ਪੰਜਾਬ ਭਰ 'ਚ ਦਿੱਤੇ ਜਾ ਰਹੇ ਧਰਨਿਆਂ ਦੇ ਦਬਾਅ ਚ ਪੰਜਾਬ ਸਰਕਾਰ ਵਲੋ ਮਜਦੂਰ ਜਥੇਬੰਦੀਆ ਨੂੰ ਮੀਟਿੰਗ ਦੇ ਕੇ ਸਾਰੇ ਮਜਦੂਰ ਰਿਹਾ ਕਰਨੇ ਪਏ ਹਨ। ਇਸ ਸਮੇ ਅਪਣੇ ਸੰਬੋਧਨ ਚ ਸੁਖਜੀਤ ਸਿੰਘ ਨੇ ਕਿਹਾ ਕਿ ਅਖਾੜਾ ਪਿੰਡ ਹਰ ਹਾਲਤ ਇਹ ਕੈਂਸਰ ਗੈਸ ਫੈਕਟਰੀ ਬੰਦ ਕਰਵਾ ਕੇ ਹੀ ਰਹੇਗਾ। ਇਸ ਸਮੇ ਬਠਿੰਡਾ ਚ ਪਿਛਲੇ ਦਿਨੀ ਪੁਲਸ ਜਬਰ ਨਾਲ ਮਾਰ ਗਏ ਨਰਿੰਦਰਦੀਪ ਸਿੰਘ ਦੇ ਕਾਤਲ ਪੁਲਸ ਇੰਸਪੈਕਟਰ ਖਿਲਾਫ ਕਤਲ ਦਾ ਮੁੱਕਦਮਾ ਦਰਜ ਕਰਕੇ ਨੋਕਰੀ ਤੇ ਬਰਖਾਸਤ ਕਰਨ ਦੀ ਮੰਗ ਕੀਤੀ ਗਈ।

ਇਸ ਸਮੇ ਸੁਖਦੇਵ ਸਿੰਘ, ਦਰਸ਼ਨ ਸਿੰਘ, ਮਹਿੰਦਰ ਸਿੰਘ ਨੰਨੂ, ਸਰਪੰਚ ਜਸਵੀਰ ਸਿੰਘ, ਸਵਰਨ ਸਿੰਘ, ਜਗਦੇਵ ਸਿੰਘ ਆਦਿ ਹਾਜਰ ਸਨ।

# ਬਸਪਾ ਵੱਲੋਂ ਹਲਕਾ ਸਮਾਣਾ ਵਿਖੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਮੀਟਿੰਗ ਕੀਤੀ, ਜਰਨੈਲ ਸਿੰਘ ਬਿੱਟੂ

## ਅਜੀਤ ਸਿੰਘ ਭੈਣੀ ਇੰਚਾਰਜ ਬਸਪਾ ਪੰਜਾਬ ਨੇ ਮੀਟਿੰਗ ਨੂੰ ਕੀਤਾ ਸੰਬੋਧਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਬਹੁਜਨ ਸਮਾਜ ਪਾਰਟੀ ਵੱਲੋਂ ਹਲਕਾ ਸਮਾਣਾ ਵਿਖੇ ਮੀਟਿੰਗ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਮਲਕਾਣਾ ਪੱਤੀ ਸਮਾਣਾ ਵਿਖੇ ਕੀਤੀ ਗਈ। ਜਿਸ ਵਿੱਚ ਪੰਜਾਬ ਦੇ ਇੰਚਾਰਜ ਸ੍ਰੀ ਅਜੀਤ ਸਿੰਘ ਭੈਣੀ, ਬਸਪਾ ਪੰਜਾਬ ਦੇ ਵਾਇਸ ਪ੍ਰਧਾਨ ਸ੍ ਬਲਦੇਵ ਸਿੰਘ ਮਹਿਰਾ,ਜੋਗਾ ਸਿੰਘ ਪਨੋਦਿਆ ਜਰਨਲ ਸਕੱਤਰ ਪੰਜਾਬ, ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ ਪਟਿਆਲਾ, ਜਰਨੈਲ ਸਿੰਘ ਜ਼ਿਲ੍ਹਾ ਸਕੱਤਰ,ਬੰਤ ਸਿੰਘ ਝੰਡੀ ਜ਼ਿਲ੍ਹਾ ਸਕੱਤਰ, ਤੇ ਹਰਦੇਵ ਸਿੰਘ ਬਿਸ਼ਨਪੁਰਾ ਜ਼ਿਲ੍ਹਾ ਸਕੱਤਰ ਨੇ ਸ਼ਮੂਲੀਅਤ ਕੀਤੀ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਰਨੈਲ ਸਿੰਘ ਬਿੱਟੂ ਜਿਲਾ ਸਕੱਤਰ ਨੇ ਦੱਸਿਆ ਕਿ ਹਲਕਾ ਸਮਾਨਾ ਦੇ ਪੰਜੇ ਜੋਨਾ ਦੀ ਸੰਗਠਨ ਸਮੀਖਿਆ ਕੀਤੀ ਗਈ ।ਇਸ ਮੀਟਿੰਗ ਵਿੱਚ ਹਲਕਾ ਸਮਾਨਾ ਦੇ ਪੰਜੇ ਜੋਨਾ ਦੇ ਇੰਚਾਰਜਾ ਨੂੰ ਪਾਰਟੀ ਸੰਗਠਨ ਨੂੰ ਜਲਦੀ ਤੋਂ ਜਲਦੀ ਮੁਕੰਮਲ ਕਰਨ ਦੇ ਦਿਸ਼ਾ ਨਿਰਦੇਸ਼ਾਂ ਦਿੱਤੇ ਗਏ। ਅੱਜ ਦੀ ਇਸ ਮੀਟਿੰਗ ਵਿੱਚ ਵੱਖ ਵੱਖ ਪਾਰਟੀਆਂ ਛੱਡ ਕੇ ਬਹੁਜਨ ਸਮਾਜ ਪਾਰਟੀ ਵਿੱਚ ਸ਼ਾਮਿਲ ਹੋਏ ਜਿਨ੍ਹਾਂ ਵਿੱਚ ਕਾਲਾ ਰਾਮ ਪ੍ਰਧਾਨ, ਰਾਹੀ ਕਲੋਨੀ ਤੇ ਉਨ੍ਹਾਂ ਦੇ ਨਾਲ ਸੋਨੀ ਅਨਿਲ ਕੁਮਾਰ, ਗੁਲਸ਼ਨ ਦਾਸ ਜੇਸਰਾ, ਹਰਬੰਸ ਰਾਮ, ਰਚਨਾ ਰਾਮ,ਰਾਜ ਕੁਮਾਰ, ਸਕਿੰਦਰ ਰਾਮ, ਰਿੰਕੂ ਰਾਮ, ਵਿਜੇ ਕੁਮਾਰ, ਤੇ ਰਾਜੂ ਕੁਮਾਰ ਬਹੁਜਨ ਸਮਾਜ ਪਾਰਟੀ ਵਿੱਚ ਸ਼ਾਮਲ ਹੋਏ। ਪਾਰਟੀ ਵਿਚ ਸ਼ਾਮਿਲ ਹੋਣ ਵਾਲਿਆਂ ਦਾ ਬਸਪਾ ਆਗੂਆਂ ਵਲੋਂ ਹਾਰ ਪਾ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੋਹਨ ਲਾਲ ਪ੍ਰਧਾਨ ਹਲਕਾ ਸਮਾਨਾ, ਜਰਨੈਲ ਸਿੰਘ ਬਿੱਟੂ ਜੋਨ ਇੰਚਾਰਜ ਸਮਾਨਾ, ਰੂਪ ਸਿੰਘ ਬਠੋਈ ਇੰਚਾਰਜ ਸਮਾਨਾ, ਚੰਦ ਸਿੰਘ ਭੱਟੀ, ਸੰਦੀਪ ਟੋਨਾ, ਭਿੰਦਰ ਪਾਲ ਬੱਬੀ, ਜ਼ੋਰਾ ਸਿੰਘ, ਬਲਵੀਰ ਸਿੰਘ ਨਮਾਦਾ, ਗੁਰਮੇਲ ਸਿੰਘ ਮੇਲੀ ਫ਼ਤਿਹਗੜ੍ਹ ਛੰਨਾ ,ਮੇਵਾ ਸਿੰਘ ਬਲੰਮਗੜ, ਗੁਰਮੇਲ ਸਿੰਘ ਸਮਾਨਾ, ਬਲਵੀਰ ਸਿੰਘ ਸਮਾਨਾ, ਜਗਨਨਾਥ ਜੱਗੀ, ਵਿਨੋਦ ਕੁਮਾਰ ਬੇਦਾ, ਤਰਸੇਮ ਸਿੰਘ ਕਮਾਲਪੁਰ, ਗੁਰਮੇਲ ਸਿੰਘ ਬਿਸ਼ਨਪੁਰਾ , ਜੋਗਾ ਸਿੰਘ ਚੂਹੜਪੁਰ ਆਦਿ ਵੱਡੀ ਗਿਣਤੀ ਵਿਚ ਬਸਪਾ ਵਰਕਰਾਂ ਨੇ ਸ਼ਮੂਲੀਅਤ ਕੀਤੀ

# ਰਿਆਤ ਬਾਹਰਾ ਇੰਸਟੀਚਿਊਟ ਆਫ਼ ਨਰਸਿੰਗ ਵਿਖੇ ਤੰਬਾਕੂ ਰਹਿਤ ਦਿਵਸ ਮਨਾਇਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਡਬਲਿਊ.ਐਚ.ਓ. ਭਾਰਤ ਸਰਕਾਰ ਵੱਲੋਂ ਐਲਾਨਿਆ ਗਿਆ ‘ਵਿਸ਼ਵ ਤੰਬਾਕੂ ਰਹਿਤ ਦਿਵਸ’ ਜ਼ਿਲ੍ਹਾ ਪੱਧਰ ‘ਤੇ ਰਿਆਤ ਬਾਹਰਾ ਇੰਸਟੀਚਿਊਟ ਆਫ਼ ਨਰਸਿੰਗ, ਹੁਸ਼ਿਆਰਪੁਰ ਵਿਖੇ ਮਨਾਇਆ ਗਿਆ। ਜਿਸ ਵਿੱਚ ਚੱਬੇਵਾਲ ਹਲਕੇ ਦੇ ਵਿਧਾਇਕ ਡਾ. ਈਸ਼ਾਂਕ ਕੁਮਾਰ ਮੁੱਖ ਮਹਿਮਾਨ ਵਜੋਂ ਮੌਜੂਦ ਰਹੇ। ਇਸ ਮੌਕੇ ਸਿਵਲ ਸਰਜਨ ਡਾ: ਪਵਨ ਕੁਮਾਰ, ਡਿਪਟੀ ਮੈਡੀਕਲ ਕਮਿਸ਼ਨਰ ਡਾ: ਹਰਬੰਸ ਕੌਰ, ਡਾ: ਮਹਿਮਾ ਮਨਹਾਸ ਮੈਡੀਕਲ ਇੰਜੀ. ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ। ਇਸ ਮੌਕੇ ਡਾ. ਚੰਦਰ ਮੋਹਨ ਕੈਂਪਸ ਡਾਇਰੈਕਟਰ, ਪ੍ਰਿੰਸੀਪਲ ਮੀਨਾਕਸ਼ੀ, ਐਸ. ਚੰਦ, ਮੈਨੇਜਰ ਨਿਸ਼ਾ ਰਾਣੀ, ਕੌਂਸਲਰ ਪ੍ਰਸ਼ਾਂਤ ਆਦਿਆ, ਵਾਈਸ ਪ੍ਰਿੰਸੀਪਲ ਰਾਜ ਕਿਰਨ ਵੀ ਮੌਜੂਦ ਸਨ। ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲ ਕੇ ਪੰਜਾਬ ਦੇ ਵਾਰਸਾਂ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਵਿਦਿਆਰਥੀਆਂ ਲਈ ਕੁਇਜ਼ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਰਵੀ ਟੀਮ ਨੇ ਕੁਇਜ਼ ਵਿੱਚ ਪਹਿਲਾ ਸਥਾਨ, ਬਲਜੀਤ ਨੇ ਪਹਿਲਾ ਸਥਾਨ ਅਤੇ ਸਿਮਰਨਜੀਤ ਨੇ ਪੋਸਟਰ ਮੇਕਿੰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਿਵਲ ਸਰਜਨ ਡਾ. ਪਵਨ ਕੁਮਾਰ ਨੇ ਕਿਹਾ ਕਿ ਸਿਹਤ ਵਿਭਾਗ ਹਰ ਸਮੇਂ ਤੁਹਾਡੇ ਨਾਲ ਹੈ। ਉਨ੍ਹਾਂ ਕਿਹਾ ਕਿ ਸਾਨੂੰ ਇੱਕਜੁੱਟ ਹੋਣ ਦੀ ਲੋੜ ਹੈ, ਤਾਂ ਹੀ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਸੁਪਨੇ ਨੂੰ ਪੂਰਾ ਕਰ ਸਕਦੇ ਹਾਂ। ਸਾਨੂੰ ਇੱਕ ਲਹਿਰ ਪੈਦਾ ਕਰਨ ਦੀ ਲੋੜ ਹੈ ਤਾਂ ਜੋ ਅਸੀਂ ਪੰਜਾਬ ਨੂੰ ਰੰਗਲਾ ਪੰਜਾਬ ਵਿੱਚ ਬਦਲ ਸਕੀਏ। ਇਸ ਮੌਕੇ ਪ੍ਰਸ਼ਾਂਤ ਆਦਿਆ ਨੇ ਸਾਰਿਆਂ ਨੂੰ ਨਸ਼ਾ ਮੁਕਤ ਰਹਿਣ ਦੀ ਸਹੁੰ ਚੁਕਾਈ।

# ਜੋ ਵੀ ਪੜ੍ਹਦਾ ਆਹ ਕਿਤਾਬ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਰਣਜੀਤ ਸਿੰਘ ਹਠੂਰ

ਜੋ ਵੀ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ......

ਭਾਰਤੀ ਲੋਕ ਨੀਚ ਕਿਵੇਂ ਬਣੇ? ਨੇ
ਸੌ ਦੇ ਵਿੱਚੋਂ ਕਿੰਨੇ ਜਾਣੇ ਨੇ ?
ਦ੍ਰਾਵਿੜ ਕੌਮ ਤੇ ਵੰਸ਼ੀ ਨਾਗ.....
ਜੋ ਵੀ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ

ਲੁੱਟਿਆ,ਵੰਡਿਆ ਆਰੀਆ ਲੋਕਾਂ
ਚੁੰਬੜ ਗਏ ਕਿਵੇਂ ਬਣਕੇ ਜੋਕਾਂ
ਜਾਤ, ਵਰਣ ਦੀ ਲਾਤੀ ਲਾਗ....
ਜੋ ਵੀ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ

ਕੌਣ ਭਵੀਸ਼ਣ ਧੋਖਾ ਦੇ ਗਏ
ਮਹਿਲ ਲੁਟਾ ਕੇ ਖੋਖਾ ਦੇ ਗਏ
ਕੌਮ ਦੇ ਮੱਥੇ ਲਾ ਗਏ ਦਾਗ.....
ਜੋ ਵੀ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ

ਕੌਣ ਹੈ ਆਪਣਾ ਕੌਣ ਪਰਾਇਆ
ਮੂਲਭਾਰਤੀ ਤੱਥ ਸਮਝਾਇਆ
ਜੁੜ ਕੇ ਹੋਣੇ ਪੂਰੇ ਖ਼ੁਆਬ....




ਜੋ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ
ਜੋ ਵੀ ਪੜ੍ਹਦਾ ਆਹ ਕਿਤਾਬ
ਤੀਜਾ ਨੇਤਰ ਪੈਂਦਾ ਜਾਗ......

# ਪੰਜਾਬ ਸਰਕਾਰ ਨਹਿਰੀ ਪਾਣੀ ਦਾ ਇਕ-ਇਕ ਤੁਪਕਾ ਕਿਸਾਨਾਂ ਦੇ ਖੇਤਾਂ ਤਕ ਪੁੱਜਦਾ ਕਰਨ ਲਈ ਵਚਨਬੱਧ: ਹਰਪਾਲ ਸਿੰਘ ਚੀਮਾ

## ਕੈਬਨਿਟ ਮੰਤਰੀ ਨੇ ਪਿੰਡ ਜਨਾਲ ਵਿਖੇ 02 ਕਰੋੜ 20 ਲੱਖ ਰੁਪਏ ਦੀ ਲਾਗਤ ਨਾਲ ਪੈਣ ਵਾਲੀ ਨਹਿਰੀ ਪਾਣੀ ਦੀ ਪਾਈਪ ਲਾਈਨ ਦਾ ਰੱਖਿਆ ਨੀਂਹ ਪੱਥਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ ਦਿੜ੍ਹਬਾ, 01 ਜੂਨ, 2025: ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰੇਕ ਖੇਤ ਨੂੰ ਨਹਿਰੀ ਪਾਣੀ ਦੀ ਸਹੂਲਤ ਨਾਲ ਜੋੜਨ ਦੇ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਵਿਧਾਨ ਸਭਾ ਹਲਕਾ, ਦਿੜ੍ਹਬਾ ਦੇ ਪਿੰਡ ਜਨਾਲ ਵਿਖੇ ਕਰੀਬ 02 ਕਰੋੜ 20 ਲੱਖ ਰੁਪਏ ਦੀ ਲਾਗਤ ਪਾਈ ਜਾਣ ਵਾਲੀ 17 ਕਿਲੋਮੀਟਰ ਲੰਬੀ ਨਹਿਰੀ ਪਾਣੀ ਦੀ ਪਾਈਪ ਲਾਈਨ ਦਾ ਨੀਂਹ ਪੱਥਰ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਰੱਖਿਆ।

ਇਸ ਮੌਕੇ ਕੈਬਨਿਟ ਮੰਤਰੀ ਸ.ਚੀਮਾ ਨੇ ਕਿਹਾ ਕਿ ਇਸ ਪਾਈਪ ਲਾਈਨ ਦੇ ਮੁਕੰਮਲ ਹੋਣ ਨਾਲ ਕਰੀਬ 850 ਏਕੜ ਜ਼ਮੀਨ ਨੂੰ ਨਹਿਰੀ ਪਾਣੀ ਮਿਲੇਗਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦੇ ਨਹਿਰੀ ਪਾਣੀ ਦੀ ਇਕ ਇਕ ਬੂੰਦ ਕਿਸਾਨਾਂ ਦੇ ਖੇਤਾਂ ਤਕ ਪੁਜਦੀ ਕੀਤੀ ਜਾਵੇ। ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਧਰਤੀ ਹੇਠਲੇ ਪਾਣੀ ਦੇ ਮੁਕਾਬਲੇ ਨਹਿਰੀ ਪਾਣੀ ਵਿੱਚ ਜ਼ਮੀਨ ਲਈ ਲੋੜੀਂਦੇ ਖੁਰਾਕੀ ਤੱਤ ਜ਼ਿਆਦਾ ਹੁੰਦੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਨੇ ਦੱਸਿਆ ਕਿ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਵਿੱਚ ਨਹਿਰੀ ਪਾਣੀ ਦੀਆਂ ਪਾਈਪ ਲਾਈਨਾਂ ਪਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ, ਜਿਸ ਨਾਲ ਹਲਕਾ ਦਿੜ੍ਹਬਾ ਦੇ ਵੱਡੇ ਖੇਤਰ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਅਤੇ ਧਰਤੀ ਹੇਠਲੇ ਪਾਣੀ ਉੱਤੇ ਨਿਰਭਰਤਾ ਘਟੇਗੀ।

ਧਰਤੀ ਹੇਠਲਾ ਪਾਣੀ ਬਚਾਉਣ ਦੇ ਮੱਦੇਨਜ਼ਰ ਹੀ ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਸਿੱਧੀ ਬਿਜਾਈ ਨੂੰ ਤਰਜੀਹ ਦੇਣ। ਹਲਕੇ ਵਿੱਚ ਸਿੱਧੀ ਬਿਜਾਈ ਵਾਲੇ ਖੇਤਰ ਵਿੱਚ ਪਿਛਲੇ ਸਾਲ ਵੀ ਵਾਧਾ ਹੋਇਆ ਸੀ ਤੇ ਇਸ ਸਾਲ ਹੋਰ ਵਾਧਾ ਹੋਵੇਗਾ। ਉਹਨਾਂ ਕਿਹਾ ਕਿ ਜੇਕਰ ਸਾਡੇ ਕੋਲ ਪਾਣੀ ਹੀ ਨਾ ਬਚਿਆ ਤਾਂ ਸੂਬੇ ਵਿੱਚ ਖੇਤੀ ਕਰਨੀ ਸੰਭਵ ਹੀ ਨਹੀਂ ਹੋਣੀ। ਸਰਕਾਰ ਵੱਲੋਂ ਨਹਿਰੀ ਪਾਣੀ ਮੁਹਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲੇ ਧਰਤੀ ਹੇਠਲਾ ਪਾਣੀ ਬਚਾਉਣ ਲਈ ਸਹਾਈ ਸਿੱਧ ਹੋਣਗੇ।

ਇਸ ਮੌਕੇ ਓ.ਐਸ. ਡੀ. ਤਪਿੰਦਰ ਸਿੰਘ ਸੋਹੀ, ਹਰਪ੍ਰੀਤ ਸਿੰਘ ਸਰਪੰਚ, ਮਨਦੀਪ ਸਿੰਘ, ਗੁਰਤੇਜ ਸਿੰਘ, ਰਾਜ ਸਿੰਘ, ਨਵਦੀਪ ਕੌਰ, ਹਰਬਿਆਸ ਸਿੰਘ, ਹਰਪ੍ਰੀਤ ਕੌਰ, ਹਰਪਿੰਦਰ ਕੌਰ, ਸਿਮਰਜੀਤ ਸਿੰਘ, ਹਰਬੰਸ ਕੌਰ (ਸਾਰੇ ਪੰਚਾਇਤ ਮੈਂਬਰ) ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਚਿੱਟਾ ਪੰਜਾਬ ਦੀ ਜਵਾਨੀ ਬਰਬਾਦ ਕਰ ਰਿਹਾ : ਮਨਮੋਹਨ ਸਿੰਘ ਸੋਢੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਜ਼ੀਰਾ 1 ਜੂਨ ( ਅੰਗਰੇਜ਼ ਬਰਾੜ ) - ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ “ਯੁੱਧ ਨਸ਼ਿਆਂ ਵਿਰੁੱਧ, ਕਾਮਯਾਬ ਨਹੀਂ ਹੋ ਰਹੀ! ਇਹਨਾਂ ਸ਼ਬਦਾਂ ਪ੍ਰਗਟਾਵਾ ਕਰਦਿਆਂ ਸਾਬਕਾ ਸੈਨਿਕ ਯੂਨੀਅਨ ਜੀਰਾ ਦੇ ਪ੍ਰਧਾਨ ਸਰਦਾਰ ਮਨਮੋਹਨ ਸਿੰਘ ਸੋਢੀ ਨੇ ਜੀਰਾ ਵਿਖੇ ਪੱਤਰਕਾਰਾਂ ਕੋਲ ਕੀਤਾ। ਉਹਨਾਂ ਕਿਹਾ ਕਿ ਚਿੱਟੇ ਦਾ ਨਸ਼ਾ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰ ਰਿਹਾ ਹੈ! ਸਰਦਾਰ ਸੋਢੀ ਨੇ ਅੱਗੇ ਕਿਹਾ ਕਿ ਚਿੱਟੇ ਦਾ ਨਸ਼ਾ ਪੰਜਾਬ ਦੀ ਜਵਾਨੀ ਬਰਬਾਦ ਕਰਨ ਦੇ ਨਾਲ - ਨਾਲ ਬੱਚਿਆਂ ਤੱਕ ਵੀ ਪਹੁੰਚ ਗਿਆ ਹੈ! ਉਹਨਾਂ ਕਿਹਾ ਕਿ ਅਨੇਕਾਂ ਨੌਜਵਾਨ ਚਿੱਟੇ ਨਸ਼ੇ ਦੀ ਭੇਟ ਚੜ ਚੁੱਕੇ ਹਨ। ਚਿੱਟੇ ਕਾਰਨ ਮੁਟਿਆਰਾਂ ਦੀਆਂ ਸੋਹੀਆਂ ਚੁੰਨੀਆਂ ਚਿੱਟੀਆਂ ਹੋ ਰਹੀਆਂ ਹਨ। ਮਨਮੋਹਨ ਸਿੰਘ ਸੋਢੀ ਨੇ ਕਿਹਾ ਕਿ ਵੱਡੇ ਆਗੂਆਂ ਦੀ ਮਿਹਰਬਾਨੀ ਕਰਕੇ ਹੀ ਚਿੱਟਾ ਫੈਲ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਲੀਡਰ ਸਿਰਫ ਆਪਣਾ ਘਰ ਭਰਦੇ ਹਨ। ਉਹਨਾਂ ਸਰਕਾਰ ਨੂੰ ਅਪੀਲ ਕੀਤੀ ਕਿ ਚਿੱਟੇ



ਵਿਰੁੱਧ ਦਿਲੋਂ ਕੰਮ ਕੀਤਾ ਜਾਵੇ ਤਾਂ ਕਿ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ!

# ਤੰਬਾਕੂ ਸਿਰਫ਼ ਨਸ਼ਾ ਨਹੀਂ, ਇੱਕ ਖਾਮੋਸ਼ ਕਾਤਲ ਹੈ – ਸਾਹਿਲ ਸੁਖੇਰਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਰੂਪਨਗਰ, 31 ਮਈ : ਵਿਸ਼ਵ ਤੰਬਾਕੂ ਰਹਿਤ ਦਿਵਸ ਦੇ ਮੌਕੇ ਸਿਹਤ ਵਿਭਾਗ ਵੱਲੋਂ ਪਿੰਡ ਸਿੰਘ ਵਿੱਚ ਤੰਬਾਕੂ ਦੇ ਨੁਕਸਾਨ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਜਨਤਕ ਥਾਵਾਂ ‘ਤੇ ਤੰਬਾਕੂ ਵਰਤੋਂ ਉੱਤੇ ਰੋਕ ਲਗਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਜਿਸ ਵਿੱਚ ਬਲਾਕ ਐਕਸਟੈਂਸ਼ਨ ਐਜੂਕੇਟਰ ਸਾਹਿਲ ਸੁਖੇਰਾ ਨੇ ਲੋਕਾਂ ਨੂੰ ਕੋਟਪਾ ਐਕਟ ਬਾਰੇ ਜਾਣੂ ਕਰਵਾਇਆ ਅਤੇ ਦੱਸਿਆ ਕਿ ਸਰਵਜਨਿਕ ਥਾਵਾਂ ‘ਤੇ ਤੰਬਾਕੂ ਉਤਪਾਦਾਂ ਦੀ ਵਰਤੋਂ ਉੱਤੇ ਕਾਨੂੰਨੀ ਪਾਬੰਦੀ ਹੈ।

ਇਸੇ ਦੌਰਾਨ ਸੈਨੀਟਰੀ ਇੰਸਪੈਕਟਰ ਅਵਤਾਰ ਸਿੰਘ ਅਤੇ ਹੈਲਥ ਵਰਕਰ ਸਚਿਨ ਸਾਹਨੀ ਨੇ ਪਿੰਡ ਵਿੱਚ ਨਿਰੀਖਣ ਕਰਦਿਆਂ ਜਨਤਕ ਥਾਵਾਂ ਉੱਤੇ ਤੰਬਾਕੂ ਵਰਤ ਰਹੇ ਲੋਕਾਂ ਉੱਤੇ ਜੁਰਮਾਨੇ ਲਗਾਏ, ਜਿਸ ਨਾਲ ਸਪੱਸ਼ਟ ਸੰਦੇਸ਼ ਗਿਆ ਕਿ ਇਹ ਕਾਨੂੰਨ ਦੀ ਉਲੰਘਣਾ ਹੈ।

ਸੀਨੀਅਰ ਮੈਡੀਕਲ ਅਫਸਰ ਡਾ. ਅਨੰਦ ਘਈ ਨੇ ਆਪਣੇ ਟਿੱਪਣੀ ਵਿਚ ਕਿਹਾ ਕਿ ਤੰਬਾਕੂ ਇਕ ਨਿਸ਼ਚਿਤ ਹੱਦ ਤੱਕ ਮੌਤ ਦਾ ਕਾਰਨ ਹੈ। ਇਹ ਕੇਵਲ ਵਰਤੋਂ ਕਰਨ ਵਾਲੇ ਦੀ ਨਹੀਂ, ਸਗੋਂ ਆਲੇ-ਦੁਆਲੇ ਦੇ ਲੋਕਾਂ ਦੀ ਵੀ ਸਿਹਤ ਨੂੰ ਨੁਕਸਾਨ ਪਹੁੰਚਾਉਂਦਾ ਹੈ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਨੌਜਵਾਨ ਪੀੜ੍ਹੀ ਨੂੰ ਇਸ ਦੀ ਲਤ ਤੋਂ ਬਚਾਈਏ। ਵਿਅਕਤਿਗਤ ਤੌਰ ‘ਤੇ ਤੰਬਾਕੂ ਛੱਡਣਾ, ਪਰਿਵਾਰ ਅਤੇ ਸਮਾਜ ਲਈ ਸਭ ਤੋਂ ਵੱਡਾ ਤੋਹਫਾ ਹੋ ਸਕਦਾ ਹੈ।

# ‘ਯੁੱਧ ਨਸ਼ਿਆਂ ਵਿਰੁੱਧ’ ਨੇ ਡਰੱਗ ਮਾਫੀਆ ਨੂੰ ਦਿੱਤਾ ਕਰਾਰਾ ਝਟਕਾ; 14,734 ਗ੍ਰਿਫ਼ਤਾਰ, 74 ਕਰੋੜ ਦੀਆਂ ਜਾਇਦਾਦਾਂ ਫਰੀਜ਼ – ਡੀਜੀਪੀ ਗੌਰਵ ਯਾਦਵ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ:-31 ਮਈ (ਸ਼ਿਵ ਕੌੜਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਦੇ ਤਿੰਨ ਮਹੀਨਿਆਂ ਦੌਰਾਨ ਸੂਬੇ ਵਿੱਚ ਨਸ਼ੇ ਦੀ ਤਸਕਰੀ ਨੈੱਟਵਰਕਾਂ ਨੂੰ ਕਰਾਰਾ ਝਟਕਾ ਲੱਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਕਿਹਾ ਕਿ ਨਸ਼ਿਆਂ ਵਿਰੁੱਧ ਨਿਰੰਤਰ ਸਖ਼ਤ ਕਾਰਵਾਈ ਜਾਰੀ ਰੱਖੀ ਜਾਵੇਗੀ, ਜਿਸ ਤਹਿਤ ਅਗਲੇ 60 ਦਿਨਾਂ ਵਿੱਚ ਨਸ਼ਾਂ ਤਸਕਰਾਂ ਵਿਰੁੱਧ ਕਾਰਵਾਈ ਲਈ ਜ਼ਿਲ੍ਹਿਆਂ, ਖੁਫੀਆ ਵਿਭਾਗ ਅਤੇ ਏ.ਐਨ.ਟੀ.ਐਫ. ਤੋਂ ਪ੍ਰਾਪਤ ਜਾਣਕਾਰੀ ਨਾਲ ਨਸ਼ਾ ਤਸਕਰਾਂ ਅਤੇ ਸਪਲਾਇਰਾਂ ਦੀਆਂ ਨਵੀਆਂ ਸੂਚੀਆਂ ਤਿਆਰ ਕੀਤੀਆਂ ਜਾ ਰਹੀਆਂ ਹਨ। ਡੀਜੀਪੀ ਨੇ ਕਿਹਾ, “ਜ਼ਮਾਨਤ ‘ਤੇ ਰਿਹਾਅ ਹੋਏ ਵਿਅਕਤੀਆਂ ‘ਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਜਾਵੇਗਾ, ਅਸੀਂ ਪਿੰਡ ਦੇ ਬਜ਼ੁਰਗਾਂ ਅਤੇ ਪਿੰਡ ਦੀਆਂ ਪੰਚਾਇਤਾਂ ਦੇ ਸਹਿਯੋਗ ਨਾਲ ਉਨ੍ਹਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਰੱਖਣ ਦੀ ਇੱਕ ਪ੍ਰਣਾਲੀ ਤਿਆਰ ਕੀਤੀ ਹੈ।” ਉਨ੍ਹਾਂ ਕਿਹਾ ਕਿ ਆਦਤਨ ਅਪਰਾਧੀਆਂ ਦੀ ਜ਼ਮਾਨਤ ਰੱਦ ਕਰਨ ‘ਤੇ ਵੀ ਧਿਆਨ ਕੇਂਦਰਿਤ ਰਹੇਗਾ ਡੀਜੀਪੀ ਨੇ ਕਿਹਾ ਕਿ ਪੰਜਾਬ ਪੁਲਿਸ ਜ਼ਮਾਨਤ ‘ਤੇ ਰਿਹਾਅ ਹੋਏ ਵੱਡੇ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ‘ਤੇ ਨਜ਼ਰ ਰੱਖਣ ਅਤੇ ਨਿਗਰਾਨੀ ਕਰਨ ਲਈ ਜੀਪੀਐਸ ਐਨਕਲੇਟਸ ਦੀ ਵਰਤੋਂ ਦੀ ਵੀ ਪੜਚੋਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ, “ਅਸੀਂ ਸਮਰੱਥ ਅਦਾਲਤ ਦੀ ਪ੍ਰਵਾਨਗੀ ਨਾਲ ਜੀਪੀਐਸ ਐਨਕਲੇਟਸ ਰਾਹੀਂ ਜ਼ਮਾਨਤ ‘ਤੇ ਰਿਹਾ ਹੋਏ ਵੱਡੇ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਟਰੈਕ ਕਰਨ ਅਤੇ ਨਿਗਰਾਨੀ ਲਈ ਕਾਨੂੰਨੀ ਪੱਖ ਤੋਂ ਪ੍ਰਸਤਾਵ ਦੀ ਪੜਚੋਲ ਕਰ ਰਹੇ ਹਾਂ।”ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪੰਜਾਬ 2019 ਵਿੱਚ ਸਾਫਟਵੇਅਰ – ਪੰਜਾਬ ਆਰਟੀਫੀਸ਼ੀਅਲ ਇੰਟੈਲੀਜੈਂਸ ਸਿਸਟਮ (ਪੀਏਆਈਐਸ) – ਤਿਆਰ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਸੀ। ਇਸੇ ਤਰ੍ਹਾਂ, ਐਨਡੀਪੀਐਸ ਐਕਟ ਅਧੀਨ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀਆਂ ਗਤੀਵਿਧੀਆਂ ‘ਤੇ ਨਜ਼ਰ ਰੱਖਣ ਲਈ ਇੱਕ ਏਆਈ-ਸੰਚਾਲਿਤ ਡੇਟਾਬੇਸ ਤਿਆਰ ਕੀਤਾ ਜਾ ਰਿਹਾ



ਹੈ ਜਿਸ ਵਿੱਚ ਹਰੇਕ ਗ੍ਰਿਫ਼ਤਾਰੀ ਵਿੱਚ ਦੋ ਪੱਧਰਾਂ ਤੱਕ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਇਆ ਜਾਵੇਗਾ ਉਨ੍ਹਾਂ ਕਿਹਾ ਕਿ ਭਾਰਤ-ਪਾਕਿ ਸਰਹੱਦ ‘ਤੇ ਡਰੋਨ-ਅਧਾਰਤ ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਵਿਸਫੋਟਕ ਸਮੱਗਰੀ ਦੀ ਤਸਕਰੀ ਨਾਲ ਨਜਿੱਠਣ ਲਈ ਉੱਨਤ ਐਂਟੀ-ਡਰੋਨ ਪ੍ਰਣਾਲੀਆਂ ਦੇ ਟਰਾਇਲ ਕਰਨ ਉਪਰੰਤ, ਪੰਜਾਬ ਸਰਕਾਰ ਨੇ ਇਸ ਉੱਨਤ ਪ੍ਰਣਾਲੀ ਸਥਾਪਤ ਕਰਨ ਸਬੰਧੀ ਆਰਡਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀਆਂ ਡਰੋਨਾਂ ਦਾ ਪਤਾ ਲਗਾਉਣ, ਪਛਾਣ ਕਰਨ ਅਤੇ ਬੇਅਸਰ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ, ਜਿਸਦਾ ਉਦੇਸ਼ ਸਰਹੱਦ ਪਾਰੋਂ ਤਸਕਰੀ ਨੈੱਟਵਰਕ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਟ ਕਰਨਾ ਹੈ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜੇਲ੍ਹਾਂ ਦੇ ਨਵੀਨੀਕਰਨ ਲਈ 500 ਕਰੋੜ ਰੁਪਏ ਦੇ ਪੈਕੇਜ ਨੂੰ ਪ੍ਰਵਾਨਗੀ ਦਿੱਤੀ ਹੈ ਜਿਸ ਤਹਿਤ ਹਰੇਕ ਜੇਲ੍ਹ ਵਿੱਚ ਨਸ਼ਾ ਛੁਡਾਊ ਕੇਂਦਰ ਹੋਵੇਗਾ ਤਾਂ ਜੋ ਕੈਦੀ ਨਸ਼ਾ ਛੁਡਾਊ ਇਲਾਜ ਦਾ ਲਾਭ ਲੈ ਸਕਣ ਇਸ ਮੌਕੇ ਪੰਜਾਬ ਪੁਲਿਸ ਹੈੱਡਕੁਆਰਟਰ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ 1 ਮਾਰਚ, 2025 ਤੋਂ 8344 ਐਫਆਈਆਰਜ਼ ਦਰਜ ਕੀਤੀਆਂ ਹਨ ਅਤੇ 14,734 ਨਸ਼ਾ ਤਸਕਰਾਂ ਜਿਹਨਾਂ ਵਿੱਚ 13,038 ਨਸ਼ਾ ਤਸਕਰ ਅਤੇ 1,696 ਸੂਚੀਬੱਧ ਨਸ਼ਾ ਸਪਲਾਇਰ/ਵਿਤਰਕ ਸ਼ਾਮਲ ਹਨ, ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਏਡੀਜੀਪੀ ਐਂਟੀ-ਨਾਰਕੋਟਿਕਸ ਫੋਰਸ ਨੀਲਾਭ ਕਿਸ਼ੋਰ ਅਤੇ ਆਈਜੀਪੀ ਹੈੱਡਕੁਆਰਟਰ ਡਾ. ਸੁਖਚੈਨ ਸਿੰਘ ਗਿੱਲ ਵੀ ਮੌਜੂਦ ਸਨ ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਸਖ਼ਤੀ ਨਾਲ ਲਾਗੂ ਕੀਤੇ ਜਾਣ ਸਦਕਾ ਨਸ਼ਾ ਤਸਕਰਾਂ ਕੋਲੋਂ ਵੱਡੀ ਗਿਣਤੀ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ ਜਿਨ੍ਹਾਂ ਵਿੱਚ 586 ਕਿਲੋਗ੍ਰਾਮ ਹੈਰੋਇਨ, 247 ਕਿਲੋਗ੍ਰਾਮ ਅਫੀਮ, 14 ਟਨ ਭੁੱਕੀ, 9 ਕਿਲੋਗ੍ਰਾਮ ਚਰਸ, 253 ਕਿਲੋਗ੍ਰਾਮ ਗਾਂਜਾ, 2.5 ਕਿਲੋਗ੍ਰਾਮ ਆਈਸ, 1.6 ਕਿਲੋਗ੍ਰਾਮ ਕੋਕੀਨ, 25.70 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10.76 ਕਰੋੜ ਰੁਪਏ ਦੀ ਡਰੱਗ ਮਨੀ ਸ਼ਾਮਲ ਹੈ। ਉਨ੍ਹਾਂ ਅੱਗੇ ਦੱਸਿਆ ਕਿ ‘ਯੁੱਧ ਨਸ਼ਿਆ ਵਿਰੁੱਧ’ ਮੁਹਿੰਮ ਦੌਰਾਨ, 144 ਨਸ਼ਾ ਤਸਕਰਾਂ ਦੀਆਂ 74.27 ਕਰੋੜ ਰੁਪਏ ਦੀਆਂ ਗੈਰ-ਕਾਨੂੰਨੀ ਢੰਗ ਨਾਲ ਹਾਸਲ ਕੀਤੀਆਂ ਜਾਇਦਾਦਾਂ ਨੂੰ ਫਰੀਜ਼ ਕੀਤਾ ਗਿਆ ਹੈ, ਜਦੋਂ ਕਿ ਇਸ ਮੁਹਿੰਮ ਤਹਿਤ ਸਥਾਨਕ ਅਥਾਰਟੀਆਂ ਵੱਲੋਂ ਨਸ਼ਾ ਤਸਕਰਾਂ ਦੀਆਂ 104 ਗੈਰ-ਕਾਨੂੰਨੀ ਤੌਰ ‘ਤੇ ਬਣਾਈਆਂ ਜਾਇਦਾਦਾਂ ਨੂੰ ਢਾਹ ਦਿੱਤਾ ਗਿਆ ਹੈ ਡੀਜੀਪੀ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਵਿਗਿਆਨਕ ਜਾਂਚ ਤਕਨੀਕਾਂ ਦੀ ਵਰਤੋਂ ਕੀਤੀ ਗਈ ਹੈ ਜਿਸ ਵਿੱਚ ਡਿਜੀਟਲ ਸਬੂਤ, ਸੰਗ੍ਰਹਿ ਅਤੇ ਵਿੱਤੀ ਟਰੈਕਿੰਗ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਫੈਸਲਾ ਕੀਤੇ ਗਏ 1205 ਮਾਮਲਿਆਂ ਵਿੱਚੋਂ 1085 ਮਾਮਲਿਆਂ ਵਿੱਚ ਦੋਸ਼ ਸਾਬਤ ਹੋਏ ਹਨ, ਜਿਸ ਦੀ ਸਜ਼ਾ ਦਰ 90 ਫ਼ੀਸਦ ਹੈ, ਜੋ ਕਿ ਦੇਸ਼ ਵਿੱਚ ਸਭ ਤੋਂ ਵੱਧ ਹੈ ਉਨ੍ਹਾਂ ਕਿਹਾ ਕਿ ਖੁਫੀਆ ਰਿਪੋਰਟਾਂ ਅਤੇ ਗੈਰ-ਰਸਮੀ ਸਰਵੇਖਣ ਤੋਂ ਪਤਾ ਚੱਲਦਾ ਹੈ ਕਿ ਸਖ਼ਤੀ ਨਾਲ ਲਾਗੂ ਕਰਨ ਦੇ ਨਤੀਜੇ ਵਜੋਂ ਨਸ਼ਿਆਂ ਦੀ ਸਪਲਾਈ ਨੂੰ ਕਰਾਰਾ ਝਟਕਾ ਲੱਗਿਆ ਹੈ ਜਿਸਦੇ ਨਤੀਜੇ ਵਜੋਂ ਜ਼ਮੀਨੀ ਪੱਧਰ ‘ਤੇ ਹੈਰੋਇਨ ਦੀਆਂ ਕੀਮਤਾਂ ਵਿੱਚ 50 ਫ਼ੀਸਦ ਵਾਧਾ ਹੋਇਆ ਹੈ ਅਤੇ ਸਿੰਥੈਟਿਕ ਨਸ਼ਿਆਂ ਦੀਆਂ ਜ਼ਮੀਨੀ ਪੱਧਰ ‘ਤੇ ਕੀਮਤਾਂ ਵਿੱਚ 40 ਫ਼ੀਸਦ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਲਗਾਤਾਰ, ਟੀਚਾਗਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤੀਆਂ ਗਈਆਂ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ ਨੇ ਬਦਨਾਮ ਨਸ਼ਾ ਤਸਕਰਾਂ ਨੂੰ ਆਪਣੇ ਘਰ ਛੱਡ ਕੇ ਭੱਜਣ ਲਈ ਮਜਬੂਰ ਕੀਤਾ ਹੈ, ਜਿਸ ਨਾਲ ਸਥਾਨਕ ਨੈੱਟਵਰਕ ਨੂੰ ਠੱਲ ਪਈ ਹੈ ਅਤੇ ਉਨ੍ਹਾਂ ਦੀਆਂ ਗਤੀਵਿਧੀਆਂ ਘੱਟ ਗਈਆਂ ਹਨ ਉਨ੍ਹਾਂ ਕਿਹਾ ਕਿ 48 ਵੱਡੇ ਹਵਾਲਾ ਸੰਚਾਲਕਾਂ ਦੀ ਗ੍ਰਿਫ਼ਤਾਰੀ ਨਾਲ ਹਵਾਲਾ ਨੈੱਟਵਰਕ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਟ ਕਰ ਦਿੱਤਾ ਗਿਆ ਹੈ, ਜਿਸ ਦੇ ਨਤੀਜੇ ਵਜੋਂ 10.76 ਕਰੋੜ ਰੁਪਏ ਦੀ ਰਿਕਵਰੀ ਹੋਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਨਸ਼ਾ ਤਸਕਰਾਂ ਦੇ ਆਰਥਿਕ ਢਾਂਚੇ ਅਤੇ ਉਨ੍ਹਾਂ ਦੇ ਨੈੱਟਵਰਕ ਨੂੰ ਕਰਾਰਾ ਝਟਕਾ ਲੱਗਾ ਹੈ, ਜਿਸ ਨਾਲ ਉਨ੍ਹਾਂ ਦੇ ਫੰਡਿੰਗ ਚੈਨਲ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਟ ਹੋ ਗਏ ਹਨ ਅਤੇ ਉਨ੍ਹਾਂ ਦੀ ਕਾਰਜਸ਼ੀਲਤਾ ਘੱਟ ਗਈ ਹੈ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ‘ਸੇਫ਼ ਪੰਜਾਬ’ ਵਟਸਐਪ ਚੈਟਬੋਟ ਪੋਰਟਲ— 9779100200— ਅਹਿਮ ਭੂਮਿਕਾ ਨਿਭਾ ਰਿਹਾ ਹੈ ਕਿਉਂਕਿ ਲੋਕਾਂ ਵੱਲੋਂ ਇਸ ਦੀ ਗੁਪਤਤਾ ਸਬੰਧੀ ਵਿਸ਼ੇਸ਼ਤਾ ਸਦਕਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜੋ ਉਨ੍ਹਾਂ ਨੂੰ ਤਸਕਰਾਂ, ਨਸ਼ਾ ਪੀੜਤਾਂ ਦੀ ਰਿਪੋਰਟ ਕਰਨ ਅਤੇ ਜਾਣਕਾਰੀ ਦੇਣ ਲਈ ਉਤਸ਼ਾਹਿਤ ਕਰਦੀ ਹੈ। ਉਨ੍ਹਾਂ ਕਿਹਾ ਕਿ ਪ੍ਰਾਪਤ ਹੋਈਆਂ 7635 ਜਾਣਕਾਰੀਆਂ ਵਿੱਚੋਂ, ਜਾਂਚ ਉਪਰੰਤ 1596 ਐਫਆਈਆਰਜ਼ ਦਰਜ ਕੀਤੀਆਂ ਗਈਆਂ ਜਿਸ ਦੇ ਨਤੀਜੇ ਵਜੋਂ 1814 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਇਹ ਦੱਸਦਿਆਂ ਕਿ ਪੰਜਾਬ ਪੁਲਿਸ ਨੇ ਨਸ਼ਾ ਪੀੜਤਾਂ ਨਾਲ ਹਮਦਰਦੀ ਵਾਲਾ ਰਵੱਈਆ ਅਪਣਾਇਆ ਹੈ ਅਤੇ ਅਪਰਾਧੀਆਂ ਦੀ ਬਜਾਏ ਮਰੀਜ਼ਾਂ ਵਜੋਂ ਉਨ੍ਹਾਂ ਦੇ ਇਲਾਜ ਨੂੰ ਤਰਜੀਹ ਦਿੱਤੀ ਹੈ, ਉਨ੍ਹਾਂ ਕਿਹਾ ਕਿ ਥੋੜ੍ਹੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਨਾਲ ਫੜੇ ਗਏ 1121 ਵਿਅਕਤੀਆਂ ਨੂੰ ਐਨਡੀਪੀਐਸ ਐਕਟ ਦੀ ਧਾਰਾ 64-ਏ ਤਹਿਤ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਭੇਜਿਆ ਗਿਆ। ਇਸ ਤੋਂ ਇਲਾਵਾ, ਪੁਲਿਸ ਟੀਮਾਂ ਵੱਲੋਂ 5786 ਨਸ਼ਾ ਪੀੜਤਾਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਵੀ ਲਿਜਾਇਆ ਗਿਆ ਹੈ, ਜਦੋਂ ਕਿ 6483 ਨਸ਼ਾ ਪੀੜਤਾਂ ਨੂੰ ਪੁਲਿਸ ਨੇ ਓਓਏਟੀ ਕੇਂਦਰਾਂ ਤੋਂ ਇਲਾਜ ਕਰਵਾਉਣ ਲਈ ਪ੍ਰੇਰਿਆ ਹੈ ਇਸ ਤੋਂ ਇਲਾਵਾ, ਉਨ੍ਹਾਂ ਐਲਾਨ ਕੀਤਾ ਕਿ ਸਟੇਸ਼ਨ ਹਾਊਸ ਅਫ਼ਸਰ (ਐਸਐਚਓ) ਜ਼ਮਾਨਤ ਤੋਂ ਬਾਹਰ ਆਏ ਵਿਅਕਤੀਆਂ ਤੱਕ ਨਿੱਜੀ ਤੌਰ ‘ਤੇ ਪਹੁੰਚ ਕਰਨਗੇ ਅਤੇ ਉਨ੍ਹਾਂ ਨਾਲ ਸਹਿਯੋਗੀ ਢੰਗ ਨਾਲ ਜੁੜ ਕੇ ਸਵੈ-ਘੋਸ਼ਣਾ ਸਹੁੰ ਲੈਣਗੇ ਕਿ ਉਹ ਨਸ਼ਿਆਂ ਦਾ ਸੇਵਨ ਜਾਂ ਵੇਚਣ ਤੋਂ ਪਰਹੇਜ਼ ਕਰਨਗੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ, ਐਸਐਚਓ ਲੋੜਵੰਦਾਂ ਨੂੰ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣਗੇ, ਜਦੋਂ ਕਿ ਆਦਤਨ ਅਪਰਾਧੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਡੀਜੀਪੀ ਗੌਰਵ ਯਾਦਵ ਨੇ ‘ਈਚ ਵਨ ਅਡਾਪਟ ਵਨ’ ਪ੍ਰੋਗਰਾਮ ਦਾ ਵੀ ਐਲਾਨ ਕੀਤਾ ਜਿਸ ਤਹਿਤ ਡੀਜੀਪੀ ਰੈਂਕ ਤੋਂ ਲੈ ਕੇ ਹੇਠਲੇ ਰੈਂਕ ਦਾ ਹਰ ਪੁਲਿਸ ਅਧਿਕਾਰੀ ਇਕ ਨਸ਼ਾ ਪੀੜਤ ਨੂੰ ਗੋਦ ਲਏਗਾ ਅਤੇ ਉਸਦੇ ਨਸ਼ਾ ਛੁਡਾਉਣ ਅਤੇ ਪੁਨਰਵਾਸ ‘ਤੇ ਧਿਆਨ ਕੇਂਦਰਿਤ ਕਰੇਗਾ। ਉਨ੍ਹਾਂ ਕਿਹਾ, “ਆਪਣੇ ਆਪ ਤੋਂ ਸ਼ੁਰੂ ਕਰਦੇ ਹੋਏ, ਹਰ ਅਧਿਕਾਰੀ – ‘ਈਚ ਵਨ ਅਡਾਪਟ ਵਨ’ ਪ੍ਰੋਗਰਾਮ ਦੇ ਤਹਿਤ – ਸਵੈ-ਇੱਛਾ ਨਾਲ ਇੱਕ ਨਸ਼ਾ ਪੀੜਤ ਨੂੰ ਗੋਦ ਲਵੇਗਾ ਅਤੇ ਉਸਦੇ ਨਸ਼ਾ ਛੁਡਾਊ ਇਲਾਜ ਦੀ ਨਿਗਰਾਨੀ ਕਰੇਗਾ ਅਤੇ ਉਸ ਨੂੰ ਪ੍ਰੇਰਿਤ ਕਰੇਗਾ।” ਉਨ੍ਹਾਂ ਹੋਰ ਲੋਕਾਂ ਨੂੰ ਅੱਗੇ ਆਉਣ ਅਤੇ ਇੱਕ ਨਸ਼ਾ ਪੀੜਤ ਨੂੰ ਗੋਦ ਲੈਣ ਲਈ ਉਤਸ਼ਾਹਿਤ ਕੀਤਾ ਤਾਂ ਜੋ ਉਹਨਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਵਿੱਚ ਮਦਦ ਮਿਲ ਸਕੇ।

ਨਸ਼ਿਆਂ ਨੂੰ ਖ਼ਤਮ ਕਰਨ ਸਬੰਧੀ ਭਵਿੱਖੀ ਰੋਕਥਾਮ ਰਣਨੀਤੀਆਂ ਬਾਰੇ ਗੱਲ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਪਿੰਡ ਦੀਆਂ ਪੰਚਾਇਤਾਂ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਉਹ ਮੀਟਿੰਗਾਂ ਕਰਨ ਅਤੇ ਆਪਣੇ ਪਿੰਡ ਵਿੱਚ ਨਸ਼ਿਆਂ ਦੀ ਸਥਿਤੀ ਦਾ ਮੁਲਾਂਕਣ ਕਰਨ ਤਾਂ ਜੋ ਸੁਤੰਤਰ ਤੌਰ ‘ਤੇ ਪਤਾ ਲਗਾਇਆ ਜਾ ਸਕੇ ਕਿ ਉਨ੍ਹਾਂ ਦਾ ਪਿੰਡ ਨਸ਼ਾ ਮੁਕਤ ਹੈ ਜਾਂ ਨਹੀਂ। ਉਨ੍ਹਾਂ ਕਿਹਾ, “ਜੇਕਰ ਪਿੰਡ ਨਸ਼ਿਆਂ ਤੋਂ ਮੁਕਤ ਹੈ, ਤਾਂ ਪੰਚਾਇਤ ਨੂੰ ਆਪਣੇ ਪਿੰਡ ਨੂੰ ‘ਨਸ਼ਾ ਮੁਕਤ’ ਐਲਾਨਣ ਲਈ ਬੇਨਤੀ ਕੀਤੀ ਜਾਵੇਗੀ ਅਤੇ ਜੇਕਰ ਪਿੰਡ ਅਜੇ ਤੱਕ ਨਸ਼ਿਆਂ ਤੋਂ ਮੁਕਤ ਨਹੀਂ ਹੈ, ਤਾਂ ਪੰਚਾਇਤ ਨੂੰ ਮੌਜੂਦਾ ਸਥਿਤੀ ਦਾ ਮੁਲਾਂਕਣ ਕਰਨ ਅਤੇ ਆਪਣੇ ਪਿੰਡ ਨੂੰ ਨਸ਼ਾ ਮੁਕਤ ਬਣਾਉਣ ਲਈ ਰਣਨੀਤੀ ਤਿਆਰ ਕਰਨ ਦੀ ਬੇਨਤੀ ਕੀਤੀ ਜਾਵੇਗੀ।”

# ਤੰਦਰੁਸਤ ਸਮਾਜ ਦੀ ਸਿਰਜਣਾ ਲਈ ਨਸ਼ਿਆਂ ਦੇ ਮੱਕੜ੍ਹ ਜਾਲ ਵਿੱਚ ਫਸ ਚੁੱਕੇ ਨੌਜਵਾਨ ਨੂੰ ਕੱਢਣ ਦੀ ਸਖ਼ਤ ਲੋੜ ਹੈ : ਬਲਜਿੰਦਰ ਸਿੰਘ ਖਾਲਸਾ

## ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਵੱਲੋਂ ਫ੍ਰੀ ਨਸ਼ਾ ਛੁਡਾਉ ਕੈਂਪ ਲਗਾਇਆ ਗਿਆ !

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 1 ਜੂਨ ( ਤਰਸੇਮ ਦੀਵਾਨਾ ) ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਪਿੰਡਾ ਸ਼ਹਿਰਾ ਅਤੇ ਕਸਬਿਆਂ ਦੇ ਵਿੱਚ ਨਸ਼ਿਆਂ ਦੇ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਹੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਛੁਟਕਾਰਾ ਦਿਵਾਉਣ ਲਈ ਗੁਰਦੁਆਰਾ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਵਿਖੇ ਮੁਫਤ ਨਸ਼ਾ ਛੁਡਾਊ ਕੈਂਪ ਲਗਾ ਕੇ ਨਸ਼ਿਆਂ ਦੇ ਮੱਕੜ ਜਾਲ ਵਿੱਚ ਫਸੇ ਹੋਏ ਨੌਜਵਾਨਾਂ ਨੂੰ ਨਸਿਆ ਵਿੱਚੋ ਕੱਢਣ ਲਾਈ ਜਾਗਰੂਕ ਕੀਤਾ ਗਿਆ। ਇਸ ਸਬੰਧੀ ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਦੇ ਐਮਡੀ ਅਤੇ ਦਲ ਖਾਲਸਾ ਦੇ ਜਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤੰਦਰੁਸਤ ਸਮਾਜ ਦੀ ਸਿਰਜਣਾ ਦੇ ਲਈ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਨੌਜਵਾਨ ਵਰਗ ਨੂੰ ਇਸ ਵੇਲੇ ਕੱਢਣ ਦੀ ਬਹੁਤ ਹੀ ਸਖ਼ਤ ਲੋੜ ਹੈ ਅਤੇ ਨੌਜਵਾਨਾ ਨੂੰ ਨਸ਼ਿਆਂ ਦੇ ਲਾਉਣ ਵਾਲੇ ਨਸ਼ਾ ਤਸਕਰਾਂ ਦੇ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ,ਉਹਨਾ ਕਿਹਾ ਕਿ ਜਿਹੜੇ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਹਨਾਂ ਦਾ ਸਾਡੇ ਵਲੋਂ ਨਸ਼ਾ ਛੱਡਣ ਦੀ ਦਵਾਈ ਦਾ ਕੋਰਸ ਕਰਵਾਇਆ ਜਾ ਰਿਹਾ ਹੈ। ਉਹਨਾਂ ਪਿੰਡਾਂ ਸ਼ਹਿਰਾਂ ਅਤੇ ਕਸਬਿਆਂ ਵਿੱਚ ਬਣੀਆਂ ਜਥੇਬੰਦੀਆਂ ਸਮਾਜਸੇਵੀ ਜਥੇਬੰਦੀਆਂ ਅਤੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੇ ਤਮਾਮ ਲੋਕ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਆਪਣਾ ਯੋਗਦਾਨ ਜਰੂਰ ਪਾਉਣ ਤਾਂ ਕਿ ਕਿਸੇ ਦੀ ਜ਼ਿੰਦਗੀ ਬਚ ਸਕੇ ਉਹਨਾਂ ਪੰਜਾਬ ਦੇ ਲੋਕਾਂ ਨੂੰ ਕਿਹਾ ਕਿ ਅੱਜ ਦੇ ਨੌਜਵਾਨ ਵਰਗ ਨੂੰ ਨਸ਼ਿਆਂ ਦੀ ਥਾਂ ਤੇ ਖੇਡ ਦੇ ਮੈਦਾਨ ਵੱਲ ਤੋਰਿਆ ਜਾਵੇ ਤਾਂ ਬਹੁਤ ਹੀ ਵਧੀਆ ਹੋਵੇਗਾ ਉਹਨਾ ਕਿਹਾ ਕਿ ਆਉ ਰਲਕੇ ਆਪਾ ਇੱਕਠੇ ਹੋ ਕੇ ਨਸ਼ਿਆਂ ਦੇ ਕੋਹੜ ਨੂੰ ਜੜ ਤੋਂ ਖਤਮ ਕਰੀਏ । ਉਹਨਾਂ ਆਖਿਆ ਕਿ ਨਸ਼ਿਆਂ ਦੀ ਅੱਗ ਨੇ ਬਹੁਤ ਸਾਰੇ ਘਰ ਉਜਾੜ ਦਿੱਤੇ ਹਨ, ਮਾਂਵਾਂ ਵਿਲਕ ਰਹੀਆਂ ਹਨ ਅਤੇ 25-30 ਸਾਲ ਦੀਆਂ ਕੁੜੀਆਂ ਚਿੱਟੇ ਕਾਰਨ ਵਿਧਵਾ ਹੋ ਰਹੀਆਂ ਹਨ ਅਤੇ ਬੱਚੇ ਰੁਲ ਰਹੇ ਹਨ। ਉਹਨਾ ਕਿਹਾ ਕਿ ਜਿਸ ਘਰ ਵਿੱਚ ਨਸ਼ੇ ਵੜ ਜਾਂਦੇ ਹਨ, ਉਹ ਘਰ ਆਰਥਿਕ ਪੱਧਰ ‘ਤੇ ਤਾਂ ਕਮਜ਼ੋਰ ਹੋ ਜਾਦਾ ਹੈ,ਅਤੇ ਨਾਲ ਹੀ ਬਿਮਾਰੀ ਅਤੇ ਹੋਰ ਅਪਰਾਧਿਕ ਮਾਮਲਿਆਂ ‘ਵਿੱਚ ਨਸ਼ੇ ਦੇ ਕਾਰਣ ਹੋਈਆਂ ਉਲਝਣਾ ਕਾਰਨ ਇਕ ਹੱਸਦਾ ਵੱਸਦਾ ਘਰ ਬਰਬਾਦ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣ ਲਈ ਮਾਪੇ ਸੁਚੇਤ ਰਹਿਣ ਅਤੇ ਬੱਚਿਆਂ ਵੱਲੋਂ ਖਾਂਦੀਆਂ ਜਾਂਦੀਆਂ ਟਾਫੀਆਂ ਤੋਂ ਲੈਕੇ ਹਰੇਕ ਖਾਣ ਪੀਣ ਵਾਲੀ ਵਸਤੂ ਦਾ ਧਿਆਨ ਰੱਖਣ ਅਤੇ ਖਾਸ ਤੌਰ ‘ਤੇ ਬੱਚਿਆਂ ਦੀ ਸੰਗਤ ਦਾ ਵੀ ਖਿਆਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਾਰਾ ਪਿੰਡ ਸੁਚੇਤ ਹੋਵੇਗਾ ਤਾਂ ਨਸ਼ਾ ਪਿੰਡ ਵਿੱਚ ਦਾਖਲ ਹੀ ਨਹੀਂ ਹੋਵੇਗਾ ਉਹਨਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਵਿੱਢੀ ਗਈ ਇਸ ਲੜਾਈ ਨੂੰ ਜਿੱਤਣ ਲਈ ਸਾਨੂੰ ਇੱਕਜੁੱਟ ਹੋਣਾ ਪਵੇਗਾ ਤਾਂ ਹੀ ਅਸੀਂ ਇਸ ਬੁਰਾਈ ਦਾ ਜੜ੍ਹ ਤੋਂ ਖਾਤਮਾ ਕਰ ਸਕਦੇ ਹਾਂ । ਉਹਨਾਂ ਕਿਹਾ ਕੀ ਨਸ਼ਾ ਛੱਡਣ ਵਾਲੇ ਵਿਅਕਤੀ ਸਾਡੇ ਨਾਲ ਸਾਡੇ ਨੰਬਰ 9501965267 ਤੇ ਸੰਪਰਕ ਕਰ ਸਕਦੇ ਹਨ ! ਇਸ ਮੌਕੇ ਹੋਰਨਾਂ ਤੋ ਇਲਾਵਾ ਸੁਖਵਿੰਦਰ ਸਿੰਘ ਅਸਲਾਮਾਬਾਦ, ਰੋਨੀ ਪਾਬਲਾ, ਤਜਿੰਦਰ ਸਿੰਘ ਪਾਬਲਾ, ਫੂਲ ਸਿੰਘ, ਸੁਰਿੰਦਰਪਾਲ ਸਿੰਘ ਆਦਿ ਹਾਜ਼ਰ ਸਨ !

# ਟੀ ਬੀ ਐਸ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕਾ ਅਤੇ ਮਾਪਿਆਂ ਦੀ ਮੀਟਿੰਗ ਹੋਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਜ਼ੀਰਾ 1 ਜੂਨ ( ਅੰਗਰੇਜ਼ ਬਰਾੜ ) - ਫਿਰੋਜ਼ਪੁਰ ਮੋਗਾ ਰੋਡ ‘ਤੇ ਸਥਿਤ ਟੀ ਬੀ ਐੱਸ ਇੰਟਰਨੈਸ਼ਨਲ ਸਕੂਲ ਫਿਰੋਜ਼ਸ਼ਾਹ ਵਿਖੇ ਚੇਅਰਮੈਨ ਡਾ ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਨਿਰਦੇਸ਼ਾਂ ‘ਤਹਿਤ ਮਾਪੇ-ਅਧਿਆਪਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਾਣਕਾਰੀ



ਦਿੰਦੇ ਹੋਏ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਪੀ ਟੀ ਐਮ ਦਾ ਉਦੇਸ਼ ਮਾਪਿਆਂ ਨੂੰ ਪੀ ਟੀ-1 ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦੇਣਾ ਹੈ। ਮਾਪਿਆਂ ਨੂੰ ਪ੍ਰੀਖਿਆਵਾਂ ਵਿੱਚ ਵਿਦਿਆਰਥੀਆਂ ਦੁਆਰਾ ਪ੍ਰਾਪਤ ਕੀਤੇ ਅੰਕਾਂ ਅਤੇ ਕਲਾਸ ਵਿੱਚ ਉਨ੍ਹਾਂ ਦੇ ਪ੍ਰਦਰਸ਼ਨ ਬਾਰੇ ਜਾਣਕਾਰੀ ਦਿੱਤੀ ਗਈ। ਮੈਡਮ ਰੇਖਾ ਪਾਸੀ ਨੇ ਕਿਹਾ ਕਿ ਇਸ ਪੀ ਟੀ ਐਮ ਰਾਹੀਂ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦੇ ਪੱਧਰ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ ਤਾਂ ਜੋ ਵਿਦਿਆਰਥੀ ਚੰਗੇ ਨੰਬਰ ਲੈਕੇ ਭਵਿੱਖ ਵਿੱਚ ਚੰਗਾ ਮੁਕਾਮ ਹਾਸਿਲ ਕਰ ਸਕਣ। ਇਸ ਦੇ ਨਾਲ ਹੀ ਬੱਚਿਆਂ ਦੀ ਪੜ੍ਹਾਈ ਸਬੰਧੀ ਅਧਿਆਪਕਾਂ ਅਤੇ ਮਾਪਿਆਂ ਵਿਚਕਾਰ ਤਾਲਮੇਲ ਵੀ ਚੰਗੇ ਨਤੀਜੇ ਲਿਆਉਣ ਵਿੱਚ ਮਦਦ ਕਰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਟਰਮ-1 ਪ੍ਰੀਖਿਆਵਾਂ ਵਿੱਚ ਵਧੇਰੇ ਲਗਨ ਅਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਸਟਾਫ਼ ਅਤੇ ਬੱਚਿਆਂ ਦੇ ਮਾਪੇ ਮੌਜੂਦ ਸਨ।

# 2 ਜੂਨ ਦੀ ਜਗਰਾਓਂ ਰੈਲੀ ਅਤੇ 4 ਜੂਨ ਦੀ ਜਲੰਧਰ ਕਨਵੈਨਸ਼ਨ 'ਚ ਕਰਾਂਗੇ ਭਰਵੀਂ ਸਮੂਲੀਅਤ,,, ਪੰਜਾਬ ਕਿਸਾਨ ਯੂਨੀਅਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਮਾਨਸਾ1 ਜੂਨ ( ਆਤਮਾ ਸਿੰਘ ਪਮਾਰ )- ਪੰਜਾਬ ਕਿਸਾਨ ਯੂਨੀਅਨ ਮਾਲਵਾ ਜੋਨ ਦੀ ਮੀਟਿੰਗ ਸੂਬਾਈ ਪ੍ਰਧਾਨ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਸਥਾਨਕ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ I ਮੀਟਿੰਗ ਦੌਰਾਨ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਖਿਲਾਫ਼ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਜਗਰਾਓਂ ਵਿਖੇ ਦੋ ਜੂਨ ਨੂੰ ਹੋ ਰਹੀ 'ਜਬਰ ਵਿਰੋਧੀ ਰੈਲੀ' ਵਿੱਚ ਵੱਡੀ ਗਿਣਤੀ 'ਚ ਸਾਮਲ ਹੋਣ ਦਾ ਫੈਸਲਾ ਲਿਆ ਗਿਆ I ਜਲੰਧਰ ਵਿਖੇ 4 ਜੂਨ ਨੂੰ ਹੋ ਰਹੀ ਕਨਵੈਨਸ਼ਨ 'ਚ ਵੀ ਪਹੁੰਚਣ ਦਾ ਮਤਾ ਪਾਸ ਕੀਤਾ I ਜਾਣਕਾਰੀ ਦਿੰਦਿਆਂ ਰੁਲਦੂ ਸਿੰਘ ਮਾਨਸਾ,ਗੁਰਨਾਮ




ਸਿੰਘ ਭੀਖੀ,ਗੁਰਜੰਟ ਸਿੰਘ ਮਾਨਸਾ,ਭੋਲਾ ਸਿੰਘ ਸਮਾਓਂ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਜਲੰਧਰ ਵਿਖੇ ਰਾਜਨੀਤਿਕ ਤੇ ਜੰਗੀ ਹਾਲਤਾਂ ਬਾਰੇ ਹੋ ਰਹੀ ਕਨਵੈਨਸ਼ਨ ਜਿਸ ਨੂੰ ਕਾ.ਦੀਪੰਕਰ ਭੱਟਾਚਾਰੀਆ ਸੰਬੋਧਨ ਕਰਨਗੇ, ਜੱਥੇਬੰਦੀ ਸਾਮਲ ਹੋਵੇਗੀ I ਉਨਾਂ ਬਠਿੰਡੇ ਜਿਲ੍ਹੇ ਵਿੱਚ ਪਿਛਲੇ ਲੰਬੇ ਸਮੇਂ ਤੋਂ ਖੇਤਾਂ ਵਿਚਲੀਆਂ ਬਿਜਲੀ ਮੋਟਰਾਂ ਜਿੰਨਾਂ ਨੂੰ ਬਾਕੀ ਲਿਖਤੀ ਕਾਰਵਾਈਆਂ ਹੋਣ ਦੇ ਬਾਵਜੂਦ ਆਨਲਾਇਨ ਰਿਕਾਰਡ ਵਿੱਚ ਨਹੀਂ ਚੜ੍ਹਾਇਆ ਗਿਆ ਦਾ ਮਸਲਾ ਮਹਿਕਮੇ ਦੇ ਧਿਆਨ ਚ ਕਰਦਿਆਂ ਕਿਹਾ ਕਿ ਮੋਟਰਾਂ ਨੂੰ ਜਲਦ ਰਿਕਾਰਡ ਅਧੀਨ ਲਿਆਂਦਾ ਜਾਵੇ,ਜੇਕਰ ਸਰਕਾਰ ਇਸਤੇ ਗੌਰ ਨਹੀਂ ਕਰਦੀ ਤਾਂ ਮਜਬੂਰਨ ਕਿਸਾਨ ਸੰਘਰਸ਼ ਦੇ ਰਾਹ ਪੈਣਗੇ I ਇਸ ਸਮੇਂ ਗੋਰਾ ਸਿੰਘ ਭੈਣੀਬਾਘਾ,ਰਾਜਵਿੰਦਰ ਰਾਣਾ, ਗੁਰਜੀਤ ਸਿੰਘ ਜੈਤੋ,ਜਰਨੈਲ ਸਿੰਘ ਰੋੜਾਂਵਾਲਾ,ਸਵਰਨ ਸਿੰਘ ਨਵਾਂਗਾਓਂ ਸੰਗਰੂਰ,ਰਾਮਫਲ ਸਿੰਘ ਬੁਸੈਹਿਰਾ,ਅਮਰੀਕ ਸਿੰਘ ਰਾਈਆ,ਲਖਵਿੰਦਰ ਸਿੰਘ ਫਰੀਦਕੋਟ,ਬਲਜਿੰਦਰ ਕੌਰ ਵਿਰਕ,ਹਰਦਿਆਲ ਸਿੰਘ,ਜੁਗਰਾਜ ਸਿੰਘ,ਬਿੱਕਰ ਸਿੰਘ ਬਰਨਾਲਾ,ਬਲਜਿੰਦਰ ਸਿੰਘ,ਜਗਤਾਰ ਸਿੰਘ,ਕਰਨੈਲ ਸਿੰਘ ਮਾਨਸਾ,ਸੁਖਚਰਨ ਦਾ ਨੇ ਵਾ ਲੀ ਆਂ , ਗੁ ਰ ਦੀ ਪ ਸਿੰਘ,ਮਨਜੀਤ ਸੋਢੀ ਵੀ ਹਾਜ਼ਰ ਸਨ I

# ਤੰਬਾਕੂ ਵਿਰੋਧੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਮਹਿਲਾ ਚੌਂਕ,1 ਜੂਨ (ਜਗਸੀਰ ਲੌਂਗੋਵਾਲ)-

ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਅਰੁਣ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਪ੍ਰਿੰਸੀਪਲ ਨਵਰਾਜ ਕੌਰ ਦੀ ਦੇਖ ਰੇਖ ਵਿੱਚ ਕੌਮਾਂਤਰੀ ਤੰਬਾਕੂ ਵਿਰੋਧੀ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਸਕੂਲ ਨੋਡਲ ਅਫਸਰ ਸ੍ਰੀ ਰਕੇਸ਼ ਕੁਮਾਰ ਲੈਕਚਰਾਰ ਸਰੀਰਕ ਸਿੱਖਿਆ ਦੀ ਅਗਵਾਈ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਦੇ ਚਾਰਟ ਬਣਾਉਣ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਹੀ ਢੰਗ ਨਾਲ ਤੰਬਾਕੂ ਦੀ ਵਰਤੋਂ ਨਾਲ ਹੋਣ ਵਾਲੀਆਂ





ਭਿਆਨਕ ਬਿਮਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਲੈਕਚਰਾਰ ਹਿਸਟਰੀ ਸ੍ਰੀ ਰਾਜੇਸ਼ ਕੁਮਾਰ ਢੋਲ ਨੇ ਮੰਚ ਸੰਚਾਲਨ ਕਰਦੇ ਹੋਏ ਵਿਸਥਾਰ ਵਿੱਚ ਤੰਬਾਕੂ ਅਤੇ ਤੰਬਾਕੂ ਨਾਲ ਸੰਬੰਧਿਤ ਹੋਰ ਪਦਾਰਥਾਂ ਦੇ ਸੇਵਨ ਨਾਲ ਵੱਖ ਵੱਖ ਬਿਮਾਰੀਆਂ ਜਿਵੇਂ ਮੂੰਹ ਅਤੇ ਗਲੇ ਦਾ ਕੈਂਸਰ ਫੇਫੜਿਆਂ ਦਾ ਕੈਂਸਰ, ਸਾਂਹ, ਦਮਾ ਦੰਦਾਂ ਦਾ ਖਰਾਬ ਹੋਣਾ ਬਾਰੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਤੰਬਾਕੂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਅਫਸਰ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਵਿਦਿਆਰਥੀਆਂ ਦੇ ਰੂਬਰੂ ਹੁੰਦੇ ਹੋਏ ਕਿਹਾ ਕਿ ਸਾਨੂੰ ਤੰਬਾਕੂ ਹੀ ਨਹੀਂ ਹਰ ਪ੍ਰਕਾਰ ਦੇ ਨਸ਼ੇ ਤੋਂ ਦੂਰ ਰਹਿ ਕੇ ਆਪਣੇ ਅਨਮੋਲ ਜੀਵਨ ਅਤੇ ਜਿੰਦਗੀ ਦਾ ਆਨੰਦ ਮੰਨਣਾ ਚਾਹੀਦਾ ਹੈ ਅਤੇ ਸਮਾਜ ਵਿੱਚ ਆਪਣਾ ਉੱਚਾ ਤੇ ਸੁੱਚਾ ਰੁਤਬਾ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਜੋ ਮੁਹਿੰਮ ਸ਼ੁਰੂ ਕੀਤੀ ਗਈ ਹੈ ਸਾਨੂੰ ਵੀ ਉਸ ਦਾ ਹਿੱਸਾ ਬਣ ਜਾਣਾ ਚਾਹੀਦਾ ਹੈ ਅਤੇ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ ।ਇਸ ਮੌਕੇ ਵੱਖ ਵੱਖ ਵਿਦਿਆਰਥੀਆਂ ਨੇ ਤੰਬਾਕੂ ਅਤੇ ਨਸ਼ਾ ਵਿਰੋਧੀ ਭਾਸ਼ਨ ਅਤੇ ਕਵਿਤਾਵਾਂ ਪੇਸ਼ ਕੀਤੀਆਂ।ਸਮਾਗਮ ਦੇ ਅੰਤ ਵਿੱਚ ਸਮੂਹ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਹੌਂਸਲਾ ਵਧਾਉਣ ਲਈ ਉਹਨਾਂ ਨੂੰ ਸਟੇਸ਼ਨਰੀ ਇਨਾਮ ਵਿੱਚ ਦਿੱਤੀ ਗਈ ।ਇਸ ਮੌਕੇ ਗੁਰਦੀਪ ਸਿੰਘ ਲੈਕਚਰਾਰ ਪੰਜਾਬੀ, ਮੈਡਮ ਗੁਰਮੀਤ ਕੌਰ ਲੈਕਚਰਰ ਪੋਲ ਸਾਇੰਸ, ਹਰਵਿੰਦਰ ਸਿੰਘ, ਸੁਖਵਿੰਦਰ ਕੌਰ, ਵੰਦਨਾ ਸਿੰਗਲਾ, ਕਿਰਨਦੀਪ ਕੌਰ, ਮਨਪ੍ਰੀਤ ਕੌਰ,ਪ੍ਰੀਤੀ ਰਾਣੀ, ਰਜਨੀ ਬਾਲਾ,ਅੰਜਨ ਅੰਜੂ, ਹਰਦੇਵ ਕੌਰ, ਰਣਜੀਤ ਸਿੰਘ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਸੁੱਖੀ ਛੰਨਾ ਜਨਵਾਦੀ ਨੌਜਵਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਨਿਯੁਕਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਸੰਗਰੂਰ,1 ਜੂਨ (ਜਗਸੀਰ ਸਿੰਘ) - ਭਾਰਤ ਦੀ ਜਨਵਾਦੀ ਨੌਜਵਾਨ ਸਭਾ ਡੀ ਵਾਈ ਆਈ ਐਫ ਦੀ 17ਵਾਂ ਸੂਬਾ ਪੱਧਰੀ ਕਾਨਫਰੰਸ ਅੱਜ ਰਾਏਕੋਟ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਕਾਮਰੇਡ ਸੁਖਵਿੰਦਰ ਸਿੰਘ ਸੇਖੋ, ਸੁਖਵਿੰਦਰ ਸਿੰਘ ਨਾਗੀ ਡਾਕਟਰ ਗੁਰਵਿੰਦਰ ਸਿੰਘ ਨੇ ਕੀਤੀ, ਇਸ ਮੌਕੇ ਜਨਵਾਦੀ ਨੌਜਵਾਨ ਸਭਾ ਦੀ ਸੂਬਾ ਕਮੇਟੀ ਦੀ ਦੁਬਾਰਾ ਚੋਣ ਕੀਤੀ ਗਈ ਜਿਸ ਵਿੱਚ ਕਾਮਰੇਡ ਚਮਕੌਰ ਸਿੰਘ ਖੇੜੀ ਜਿਲਾ ਸਕੱਤਰ ਅਤੇ ਕਾਮਰੇਡ ਭੂਪ ਚੰਦ ਚੰਨੋ ਸਕਤਰੇਤ ਮੈਂਬਰ ਵੱਲੋਂ ਕਾਮਰੇਡ ਸੁਖਵਿੰਦਰ ਸਿੰਘ ਸੁਖੀ ਛੰਨਾ ਦਾ ਨਾਮ ਪੇਸ਼ ਕਰਨ ਤੇ ਸੁੱਖੀ ਛੰਨਾ ਨੂੰ ਦੂਜੀ ਵਾਰ ਸੂਬਾ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ,ਆਪਣੀ ਦੁਬਾਰਾ ਨਿਯੁਕਤੀ ਤੇ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਸੁਖੀ ਚੰਨਾ ਨੇ ਕਿਹਾ ਕਿ ਪਾਰਟੀ ਨੇ ਉਹਨਾਂ ਵਿੱਚ ਜੋ ਭਰੋਸਾ ਜਤਾਇਆ ਹੈ ਆਪਣੇ ਇਸ ਅਹੁਦੇ ਲਈ ਅਤੇ ਪਾਰਟੀ ਦੀ ਚੜਦੀ



ਕਲਾ ਲਈ ਉਹ ਇਮਾਨਦਾਰੀ ਅਤੇ ਮਿਹਨਤ ਨਾਲ ਕੰਮ ਕਰਨਗੇ ਨੌਜਵਾਨ ਸਭਾ ਵੱਲੋਂ ਉਲੀਕੇ ਪ੍ਰੋਗਰਾਮ ਨੂੰ ਪਿੰਡ - ਪਿੰਡ ਪੱਧਰ ਤੇ ਲੈ ਕੇ

# ਪੰਜਾਬ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਵਰਕਰਾਂ 'ਚ ਭਰਿਆ ਨਵਾਂ ਜੋਸ਼ : ਵਾਲੀਆ

## *ਕਿਹਾ: ਸੂਬੇ ਦੀ ਸੱਤਾ 'ਚ ਸ਼ਾਨਦਾਰ ਵਾਪਸੀ ਕਰੇਗੀ ਕਾਂਗਰਸ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਫਗਵਾੜਾ 1 ਜੂਨ (ਸ਼ਿਵ ਕੌੜਾ) ਪੰਜਾਬ ਕਾਂਗਰਸ ਦੇ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ ਨੇ ਅੱਜ ਫਗਵਾੜਾ ਵਿਖੇ ਹੋਈ ਕਾਂਗਰਸ ਪਾਰਟੀ ਦੀ ਸੰਵਿਧਾਨ ਬਚਾਓ ਰੈਲੀ ਦੌਰਾਨ ਪਾਰਟੀ ਵਰਕਰਾਂ ਅਤੇ ਸਮਰਥਕਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਵੇਖਦਿਆਂ ਕਿਹਾ ਕਿ ਜਿਸ ਤਰ੍ਹਾਂ ਬਲਵਿੰਦਰ ਸਿੰਘ ਧਾਲੀਵਾਲ ਨੇ ਵਿਧਾਇਕ ਵਜੋਂ ਫਗਵਾੜਾ ਅਤੇ ਕਪੂਰਥਲਾ ਜ਼ਿਲ੍ਹੇ ਦੇ ਵਰਕਰਾਂ 'ਚ ਬਤੌਰ ਜ਼ਿਲ੍ਹਾ ਪ੍ਰਧਾਨ ਨਵੇਂ ਜੋਸ਼ ਦਾ ਸੰਚਾਰ ਕੀਤਾ ਹੈ, ਉਸੇ ਤਰ੍ਹਾਂ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਪੰਜਾਬ ਕਾਂਗਰਸ ਵਿੱਚ ਨਵਾਂ ਉਤਸ਼ਾਹ ਭਰਿਆ ਹੈ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਨੇ ਪਾਰਟੀ ਦੇ ਵਫ਼ਾਦਾਰ, ਮਿਹਨਤੀ ਅਤੇ ਨੌਜਵਾਨ ਵਰਕਰਾਂ ਨੂੰ ਸਨਮਾਨਜਨਕ ਅਹੁਦੇ ਅਤੇ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਹਨ। ਇਸ ਦੇ ਨਾਲ ਹੀ ਪਹਿਲਾਂ ਪੰਜਾਬ ਵਿਧਾਨ ਸਭਾ ਵਿੱਚ ਅਤੇ ਹੁਣ ਲੋਕਸਭਾ ਵਿੱਚ ਸੰਸਦ ਮੈਂਬਰ ਵਜੋਂ ਉਹ ਪੰਜਾਬ ਦੇ ਮੁੱਦਿਆਂ ਨੂੰ ਬੁਲੰਦ ਆਵਾਜ਼ ਵਿੱਚ ਚੁੱਕ ਰਹੇ ਹਨ। ਵਾਲੀਆ ਨੇ ਕਿਹਾ ਕਿ ਜਦੋਂ ਵੀ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨਾਂ ਦੀ ਗੱਲ ਹੋਵੇਗੀ, ਤਾਂ ਰਾਜਾ ਵੜਿੰਗ ਦਾ ਨਾਮ ਵੀ ਬਹੁਤ ਸਤਿਕਾਰ ਨਾਲ ਲਿਆ ਜਾਵੇਗਾ। ਰਾਜਾ ਵੜਿੰਗ ਨੇ ਨਾ ਸਿਰਫ਼ ਪਿਛਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਪੰਜਾਬ ਕਾਂਗਰਸ ਵਰਕਰਾਂ ਵਿੱਚ ਪੈਦਾ ਹੋਈ ਨਿਰਾਸ਼ਾ ਦੀ ਭਾਵਨਾ ਨੂੰ ਬਾਹਰ ਕੱਢਿਆ, ਸਗੋਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਰਕਰਾਂ ਨੂੰ ਭਰੋਸਾ ਵੀ ਦੁਵਾਇਆ ਹੈ ਕਿ ਕਾਂਗਰਸ ਪਾਰਟੀ ਪੰਜਾਬ ਦੀ ਸੱਤਾ 'ਚ



ਭਾਰੀ ਬਹੁਮਤ ਨਾਲ ਸ਼ਾਨਦਾਰ ਵਾਪਸੀ ਕਰਨ ਲਈ ਤਿਆਰ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ ਤਾਂ ਜੋ ਸੂਬੇ ਨੂੰ ਆਮ ਆਦਮੀ ਪਾਰਟੀ ਦੇ ਕੁਸ਼ਾਸਨ ਤੋਂ ਮੁਕਤ ਕੀਤਾ ਜਾ ਸਕੇ।

# ਵਿਧਾਨ ਸਭਾ ਹਲਕਾ ਫਿਲੌਰ ਦੀ ਜ਼ਰੂਰੀ ਮੀਟਿੰਗ 4/6/2025 ਨੂੰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਫਿ ਲੌ ਰ / ਅੱ ਪ ਰਾ (ਦੀਪਾ)- ਖੁਸ਼ੀ ਰਾਮ ਜ਼ਿਲ੍ਹਾ ਪ੍ਰਭਾਰੀ ਇੰਚਾਰਜ਼ ਵਿਧਾਨ ਸਭਾ ਹਲਕਾ ਫਿਲੌਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਸਪਾ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੂਰੇ ਪੰਜਾਬ ਵਿੱਚ ਪੰਜਾਬ ਸੰਭਾਲੋ ਮੁਹਿੰਮ ਤੇਜ਼ੀ ਨਾਲ ਚੱਲ ਰਹੀ ਹੈ ਅਤੇ ਸਰਕਾਰ ਵਲੋਂ ਯੁੱਧ ਨਸ਼ਿਆਂ ਵਿਰੁੱਧ ਮਹਿਜ਼ ਇੱਕ ਡਰਾਮਾ ਸਾਬਤ ਹੋਈ ਹੈ ਅਤੇ ਆਪ ਸਰਕਾਰ ਵੀ ਪਹਿਲੀਆਂ ਸਰਕਾਰਾਂ ਅਕਾਲੀ ਭਾਜਪਾ, ਕਾਂਗਰਸ ਵਾਂਗ ਬੁਰੀ ਤਰਾਂ ਫੇਲ੍ਹ ਸਾਬਤ ਹੋਇਆ ਹਨ ਹੁਣ ਤੱਕ ਸਰਕਾਰ ਦੀਆਂ ਦਿੱਤੀਆਂ ਗੰਰਾਟੀ ਲਾਰਾ ਬਣਕੇ ਹੀ ਰਹਿ ਗਈਆਂ ਹਨ ਪੰਜਾਬ ਅੰਦਰ ਕੋਈ ਵੀ ਵਰਗ ਆਪਣੇ ਆਪ ਨੂੰ ਸਰਖਤ ਮਹਿਸੂਸ ਨਹੀਂ ਕਰ ਰਿਹਾ ਬਹੁਜਨ ਸਮਾਜ ਪਾਰਟੀ ਲੋਕ ਮੁੱਦਿਆਂ ਨੂੰ ਗੰਭੀਰਤਾ ਨਾਲ ਲੈ ਰਹੀ ਅਤੇ ਪੰਜਾਬ ਵਾਸੀਆਂ ਦੇ ਨਾਲ ਹਮੇਸ਼ਾ ਚਟਾਨ ਵਾਂਗ ਖੜ੍ਹੀ ਹੈ ਹਲਕਾ ਫਿਲੌਰ ਅੰਦਰ ਵੀ ਪੰਜਾਬ ਸੰਭਾਲੋ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਜ਼ਰੂਰੀ ਮੀਟਿੰਗ ਮਿਤੀ 4 ਜੂਨ ਦਿਨ ਬੁੱਧਵਾਰ ਨੂੰ ਸ਼ਾਮ 4 ਵਜੇ ਆਰ ਸੀ ਪਲਾਜ਼ਾ ਵਿਖੇ



ਸੰਗਠਨ ਦੀ ਮਜ਼ਬੂਤੀ ਲਈ ਰੱਖੀ ਗਈ ਹੈ ਉਸ ਮੀਟਿੰਗ ਵਿੱਚ ਸਾਥੀਆਂ ਨੂੰ ਪੁਹੰਚਣ ਦੀ ਅਪੀਲ ਕਰਦੇ ਹਾਂ।

# ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਦੇ ਬਾਜ਼ਾਰਾਂ 'ਚ ਰੋਸ ਪ੍ਰਦਰਸ਼ਨ 5 ਜੂਨ ਨੂੰ ,,ਐਨ ਐਸ ਕਿਊਂ ਐਫ਼ ਵੋਕੇਸ਼ਨਲ ਫ਼ਰੰਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਮਾਨਸਾ 1ਜੂਨ (ਆਤਮਾ ਸਿੰਘ ਪਮਾਰ)

ਐਨ ਐਸ ਕਿਊਂ ਐਫ਼ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਭੀਖੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਵਾਅਦੇ ਨਾਲ ਪੰਜਾਬ ਦੀ ਸਤਾ 'ਤੇ ਕਾਬਜ਼ ਹੋਈ ਸੀ ।ਲੇਕਿਨ ਕੱਚੇ ਅਤੇ ਆਊਟਸੋਰਸਿੰਗ ਮੁਲਾਜ਼ਮਾਂ ਨੂੰ 3 ਸਾਲ ਬੀਤਣ ਤੋਂ ਬਾਅਦ ਵੀ ਅਜੇ ਤੱਕ ਪੱਕਾ ਨਹੀਂ ਕੀਤਾ ਗਿਆ। ਸਰਕਾਰ ਵੱਲੋਂ ਕੀਤੇ ਗਏ ਸਾਰੇ ਵਾਅਦੇ ਝੂਠੇ ਨਿਕਲੇ ਅਤੇ ਐਨ ਐਸ ਕਿਊਂ




ਐਫ਼ ਅਧਿਆਪਕਾਂ ਵੱਲੋਂ ਕਈ ਵਾਰ ਵਿਭਾਗ ਅਤੇ ਸਿੱਖਿਆ ਮੰਤਰੀ, ਸਬ ਕਮੇਟੀ ਨਾਲ ਮੀਟਿੰਗਾਂ ਕਰਨ ਤੋਂ ਬਾਅਦ ਵੀ ਕੋਈ ਸਿੱਟਾ ਨਹੀਂ ਨਿੱਕਲਿਆ। ਜਿਸ ਤੋਂ ਅੱਕ ਕੇ ਅਧਿਆਪਕਾਂ ਨੇ 5 ਜੂਨ ਲੁਧਿਆਣਾ ਵਿੱਚ ਪੰਜਾਬ ਸਰਕਾਰ ਖਿਲਾਫ ਰੋਸ਼ ਪ੍ਰਦਰਸ਼ਨ ਪੰਜ ਜੂਨ ਨੂੰ ਕੀਤਾ ਜਾਵੇਗਾ ਅਤੇ ਸਰਕਾਰ ਦੀਆਂ ਨਾਲਾਇਕੀਆਂ ਅਤੇ ਵਿਭਾਗ ਦੀ ਲਾਪ੍ਰਵਾਹੀ ਨੂੰ ਪੈਂਫਲਿਟ,ਇਸ਼ਤਿਹਾਰ ਵੰਡ ਕੇ ਜੱਗ ਜਾਹਰ ਕੀਤਾ ਜਾਵੇਗਾ l ਵਿੱਤ ਸਕੱਤਰ ਨਰਪਿੰਦਰ ਸਿੰਘ ਮੋਹਲ ਨੇ ਦਸਿਆ ਕਿ 11 ਸਾਲਾਂ ਤੋਂ ਪ੍ਰਾਈਵੇਟ ਕੰਪਨੀਆਂ ਕੋਲ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਆ ਰਹੇ ਹਨ । ਇਹਨਾਂ ਅਧਿਆਪਕਾਂ ਨੇ ਕਈ ਵਾਰ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਉਹਨਾਂ ਦੇ ਵਾਅਦੇ ਯਾਦ ਕਰਵਾਏ ਪਰ ਇੰਨੇ ਸਾਲਾਂ ਬਾਅਦ ਇਹਨਾਂ ਦੇ ਕੰਨਾਂ 'ਤੇ ਨੂੰ ਤੱਕ ਨਹੀਂ ਸਰਕੀ। ਫਰੰਟ ਦੇ ਆਗੂਆਂ ਵੱਲੋਂ ਸਰਕਾਰ ਨੂੰ ਸਿੱਧੇ ਤੌਰ ਤੇ ਚਿਤਾਵਨੀ ਦੇ ਦਿੱਤੀ ਕਿ ਸਾਡੀਆਂ ਮੰਗਾਂ ਦਾ ਹੱਲ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੀਆਂ ਵੋਟਾਂ ਵਿੱਚ ਸਰਕਾਰ ਖਿਲਾਫ ਲੁਧਿਆਣਾ ਪੱਛਮ ਦੇ ਬਾਜਾਰਾਂ ਵਿੱਚ ਲਗਾਤਾਰ ਪ੍ਰਚਾਰ ਜਾਰੀ ਰਹੇਗਾ।।ਇਸ ਮੌਕੇ ਕਮੇਟੀ ਮੈਂਬਰ ਰਾਜ ਸਿੰਘ, ਪਰਦੀਪ, ਜਸਪਾਲ ਸਿੰਘ, ਲਾਭ ਸਿੰਘ, ਅਵਤਾਰ ਸਿੰਘ, ਅੰਮ੍ਰਿਤਪਾਲ ਸਿੰਘ, ਸਰਬਜੀਤ ਸਿੰਘ,ਵਰਿੰਦਰ ਕੁਮਾਰ, ਮਨਜੀਤ ਸਿੰਘ ਹਾਜ਼ਿਰ ਸਨ l

# ਧਰਤੀ ਉੱਪਰ ਵੱਧ ਰਹੀ ਤਪਸ਼ ਦਾ ਮੇਨ ਕਾਰਨ ਦਰੱਖਤਾਂ ਦੀ ਧੜਾਧੜ ਹੋ ਰਹੀ ਕਟਾਈ ਹੈ : ਡਾ ਐਮ ਜਮੀਲ ਬਾਲੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ ਜੂਨ (ਤਰਸੇਮ ਦੀਵਾਨਾ )ਧਰਤੀ ਉੱਪਰ ਵੱਧ ਰਹੀ ਤਪਸ਼ ਦਾ ਮੇਨ ਕਾਰਨ ਦਰੱਖਤਾਂ ਦੀ ਧੜਾਧੜ ਹੋ ਰਹੀ ਕਟਾਈ ਹੈ ਜਿਸ ਤਰ੍ਹਾਂ ਪਹਿਲਾਂ ਸੜਕਾਂ ਦੇ ਕੱਢਿਆਂ ਤੇ ਬਹੁਤ ਦਰਖਤ ਲੱਗੇ ਹੁੰਦੇ ਸਨ ਪਰ ਸਮੇਂ ਅਨੁਸਾਰ ਸੜਕਾਂ ਨੂੰ ਹਾਈਵੇ ਬਣਾਉਣ ਕਰਕੇ ਮਜ਼ਬੂਰਨ ਕਾਫੀ ਸਾਰੇ ਦਰਖਤਾਂ ਦੀ ਕਟਾਈ ਕਰਨੀ ਪਈ ਪਰ ਇਸਦੇ ਮੁਕਾਬਲੇ ਨਵੇਂ ਪੌਦੇ ਬਹੁਤ ਘੱਟ ਲੱਗ ਰਹੇ ਹਨ ਅਤੇ ਲਗਾਏ ਹੋਏ ਪੌਦਿਆਂ ਦੀ ਸਾਂਭ ਸੰਭਾਲ ਨਾ ਹੋਣ ਕਰਕੇ ਖਤਮ ਹੋਈ ਜਾਂਦੇ ਹਨ। ਇਹ ਵਿਚਾਰ ਮਾਡਲ ਟਾਊਨ ਦੇ ਵਿੱਚ ਪੈਂਦੇ "ਬਾਲੀ ਹਸਪਤਾਲ" ਦੇ ਐਮਡੀ ਅਤੇ ਬੁੱਧੀਜੀਵੀ ਸ਼ਖਸ਼ੀਅਤ ਡਾ. ਐਮ ਜਮੀਲ ਬਾਲੀ ਨੇ ਸਾਡੇ ਪੱਤਰਕਾਰ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤੇ ਉਹਨਾਂ ਕਿਹਾ ਕਿ ਇਸ ਕੰਮ ਨੂੰ ਸਹੀ ਰਸਤੇ ਤੇ ਲਿਆਉਣ ਵਾਸਤੇ ਸਾਨੂੰ ਸਾਰਿਆਂ ਨੂੰ ਪੌਦੇ ਲਗਾਉਣ ਦਾ ਅਤੇ ਉਸ ਦੀ ਸਾਂਭ ਸੰਭਾਲ ਦਾ ਉਪਰਾਲਾ ਜ਼ਰੂਰੀ ਕਰਨਾ ਚਾਹੀਦਾ ਹੈ ਜਿਵੇਂ ਕਿ ਕਿਸੇ ਦਾ ਜਨਮਦਿਨ ਮਨਾਇਆ ਜਾ ਰਿਹਾ ਹੈ, ਵਿਆਹ ਦੀ ਵਰੇਗੰਢ ਮਨਾਈ ਜਾ ਰਹੀ ਹੈ ਘੱਟ ਤੋਂ ਘੱਟ ਉਸ ਦਿਨ ਨੂੰ ਸਮ੍ਰਪਿਤ ਹੋ ਕੇ ਪੌਦੇ ਲਾਉਣ ਦੀ ਸੇਵਾ ਜ਼ਰੂਰ ਕਰਨੀ ਚਾਹੀਦੀ ਹੈ। ਉਹਨਾ ਕਿਹਾ ਕਿ ਇਸ ਵੇਲੇ ਵੱਧ ਰਹੇ ਤਾਪਮਾਨ ਨੂੰ ਘਟਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਕਿਉਂਕਿ ਵੱਧ ਰਹੀ ਗਰਮੀ ਇੱਕ ਗੰਭੀਰ ਤੇ ਚਿੰਤਾ ਵਾਲਾ ਵਿਸ਼ਾ ਹੈ ਇਸ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਅਤੇ ਲਗਾਏ ਗਏ ਰੁੱਖਾਂ ਦੀ ਸੰਭਾਲ ਕਰਨੀ ਵੀ ਅਤਿ ਜਰੂਰੀ ਹੈ। ਉਹਨਾਂ ਪਿੰਡਾ ਤੇ ਸਹਿਰਾ ਦੇ ਵਸਨੀਕਾ ਨੂੰ ਜੋਰ ਦੇ ਕਿਹਾ ਵੱਧ ਤੋਂ ਵੱਧ ਪੌਦੇ ਲਗਾਓ ਤਾਂ ਕਿ ਸਾਨੂੰ ਆਕਸੀਜਨ ਦੀ ਕਮੀ ਵੀ ਨਾ ਹੋ ਸਕੇ ਅਤੇ ਰੁੱਖ ਲਗਾਉਣ ਦਾ ਸਹੀ ਅਰਥਾਂ ਵਿੱਚ ਸਾਨੂੰ ਸਭਨੂੰ ਲਾਭ ਵੀ ਹੋ ਸਕੇ ਉਹਨਾਂ ਕਿਹਾ ਸਾਨੂੰ ਆਪਣੀ ਰਿਹਾਇਸ਼ ਅਤੇ ਰਿਹਾਇਸ਼ ਦੇ ਆਲੇ ਦੁਆਲੇ ਨੂੰ ਪੂਰਨ ਤੌਰ ਤੇ ਸਾਫ ਸੁਥਰਾ ਰੱਖਣਾ ਚਾਹੀਦਾ ਹੈ ਅਤੇ ਪਿੰਡਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣੇ ਅਤੇ ਰੁੱਖਾਂ ਦੀ ਸੰਭਾਲ ਕਰਨੀ ਚਾਹੀਦੀ ਹੈ ਅਜਿਹਾ ਹੋਣ ਨਾਲ ਜਿੱਥੇ ਸਾਡਾ ਆਲਾ ਦੁਆਲਾ ਹਰਿਆ ਭਰਿਆ



ਹੋਵੇਗਾ ਉੱਥੇ ਪ੍ਰਦੂਸ਼ਣ ਤੋਂ ਵੀ ਮੁਕਤੀ ਮਿਲੇਗੀ। ਉਹਨਾਂ ਕਿਹਾ ਕਿ ਰੁੱਖ ਲਗਾਉਣਾ ਸਾਡੇ ਜੀਵਨ ਅਤੇ ਵਾਤਾਵਰਣ ਲਈ ਬਹੁਤ ਫਾਇਦੇਮੰਦ ਹੈ। ਸਾਨੂੰ ਰੁੱਖ ਲਗਾ ਕੇ ਆਪਣੇ ਆਲੇ ਦੁਆਲੇ ਦੇ ਵਾਤਾਵਰਣ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਨੀ ਚਾਹੀਦੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਿਹਤਮੰਦ ਅਤੇ ਟਿਕਾਊ ਸੰਸਾਰ ਸਿਰਜਣਾ ਚਾਹੀਦਾ ਹੈ।

# ਅਜੋਕੇ ਸਮੇਂ ਵਿੱਚ ਸੋਸ਼ਲ ਮੀਡੀਆ ਸਾਡੇ ਜੀਵਨ ਦਾ ਇੱਕ ਅਹਿਮ ਅੰਗ ਬਣ ਚੁੱਕਾ : ਭੁਪਿੰਦਰ ਸਿੰਘ ਪਿੰਕੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 1 ਜੂਨ ( ਤਰਸੇਮ ਦੀਵਾਨਾ ) ਅਜੋਕੇ ਸਮੇਂ ਵਿੱਚ ਸੋਸ਼ਲ ਮੀਡੀਆ ਸਾਡੇ ਜੀਵਨ ਦਾ ਇੱਕ ਅਹਿਮ ਅੰਗ ਬਣ ਚੁੱਕਾ ਹੈ। ਇਹ ਸਿਰਫ ਸੰਚਾਰ ਦਾ ਸਾਧਨ ਹੀ ਨਹੀਂ, ਸਗੋਂ ਸਾਡੀ ਸੋਚ, ਸਮਾਜ ਅਤੇ ਕਾਰੋਬਾਰ ਤੇ ਵੀ ਇਸਦਾ ਡੂੰਘਾ ਪ੍ਰਭਾਵ ਪੈਂਦਾ ਹੈ। ਸੋਸ਼ਲ ਮੀਡੀਆ ਵਿੱਚ ਫੇਸਬੁੱਕ, ਟਵਿੱਟਰ, ਇੰਸਟਾਗ੍ਰਾਮ,ਸਨੈਪਚੈਟ ਅਤੇ ਯੂਟਿਊਬ ਵਰਗੇ ਕਈ ਮੰਚ ਸ਼ਾਮਲ ਹਨ ਜੋ ਸਾਡੇ ਰੋਜ਼ਾਨਾ ਜੀਵਨ ਦਾ ਹਿੱਸਾ ਬਣ ਗਏ ਹਨ । ਇਹ ਵਿਚਾਰ ਉੱਘੇ ਸਮਾਜ ਸੇਵਕ ਅਤੇ ਬੁੱਧੀਜੀਵੀ ਸ਼ਖਸ਼ੀਅਤ ਭੁਪਿੰਦਰ ਸਿੰਘ ਪਿੰਕੀ ਨੇ ਸਾਡੇ ਪੱਤਰਕਾਰ ਨਾਲ ਇੱਕ ਵਾਰਤਾ ਦੌਰਾਨ ਕੀਤੇ ਉਹਨਾਂ ਕਿਹਾ ਕਿ ਸੋਸ਼ਲ ਮੀਡੀਆ ਨੇ ਸਾਡੇ ਸੰਚਾਰ ਦੇ ਢੰਗ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਹੁਣ ਅਸੀਂ ਪਲਕ ਝਪਕਦੇ ਹੀ ਆਪਣੇ ਦੋਸਤਾਂ ਅਤੇ ਪਰਿਵਾਰ ਦੇ ਨਾਲ ਤਾਲਮੇਲ ਕਰ ਸਕਦੇ ਹਾਂ। ਇਸ ਨਾਲ ਦੂਰੀਆਂ ਮਿਟ ਗਈਆਂ ਹਨ ਅਤੇ ਸਾਡੇ ਵਿਚਾਰਾਂ ਅਤੇ ਅਨੁਭਵਾਂ ਨੂੰ ਸਾਂਝਾ ਕਰਨਾ ਬਹੁਤ ਹੀ ਆਸਾਨ ਹੋ ਗਿਆ ਹੈ। ਉਹਨਾਂ ਕਿਹਾ ਕਿ ਸੋਸ਼ਲ ਮੀਡੀਆ ਸਮਾਜ ਦੇ ਕਈ ਪਹਿਲੂਆਂ 'ਤੇ ਅਸਰ ਪਾਉਂਦਾ ਹੈ। ਇਹ ਲੋਕਾਂ ਦੀ ਰਾਏ ਬਣਾਉਣ ਵਿੱਚ, ਰਾਜਨੀਤਿਕ ਅੰਦੋਲਨਾਂ ਨੂੰ ਪ੍ਰੇਰਿਤ ਕਰਨ ਵਿੱਚ ਅਤੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਦੀ ਮਾਨਸਿਕ ਸਿਹਤ 'ਤੇ ਡੂੰਘਾ ਪ੍ਰਭਾਵ ਪਾਉਂਦਾ ਹੈ। ਕਈ ਵਾਰ ਇਹ ਮਾਨਸ਼ਿਕ ਤਣਾਅ ਅਤੇ ਆਤਮ- ਸਨਮਾਨ ਦੇ ਮੁੱਦਿਆਂ ਨੂੰ ਵੀ ਜਨਮ ਦਿੰਦਾ ਹੈ। ਉਹਨਾਂ ਕਿਹਾ ਕਿ ਕਾਰੋਬਾਰ ਲਈ ਸੋਸ਼ਲ ਮੀਡੀਆ ਇੱਕ ਸ਼ਕਤੀਸ਼ਾਲੀ ਮੰਚ ਹੈ। ਇਸਦੇ ਜ਼ਰੀਏ ਕੰਪਨੀਆਂ ਆਪਣੇ ਗਾਹਕਾਂ ਨਾਲ ਜੁੜਦੀਆਂ ਹਨ।ਉਹਨਾਂ ਕਿਹਾ ਕਿ ਸੋਸ਼ਲ ਮੀਡੀਆ ਨਾਲ ਕੁਝ



ਚੁਣੌਤੀਆਂ ਵੀ ਜੁੜੀਆਂ ਹਨ ਜਿਵੇ ਕਿ ਗੁਪਤ ਮੁੱਦੇ, ਗਲਤ ਜਾਣਕਾਰੀ ਦਾ ਫੈਲਾਅ, ਸਾਇਬਰਬੁਲੀਅੰਗ ਅਤੇ ਇਸਦੀ ਆਦਤ ਬਣ ਜਾਣਾ, ਕੁਝ ਮੁੱਖ ਚਿੰਤਾਵਾਂ ਹਨ। ਇਹ ਚੁਣੌਤੀਆਂ ਸਾਡੇ ਲਈ ਸੋਚਣ ਵਾਲੀਆਂ ਹਨ ਕਿ ਅਸੀਂ ਕਿਵੇਂ ਇਸਦੇ ਸਹੀ ਇਸਤੇਮਾਲ ਨੂੰ ਯਕੀਨੀ ਬਣਾਈਏ।

# 43,55000 ਰੁਪਏ ਦੀ ਧੋਖਾ ਧੜੀ ਕਰਨ ਦੇ ਦੋਸ਼ ਵਿੱਚ ਕੀਤੇ ਦੋ ਮੁਲਜ਼ਮ ਹੋਰ ਗ੍ਰਿਫਤਾਰ : ਇੰਸਪੈਕਟਰ ਰਜਿੰਦਰ ਸਿੰਘ ਮਿਨਹਾਸ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 1 ਜੂਨ ( ਤਰਸੇਮ ਦੀਵਾਨਾ ) ਸੰਦੀਪ ਕੁਮਾਰ ਮਲਿਕ ਆਈ.ਪੀ. ਐਸ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾ ਤੇ ਮੁਕੇਸ਼ ਕੁਮਾਰ ਐਸ.ਪੀ ਇੰਨਵੈਸਟੀਗੇਸ਼ਨ ਅਤੇ ਡੀ. ਐਸ. ਪੀ. ਦਸੂਹਾ ਦੀਆ ਹਦਾਇਤਾਂ ਮੁਤਾਬਿਕ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਦਸੂਹਾ ਦੀ ਅਗਵਾਈ ਹੇਠ ਏ ਐਸ ਆਈ ਸਰਬਜੀਤ ਸਿੰਘ ਨੇ ਧੋਖਾਧੜੀ ਦੇ ਕੇਸ ਤਹਿਤ 02 ਮੁਲਜਮਾਂ ਯੋਧਾ ਸਿੰਘ ਉਰਫ ਨਵਜੋਤ ਸਿੰਘ ਪੁਤਰ ਹਰਪਾਲ ਸਿੰਘ ਅਤੇ ਨਵਨੀਤ ਸਿੰਘ ਉਰਫ



ਮਾਈਕਲ ਪੁਤਰ ਜਸਵੀਰ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ ਪੁਲਿਸ ਅਧਿਕਾਰੀਆ ਨੇ ਇਸ ਸਬੰਧੀ ਦੱਸਿਆ ਕਿ ਸੁੱਚਾ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਮੋਰੀਆ, ਦਵਿੰਦਰ ਸਿੰਘ ਪੁੱਤਰ ਮਲਕੀਤ ਸਿੰਘ ਅਤੇ ਰਮਨ ਕੋਰ ਪਤਨੀ ਦਵਿੰਦਰ ਸਿੰਘ ਪਿੰਡ ਸੰਘੋਈ ਨੇ ਆਪਣੇ ਲੜਕੇ ਨੂੰ ਅਮਰੀਕਾ ਭੇਜਣ ਲਈ ਉਕਤ ਵਿਕਤੀਆਂ ਨੂੰ 43,55000 ਰੁਪਏ ਦਿੱਤੇ ਸਨ ਪਰੰਤੂ ਉਕਤ ਵਿਅਕਤੀਆਂ ਨੇ ਲੜਕੇ ਨੂੰ ਅਮਰੀਕਾ ਨਾ ਭੇਜ ਕੇ ਸੁੱਚਾ ਸਿੰਘ ਵਗੈਰਾ ਨਾਲ 43,55000 ਰੁਪਏ ਦੀ ਧੋਖਾਧੜੀ ਕੀਤੀ ਹੈ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਸੁੱਚਾ ਸਿੰਘ ਵਗੈਰਾ ਵੱਲੋਂ ਦਿੱਤੀ ਗਈ ਦਰਖਾਸਤ ਦੀ ਇਨਕੁਆਇਰੀ ਕਰਨ ਤੋਂ ਉਪਰੰਤ ਉਕਤ ਵਿਅਕਤੀਆਂ ਤੇ ਥਾਣਾ ਦਸੂਹਾ ਵਿਖੇ ਮੁਕਦਮਾ ਦਰਜ ਕੀਤਾ ਗਿਆ ਉਹਨਾਂ ਦੱਸਿਆ ਕਿ ਇਸ ਮੁਕਦਮੇ ਵਿੱਚ ਮੁਲਜਮ ਦਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਪਹਿਲਾ ਹੀ ਜੇਲ ਭੇਜਿਆ ਗਿਆ ਸੀ ਤੇ ਉਸ ਤੇ ਬਾਦ ਵਿੱਚ ਤਫਤੀਸ਼ ਦੋਰਾਨ ਮੁਲਜਮ ਦਵਿੰਦਰ ਸਿੰਘ ਦੇ ਦੱਸਣ ਤੇ ਹੀ ਮੁਲਜਮ ਯੋਧਾ ਸਿੰਘ ਉਰਫ ਨਵਜੋਤ ਸਿੰਘ ਅਤੇ ਨਵਨੀਤ ਸਿੰਘ ਉਰਫ ਮਾਈਕਲ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਹਨਾ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ ਅਤੇ ਡੂੰਘਾਈ ਨਾਲ ਪੁੱਛ ਗਿੱਛ ਕੀਤੀ ਜਾਵੇਗੀ।

# "ਯੁੱਧ ਨਸ਼ਿਆ ਵਿਰੁੱਧ": ਸਮੂਹ ਸੰਤ ਸਮਾਜ ਦੇ ਅਸ਼ੀਰਵਾਦ ਨਾਲ ਵਿਧਾਇਕ ਨੇ ਨਸ਼ਿਆਂ ਵਿਰੁੱਧ ਯੁੱਧ ਦੀ ਸਫਲਤਾ ਲਈ ਕੀਤੀ ਅਰਦਾਸ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜਿੱਥੇ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ-ਨਿਰਦੇਸ਼ਾਂ ਤਹਿਤ ਪੂਰੇ ਪੰਜਾਬ ਵਿੱਚ ਨਸ਼ਿਆਂ ਖਿਲਾਫ ਯੁੱਧ ਵਿੱਚ ਵੱਖ-ਵੱਖ ਉਪਰਾਲੇ ਕਰ ਨਸ਼ਿਆਂ 'ਤੇ ਠੱਲ੍ਹ ਪਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਉੱਥੇ ਇਸ ਮੁਹਿੰਮ ਤਹਿਤ ਅੱਜ ਹਲਕਾ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਇੱਕ ਅਨੌਖਾ ਉਪਰਾਲਾ ਕਰਦੇ ਹੋਏ ਸਮਾਜ ਦੇ ਸਭ ਤੋਂ ਪ੍ਰਭਾਵਸ਼ਾਲੀ ਅੰਗ ਭਾਵ ਸਮੂਹ ਸੰਤ ਸਮਾਜ ਨੂੰ ਬੇਨਤੀ ਕਰਕੇ ਪੰਜਾਬ ਨੂੰ ਇਸ ਨਸ਼ੇ ਦੇ ਚੁੰਗਲ ਤੋਂ ਕੱਢਣ ਲਈ ਵਾਹਿਗੁਰੂ ਜੀ ਦੇ ਚਰਨਾ ਵਿੱਚ ਅਰਦਾਸ ਕਰਕੇ, ਸਾਡੇ ਭਟਕੇ ਹੋਏ ਯੁਵਾ ਵਰਗ ਨੂੰ ਇਸ ਤੋਂ ਬਾਹਰ ਲਿਆਉਣ ਲਈ ਯਤਨ ਕਰਨ ਲਈ ਅਪੀਲ ਕੀਤੀ| ਨਾਲ ਹੀ ਉਹਨਾਂ ਨੇ ਸਮੂਹ ਸੰਤ ਸਮਾਜ ਨੂੰ ਵੀ ਇਸ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ



| ਅੱਜ ਗੁਰਦਵਾਰਾ ਬਣਾ ਸਾਹਿਬ , ਬਾਹੋਵਾਲ ਵਿਖੇ ਸੁਖਮਨੀ ਸਾਹਿਬ ਪਾਠ ਦਾ ਆਯੋਜਨ ਕਰ ਅਰਦਾਸ ਕੀਤੀ ਗਈ ਜਿਸ ਵਿਚ ਸੈਂਕੜੇ ਸੰਤਾਂ ਮਹਾਤਮਾਵਾਂ, ਸਾਧ ਸੰਗਤ ਅਤੇ ਸਰਪੰਚਾਂ ਨੇ ਹਾਜ਼ਰੀ ਭਰੀ | ਇਸ ਮੌਕੇ ਤੇ ਸੰਤ ਬਾਬਾ ਨਾਗਰ ਸਿੰਘ, ਸੰਤ ਬਾਬਾ ਹਰਮੀਤ ਸਿੰਘ, ਸੰਤ ਬਾਬਾ ਜਗਤਾਰ ਸਿੰਘ, ਸੰਤ ਬਲਰਾਜ ਸਿੰਘ ਜਿਆਣ, ਸੰਤ ਬਾਬਾ ਸੁੱਖਾ ਸਿੰਘ ਜੀ ਪੀਰਬਾਲਾ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਸੰਤ ਪ੍ਰੀਤਮ ਸਿੰਘ ਬਾੜੀਆਂ, ਸੰਤ ਹਰਮਨਜੀਤ ਸਿੰਘ ਸਿੰਗੜੀਵਾਲਾ, ਸੰਤ ਬਲਬੀਰ ਸਿੰਘ ਹਰਿਆਣਾ, ਸੰਤ ਓਂਕਾਰ ਸਿੰਘ, ਬਾਬਾ ਜਰਨੈਲ ਸਿੰਘ, ਬਾਬਾ ਅਜੀਤ ਸਿੰਘ ਦਿਹਾਣਾ, ਸੰਤ ਰਣਜੀਤ ਸਿੰਘ ਬਾਹੋਵਾਲ, ਸੰਤ ਪਵਨ ਜੀ ਤਾਜੇਵਾਲ, ਸੰਤ ਰਾਜੇਸ਼ ਕੁਮਾਰ ਬਜਵਾੜਾ, ਸੰਤ ਹਰੀ ਕ੍ਰਿਸ਼ਨ ਸੋਢੀ ਠੱਕਰਵਾਲ, ਸੰਤ ਕਸ਼ਮੀਰਾ ਸਿੰਘ, ਸੰਤ ਜਗਤਾਰ ਸਿੰਘ ਨੇਕੀ ਵਾਲੇ, ਸੰਤ ਮੱਖਣ ਸਿੰਘ, ਸੰਤ ਬਲਵੀਰ ਸਿੰਘ ਟੂਟੋ ਮਜਾਰਾ, ਭਾਈ ਰਵਿੰਦਰ ਸਿੰਘ ਬਿਹਾਲਾ, ਸੰਤ ਬਾਬਾ ਗੁਰਦੇਵ ਸਿੰਘ ਬਜਵਾੜਾ, ਮੌਲਵੀ ਜੀ ਜੇਂਜੋ, ਸੰਤ ਸਤੋਖ ਸਿੰਘ ਭਾਰਟਾ ਓਂਤ ਅਜਮੇਰ ਸਿੰਘ ਬਾੜੀਆਂ , ਸੰਤ ਦਰਸ਼ਨ ਸਿੰਘ ਬੱਡੋਂ ਅਤੇ ਸੰਤਵੰਤ ਸਿੰਘ ਸਿਆਣ ਜ਼ਿਲ੍ਹਾ ਕੁਆਰਡੀਨੇਟ, ਹਰਦੀਪ ਸਿੰਘ ਬਾਹੋਵਾਲ ਆਦਿ ਸ਼ਾਮਿਲ ਸਨ । ਡਾ. ਇਸ਼ਾਂਕ ਨੇ ਕਿਹਾ ਕਿ ਸਾਡੇ ਸੰਤ ਮਹਾਤਮਾਂ ਸਾਡੇ ਸਮਾਜ ਦਾ ਸਭ ਤੋਂ ਪ੍ਰਭਾਵਸ਼ਾਲੀ ਅੰਗ ਹਨ ਕਿਉਂਕਿ ਸਾਧ ਸੰਗਤ ਭਾਰੀ ਗਿਣਤੀ ਵਿੱਚ ਇਹਨਾਂ ਦੇ ਪ੍ਰਵਚਨਾ ਅਤੇ ਬਾਣੀ ਨੂੰ ਸੁਣ ਕੇ ਆਪਣੇ ਜੀਵਨ ਨੂੰ ਸਹੀ ਮਾਰਗ 'ਤੇ ਲਿਜਾਣ ਦਾ ਯਤਨ ਕਰਦੇ ਹਨ।ਇਸ ਕਰਕੇ ਜੋ ਪ੍ਰਭਾਵ ਸਾਡੇ ਯੁਵਾ ਵਰਗ ਅਤੇ ਉਹਨਾਂ ਦੇ ਪਰਿਵਾਰਾਂ ਤੇ ਇਸ ਸੰਤ ਸਮਾਜ ਦੀ ਸੋਚ ਅਤੇ ਮਾਰਗ ਦਰਸ਼ਨ ਦਾ ਹੋ ਸਕਦਾ ਹੈ, ਉਹ ਹੋਰ ਕਿਸੇ ਦਾ ਨਹੀਂ ਹੋ ਸਕਦਾ।ਇਸ ਲਈ ਮੈਂ ਇਹਨਾਂ ਨੂੰ ਪੁਰਜ਼ੋਰ ਅਪੀਲ ਕਰਦਾ ਹਾਂ ਕਿ ਨਸ਼ਿਆਂ ਖਿਲਾਫ ਲੜੇ ਜਾ ਰਹੇ ਇਸ ਯੁੱਧ ਵਿੱਚ ਸਾਡਾ ਭਰਪੂਰ ਸਾਥ ਦੇਣ ਅਤੇ ਨਾਲ ਹੀ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਨਸ਼ਿਆਂ ਦੇ ਇਸ ਕੌਹੜ ਤੋਂ ਨਿਜ਼ਾਤ ਪਾਉਣ ਲਈ ਅਰਦਾਸ ਵੀ ਕਰਨ। ਇਸ ਮੌਕੇ ਤੇ ਹਲਕਾ ਹੁਸ਼ਿਆਰਪੁਰ ਲੋਕ ਸਭਾ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਵਿਸ਼ੇਸ ਤੌਰ ਤੇ ਇਸ ਸਮਾਗਮ ਵਿੱਚ ਸ਼ਾਮਿਲ ਹੋਏ ਅਤੇ ਉਹਨਾਂ ਨੇ ਗੁਰੁ ਚਰਨਾਂ ਵਿੱਚ ਆਪਣੀ ਹਾਜ਼ਰੀ ਭਰੀ।

# ਸਰਕਾਰੀ ਕੰਨਿਆ ਹਾਈ ਸਕੂਲ ਨਗਰ ਦਾ 8ਵੀਂ ਤੇ 10ਵੀਂ ਦਾ ਨਤੀਜਾ ਸ਼ਾਨਦਾਰ ਰਿਹਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com

ਫਿ ਲੌ ਰ / ਅੱ ਪ ਰਾ (ਦੀਪਾ)-ਸਰਕਾਰੀ ਕੰਨਿਆ ਹਾਈ ਸਕੂਲ ਨਗਰ ਦੇ ਸ਼ੈਸ਼ਨ 2024-25 ਦਾ 8ਵੀਂ ਤੇ 10ਵੀਂ ਦਾ ਨਤੀਜਾ ਸ਼ਾਨਦਾਰ ਰਿਹਾ | 8ਵੀਂ ਕਲਾਸ 'ਚ 7 ਵਿਦਿਆਥਣਾਂ ਨੇ 90 ਪ੍ਰਤੀਸ਼ਤ



ਪਹਿਲਾ ਸਥਾਨ - ਗੁਰਲੀਨ ਗਿੱਲ 602/650( 92.6%)



ਦੂਜਾ ਸਥਾਨ - ਗੀਤਾ ਦੇਵੀ 595/650(91.5%)



ਤੀਜਾ ਸਥਾਨ - ਗੁਰਲੀਨ ਕੌਰ 594/650(91.3%)

ਅੰਕ ਤੇ 16 ਵਿਦਿਆਰਥਣਾਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ | ਇਸੇ ਤਰਾਂ 10ਵੀਂ ਕਲਾਸ 'ਚ 10 ਵਿਦਿਆਰਥਣਾਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ | ਸਕੂਲ ਮੁਖੀ ਸ੍ਰੀ ਕਿਰਨ ਕੁਮਾਰ ਸ਼ਰਮਾ ਦੇ ਇਸ ਉਪਲੱਬਧੀ ਲਈ ਸਕੂਲ ਸਟਾਫ਼ ਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ |

# ਧਾਲੀਵਾਲ ਨੇ ਸੰਵਿਧਾਨ ਬਚਾਓ ਰੈਲੀ ਸਫਲ ਬਣਾਉਣ ਲਈ ਵਰਕਰਾਂ-ਸਮਰਥਕਾਂ ਦਾ ਕੀਤਾ ਧੰਨਵਾਦ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਫਗਵਾੜਾ 1 ਜੂਨ (ਸ਼ਿਵ ਕੌੜਾ) ਜਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਐਮ.ਐਲ.ਏ. ਫਗਵਾੜਾ ਨੇ ਕਾਂਗਰਸ ਪਾਰਟੀ ਦੀ 'ਸੰਵਿਧਾਨ ਬਚਾਓ' ਰੈਲੀ ਨੂੰ ਸਫਲ ਬਣਾਉਣ ਲਈ ਜਿਲ੍ਹਾ ਕਪੂਰਥਲਾ ਦੇ ਸਮੂਹ ਪਾਰਟੀ ਵਰਕਰਾਂ ਅਤੇ ਸਮਰਥਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਅੱਜ ਦੇ ਜਲਸੇ 'ਚ ਕਾਂਗਰਸ ਸਮਰਥਕਾਂ ਦੇ ਹੜ੍ਹ ਨੇ ਸਪਸ਼ਟ ਕਰ ਦਿੱਤਾ ਹੈ ਕਿ ਲੋਕ ਹੁਣ ਜਿੱਥੇ ਭਾਜਪਾ-ਆਰ. ਐਸ.ਐਸ. ਦੀ ਸੰਵਿਧਾਨ ਵਿਰੋਧੀ ਨੀਯਤ ਨੂੰ ਸਮਝ ਰਹੇ ਹਨ, ਉੱਥੇ ਹੀ ਪੰਜਾਬ ਦੀ ਆਪ ਪਾਰਟੀ ਸਰਕਾਰ ਤੋਂ ਵੀ ਲੋਕਾਂ ਦਾ ਵਿਸ਼ਵਾਸ ਖ਼ਤਮ ਹੋ ਗਿਆ ਹੈ, ਕਿਉਂਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ ਤੋਂ ਉਤਾਰ ਦਿੱਤਾ ਹੈ ਅਤੇ ਕੋਈ ਗਾਰੰਟੀ ਪੂਰੀ ਨਹੀਂ ਕੀਤੀ ਗਈ ਬਲਕਿ ਪੰਜਾਬ 'ਚ ਕਾਨੂੰਨ ਵਿਵਸਥਾ ਇਕ ਵੱਡਾ ਸਵਾਲ ਬਣ ਗਈ ਹੈ। ਉਹਨਾਂ ਦਾਅਵੇ ਨਾਲ ਕਿਹਾ ਕਿ ਵਰਕਰਾਂ 'ਤੇ ਸਮਰਥਕਾਂ ਦੇ



ਜੋਸ਼ ਸਦਕਾ ਕਾਂਗਰਸ ਪਾਰਟੀ 2027 'ਚ ਪੰਜਾਬ ਅਤੇ ਫਿਰ 2029 'ਚ ਕੇਂਦਰ ਦੀ ਸੱਤਾ ਤੇ ਕਾਬਿਜ ਹੋਣ ਜਾ ਰਹੀ ਹੈ।

# ਕਾਂਗਰਸ ਦੇ ਸਖ਼ਤ ਰਵੱਈਏ ਦੇ ਚਲਦਿਆਂ ਮੋਦੀ ਸਰਕਾਰ ਸੰਵਿਧਾਨ ਬਦਲਣ ਤੋਂ ਕਰ ਰਹੀ ਗੁਰੇਜ - ਰਾਜਾ ਵੜਿੰਗ

## *ਸੰਵਿਧਾਨ ਬਚਾਉਣ ਲਈ ਕੇਂਦਰ 'ਚ ਕਾਂਗਰਸ ਸਰਕਾਰ ਜ਼ਰੂਰੀ - ਧਾਲੀਵਾਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਫਗਵਾੜਾ 1 ਜੂਨ (ਸ਼ਿਵ ਕੌੜਾ) ਕਾਂਗਰਸ ਪਾਰਟੀ ਵਲੋਂ ਅੱਜ ਭਾਜਪਾ, ਆਰ.ਐਸ.ਐਸ. ਅਤੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੀਆਂ ਸੰਵਿਧਾਨ ਵਿਰੋਧੀ ਨੀਤੀਆਂ ਖਿਲਾਫ ਸਥਾਨਕ ਕੇ.ਜੀ. ਰਿਜੋਰਟ 'ਚ 'ਸੰਵਿਧਾਨ ਬਚਾਓ' ਰੈਲੀ ਦਾ ਆਯੋਜਨ ਜਿਲ੍ਹਾ ਪ੍ਰਧਾਨ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ ਐਮ.ਐਲ.ਏ. ਫਗਵਾੜਾ ਦੀ ਅਗਵਾਈ ਹੇਠ ਕੀਤਾ ਗਿਆ। ਜਿਸ ਵਿਚ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੈਂਬਰ ਪਾਰਲੀਮੈਂਟ ਲੁਧਿਆਣਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ। ਉਹਨਾਂ ਤੋਂ ਇਲਾਵਾ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਸੀਨੀਅਰ ਆਗੂ ਸੁਖਪਾਲ ਸਿੰਘ ਖਹਿਰਾ, ਸਾਬਕਾ ਵਿਧਾਇਕ ਪਵਨ ਆਦੀਆ, ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਨੇ ਵੀ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਪੰਜਾਬ ਪ੍ਰਧਾਨ ਰਾਜਾ ਵੜਿੰਗ ਅਤੇ ਹੋਰਨਾਂ ਨੇ ਆਰ.ਐਸ.ਐਸ. ਅਤੇ




ਉਸਦੀ ਸਿਆਸੀ ਜਮਾਤ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਦੇਸ਼ ਦੀ ਬਦਕਿਸਮਤੀ ਹੈ ਕਿ ਪਿਛਲੇ 11 ਸਾਲ ਤੋਂ ਇਕ ਅਜਿਹੀ ਜਮਾਤ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਦੀ ਸੱਤਾ 'ਤੇ ਕਾਬਿਜ ਹੈ, ਜਿਸਦਾ ਭਾਰਤੀ ਸੰਵਿਧਾਨ 'ਚ ਬਿਲਕੁਲ ਵਿਸ਼ਵਾਸ ਨਹੀਂ ਹੈ। ਉਹਨਾਂ ਕਿਹਾ ਕਿ ਭਾਜਪਾ ਜੋ ਕਿ 1980 ਤੋਂ ਪਹਿਲਾਂ ਜਨਸੰਘ ਅਖਵਾਉਂਦੀ ਸੀ, ਇਸ ਨੇ ਦਿੱਲੀ 'ਚ ਹਿੰਦੂ ਕੋਡ ਬਿਲ ਵਿਰੁੱਧ ਪ੍ਰਦਰਸ਼ਨ ਕਰਕੇ ਆਜਾਦੀ ਦੇ ਤੁਰੰਤ ਬਾਅਦ ਆਪਣੇ ਸੰਵਿਧਾਨ ਵਿਰੋਧੀ ਹੋਣ ਦਾ ਸਬੂਤ ਪੇਸ਼ ਕਰ ਦਿੱਤਾ ਸੀ। ਭਾਜਪਾ ਤੇ ਆਰ.ਐਸ.ਐਸ. ਨੇ ਆਜਾਦੀ ਦੇ ਪੰਜਾਹ ਸਾਲ ਤੱਕ ਭਾਰਤੀ ਸੰਵਿਧਾਨ ਨੂੰ ਨਹੀਂ ਮੰਨਿਆ ਅਤੇ ਇਸ ਦੇ ਆਗੂ ਭਾਰਤੀ ਸੰਵਿਧਾਨ ਨੂੰ ਵਿਦੇਸ਼ ਤੋਂ ਚੋਰੀ ਕੀਤਾ ਸੰਵਿਧਾਨ ਦੱਸਦੇ ਸਨ। ਜਦੋਂ ਅਟਲ ਬਿਹਾਰੀ ਵਾਜਪਈ ਦੀ ਅਗਵਾਈ 'ਚ ਭਾਜਪਾ ਕੇਂਦਰ ਦੀ ਸੱਤਾ 'ਚ ਆਈ ਤਾਂ ਸੰਵਿਧਾਨ ਸਮੀਖਿਆ ਕਮੇਟੀ ਬਣਾ ਕੇ ਆਪਣੇ ਸੰਵਿਧਾਨ ਵਿਰੋਧੀ ਇਰਾਦਿਆਂ ਨੂੰ ਜਗਜਾਹਿਰ ਕੀਤਾ। ਜਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਧਾਲੀਵਾਲ ਸਮੇਤ ਸਮੂਹ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਆਰ.ਐਸ.ਐਸ. ਦੇ ਸੰਘਚਾਲਕ ਮੋਹਨ ਭਾਗਵਤ ਵਲੋਂ ਸਾਲ 2015 'ਚ ਰਾਖਵਾਂਕਰਨ ਖਤਮ ਕਰਨ ਦਾ ਬਿਆਨ ਦਿੱਤਾ ਗਿਆ। ਸਾਲ 2018 'ਚ ਕੇਂਦਰ ਦੇ ਐਟਰੋਸਿਟੀ ਐਕਟ ਖਤਮ ਕਰਨ ਦੇ ਬਿਆਨ ਖਿਲਾਫ ਸਮੁੱਚੇ ਐਸ.ਸੀ. ਸਮਾਜ ਨੇ ਭਾਰਤ ਬੰਦ ਦਾ ਸੱਦਾ ਦਿੱਤਾ। ਇੱਥੋਂ ਤੱਕ ਕਿ ਭਾਜਪਾ ਵਲੋਂ ਭਾਰਤੀ ਸੰਵਿਧਾਨ ਨੂੰ ਸਾੜਨ ਦੀ ਗੱਲ ਵੀ ਆਖੀ ਗਈ। ਜਾਤੀ ਜਨਗਣਨਾ ਲਈ ਵੀ ਮੋਦੀ ਸਰਕਾਰ ਨੇ ਰਾਹੁਲ ਗਾਂਧੀ ਦੇ ਦਬਾਅ ਹੇਠ ਹਾਮੀ ਭਰੀ ਹੈ। ਪਿਛਲੀਆਂ ਲੋਕਸਭਾ ਚੋਣਾਂ 'ਚ ਭਾਜਪਾ ਨੇ ਕਿਹਾ ਕਿ ਸਾਨੂੰ 400 ਸੀਟਾਂ ਦੁਆਓ ਤਾਂ ਅਸੀਂ ਸੰਵਿਧਾਨ ਖਤਮ ਕਰ ਦਿਆਂਗੇ। ਬੁਲਾਰਿਆਂ ਨੇ ਕਿਹਾ ਕਿ ਜੇਕਰ 2024 ਦੀਆਂ ਲੋਕਸਭਾ ਚੋਣਾਂ 'ਚ ਕਾਂਗਰਸ ਪਾਰਟੀ ਦੇ ਸੀਨੀਅਰ ਅਤੇ ਸੂਝਵਾਨ ਆਗੂ ਰਾਹੁਲ ਗਾਂਧੀ ਨੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਭਾਜਪਾ ਦੀ ਸੰਵਿਧਾਨ ਬਦਲਣ ਦੀ ਨੀਯਤ ਦਾ ਮੁੱਦਾ ਕੌਮੀ ਪੱਧਰ 'ਤੇ ਨਾ ਚੁੱਕਿਆ ਹੁੰਦਾ ਤਾਂ ਭਾਜਪਾ ਨੇ ਇਸ ਵਾਰ ਪੂਰਨ ਬਹੁਮਤ ਹਾਸਲ ਕਰਨ ਦੀ ਸੂਰਤ 'ਚ ਬਾਬਾ ਸਾਹਿਬ ਡਾ. ਅੰਬੇਡਕਰ ਦੇ ਲਿਖੇ ਸੰਵਿਧਾਨ ਨੂੰ ਪੂਰੀ ਤਰ੍ਹਾਂ ਬਦਲਣ ਦੀ ਪਲਾਨਿੰਗ ਕੀਤੀ ਹੋਈ ਸੀ। ਕਿਉਂਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਨੂੰ ਤਾਨਾਸ਼ਾਹੀ ਵੱਲ ਲੈ ਕੇ ਜਾਣਾ ਚਾਹੁੰਦੇ ਹਨ। ਲੇਕਿਨ ਭਾਜਪਾ ਅਤੇ ਆਰ.ਐਸ. ਐਸ. ਦੀ ਅਜਿਹੀ ਕਿਸੇ ਵੀ ਕੋਸ਼ਿਸ਼ ਨੂੰ ਸਫਲ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਦੇਸ਼ ਅਤੇ ਸੰਵਿਧਾਨ ਨੂੰ ਬਚਾਉਣਾ ਹੈ ਤਾਂ ਭਾਜਪਾ-ਆਰ.ਐਸ.ਐਸ. ਖਿਲਾਫ ਸਾਰੇ ਦੇਸ਼ ਨੂੰ ਇਕਜੁੱਟ ਹੋਣਾ ਪਵੇਗਾ। ਇਸ ਮੌਕੇ ਸੁਰਿੰਦਰ ਸ਼ਰਮਾ ਪ੍ਰਧਾਨ ਇੰਟਕ ਪੰਜਾਬ, ਐਡਵੋਕੇਟ ਰੋਹਿਤ ਜੋਸ਼ੀ ਹੁਸ਼ਿਆਰਪੁਰ, ਅੰਮ੍ਰਿਤ ਭੌਂਸਲੇ ਫਿਲੌਰ, ਕਮਲਜੀਤ ਬੰਗਾ ਤੋਂ ਇਲਾਵਾ ਜਿਲ੍ਹਾ ਕਪੂਰਥਲਾ ਕਾਂਗਰਸ ਦੇ ਸਮੂਹ ਸੈੱਲਾਂ ਦੇ ਆਗੂ ਅਤੇ ਵਰਕਰ ਵੱਡੀ ਗਿਣਤੀ 'ਚ ਹਾਜਰ ਸਨ।

# ਬੇਗਮਪੁਰਾ ਵਸਾਉਣ ਨੂੰ ਲੈ ਕੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਪੰਜਾਬ ਸਰਕਾਰ ਵਿਚ ਗੱਲਬਾਤ ਸ਼ੁਰੂ

## ਸੰਘਰਸ ਚ ਗ੍ਰਿਫਤਾਰ ਕਾਰਕੁਨ ਤਿੰਨ ਦਿਨਾਂ ਦੇ ਅੰਦਰ ਬਿਨਾਂ ਸ਼ਰਤ ਹੋਣਗੇ ਰਿਹਾਅ। ਮੰਤਰੀ ਹਰਪਾਲ ਸਿੰਘ ਚੀਮਾ ਨਾਲ 18 ਜੂਨ ਦੀ ਮੀਟਿੰਗ ਤਹਿ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਸੰਗਰੂਰ 1 ਜੂਨ ( ) ਅੱਜ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਅਤੇ ਸੰਗਰੂਰ ਪ੍ਰਸ਼ਾਸਨ ਦੀ ਮੀਟਿੰਗ ਤੋਂ ਬਾਅਦ 2 ਜੂਨ ਨੂੰ ਮੁੱਖ ਮੰਤਰੀ ਦੀ ਕੋਠੀ ਵੱਲ ਕੀਤਾ ਜਾਣ ਵਾਲਾ ਰੋਸ ਮੁਜ਼ਾਹਰਾ ਮੁਲਤਵੀ ਕਰ ਦਿੱਤਾ ਗਿਆ ਹੈ। ਇਸ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਦੱਸਿਆ ਕਿ ਅੱਜ ਸੰਗਰੂਰ ਪ੍ਰਸ਼ਾਸਨ ਦੇ ਐਸ ਪੀ ਡੀ ਦਵਿੰਦਰ ਕੁਮਾਰ ਅੱਤਰੀ,ਡੀਐਸਪੀ ਇੰਟੈਲੀਜੈਂਸ ਚਰਨਪਾਲ ਸਿੰਘ,ਇੰਸਪੈਕਟਰ ਸਪੈਸ਼ਲ ਬ੍ਰਾਂਚ ਅਤੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜੇਨਲ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਤੇ ਗੁਰਵਿੰਦਰ ਬੌੜਾ,ਸਿੰਗਾਰਾ ਹੇੜੀਕੇ,ਰਾਜ ਕੌਰ ਬਡਰੁੱਖਾਂ ਵਿਚਕਾਰ



ਮੀਟਿੰਗ ਕੀਤੀ ਹੋਈ। ਮੀਟਿੰਗ ਵਿੱਚ ਜੀਂਦ ਰਿਆਸਤ ਦੇ ਰਾਜੇ ਦੀ 927 ਏਕੜ ਜ਼ਮੀਨ ਵਿੱਚ ਬੇਗਮਪੁਰਾ ਵਸਾਉਣ ਨੂੰ ਲੈ ਕੇ ਪੰਜਾਬ ਸਰਕਾਰ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਪੰਚਾਇਤ ਮੰਤਰੀ ਤਰਨਪ੍ਰੀਤ ਸੌਂਦ ਅਤੇ ਮਾਲ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨਾਲ 18 ਜੂਨ ਨੂੰ ਪੰਜਾਬ ਭਵਨ ਚੰਡੀਗੜ੍ਹ ਚ ਮੀਟਿੰਗ ਤੈਅ ਕਰਵਾਈ ਗਈ ਅਤੇ ਸੰਘਰਸ਼ ਦਰਮਿਆਨ ਗ੍ਰਿਫਤਾਰ ਕੀਤੇ ਬਾਕੀ ਸਾਰੇ ਕਾਰਕੁਨਾਂ ਦੀ ਤਿੰਨ ਦਿਨਾਂ ਦੇ ਅੰਦਰ ਬਿਨਾਂ ਸ਼ਰਤ ਰਿਹਾਈ ਕਰਨ ਦਾ ਫੈਸਲਾ ਕੀਤਾ। ਜਿਸ ਤੋਂ ਬਾਅਦ ਸੰਘਰਸ਼ ਕਮੇਟੀ ਨੇ 2 ਜੂਨ ਨੂੰ ਮੁੱਖ ਮੰਤਰੀ ਦੀ ਕੋਠੀ ਅੱਗੇ ਕੀਤਾ ਜਾਣ ਵਾਲਾ ਰੋਸ਼ ਮੁਜਾਹਰਾ ਮੁਲਤਵੀ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਪੰਜਾਬ ਅੰਦਰ ਦਲਿਤਾਂ ਅਤੇ ਬੇਜ਼ਮੀਨੇ ਲੋਕਾਂ ਨੂੰ ਗੁਰਬਤ ਦੀ ਜ਼ਿੰਦਗੀ ਵਿੱਚੋਂ ਕੱਢਣ ਅਤੇ ਮਾਣ- ਸਨਮਾਨ ਦੀ ਜ਼ਿੰਦਗੀ ਲਈ ਜ਼ਮੀਨ ਹੱਦਬੰਦੀ ਕਾਨੂੰਨ 1972 ਲਾਗੂ ਕਰਵਾਉਣ ਅਤੇ ਜ਼ਮੀਨ ਦੀ ਮੁੜ ਵੰਡ ਦੇ ਸੰਘਰਸ਼ ਨੂੰ ਲੜਨਾ ਅੱਜ ਸਮੇਂ ਦੀ ਮੁੱਖ ਲੋੜ ਹੈ। ਉਹਨਾਂ ਕਿਹਾ ਕਿ ਬੇਗਮਪੁਰਾ ਸ਼ਹਿਰ ਅੰਦਰ ਦਲਿਤਾਂ ਨਾਲ ਕਿਸੇ ਵੀ ਕਿਸਮ ਦਾ ਕੋਈ ਜਾਤੀ ਭੇਦਭਾਵ ਨਹੀਂ ਹੋਵੇਗਾ। ਸਾਰੇ ਲੋਕਾਂ ਵਿੱਚ ਬਰਾਬਰ ਜ਼ਮੀਨ ਦੀ ਵੰਡ ਹੋਵੇਗੀ ਅਤੇ ਸਾਂਝੇ ਪ੍ਰਬੰਧ ਦੀ ਉਸਾਰੀ ਕੀਤੀ ਜਾਵੇਗੀ। ਜੋ ਪੂਰੇ ਦੇਸ਼ ਲਈ ਇੱਕ ਰੋਲ ਮਾਡਲ ਸਾਬਿਤ ਹੋਵੇਗਾ। ਬਿੱਕਰ ਸਿੰਘ ਹਥੋਆ ਨੇ ਕਿਹਾ ਕਿ ਜਿੱਥੇ ਬੇਗਮਪੁਰਾ ਵਸਾਉਣ ਜਾ ਰਹੇ ਦਲਿਤਾਂ ਉੱਪਰ ਪੰਜਾਬ ਸਰਕਾਰ ਵੱਲੋਂ ਜਬਰ ਕੀਤਾ ਗਿਆ ਤਾਂ ਬਹੁਤ ਸਾਰੀਆਂ ਜਥੇਬੰਦੀਆਂ ਅਤੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਇਸ ਜਬਰ ਦਾ ਵਿਰੋਧ ਕੀਤਾ ਤੇ ਸੰਘਰਸ਼ ਦੀ ਹਮਾਇਤ ਕੀਤੀ ਉਨਾਂ ਸਾਰਿਆਂ ਦਾ ਜਥੇਬੰਦੀ ਵੱਲੋਂ ਧੰਨਵਾਦ ਕੀਤਾ ਗਿਆ।ਓਥੇ ਹੀ ਕੁਝ ਸਿਆਸੀ ਪਾਰਟੀਆਂ ਵੱਲੋਂ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਕੀਤੀ ਗਈ। ਅਜਿਹੇ ਲੋਕਾਂ ਨੂੰ ਸਿਆਸੀ ਲਾਹਾ ਲੈਣ ਦੀ ਬਜਾਏ ਇਸ ਸੰਘਰਸ਼ ਦਾ ਹਿੱਸਾ ਬਣਨ ਦੀ ਅਪੀਲ ਵੀ ਕੀਤੀ। ਅੰਤ ਵਿੱਚ ਉਹਨਾਂ ਕਿਹਾ ਕਿ ਜੇਕਰ ਸਾਥੀਆਂ ਦੀ ਬਿਨਾਂ ਸ਼ਰਤ ਰਿਹਾਈ ਤੇ ਪੰਜਾਬ ਸਰਕਾਰ ਨਾਲ ਮੀਟਿੰਗ ਤੋਂ ਵਾਅਦਾ ਖਿਲਾਫੀ ਹੁੰਦੀ ਹੈ ਤਾਂ ਮੁੜ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਜਾਰੀ ਕਰਤਾ ਬਿੱਕਰ ਸਿੰਘ ਹਥੋਆ 98786-77761

# ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ ਸ਼ਾਂਤੀ ਪੂਰਵਕ ਨੇਪਰੇ ਚੜ੍ਹੀ ,,

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਮਾਨਸਾ/ਭੀਖੀ 01ਜੂਨ (ਆਤਮਾ ਸਿੰਘ ਪਮਾਰ) ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅਨੁਸਾਰ ਸਕੂਲ ਮੈਨੇਜਮੈਂਟ ਕਮੇਟੀ ਸਰਕਾਰੀ ਸੈਕੰਡਰੀ ਸਕੂਲ( ਮੁੰਡੇ) ਭੀਖੀ ਦੀ ਚੋਣ ਨਗਰ ਪੰਚਾਇਤ ਤੇ ਪਤਵੰਤਿਆ ਦੀ ਹਾਜ਼ਰੀ ਵਿੱਚ ਅਮਨ ਅਮਾਨ ਨਾਲ ਨੇਪਰੇ ਚੜੀ। ਪ੍ਰੈਸ ਨਾਲ ਗੱਲ ਕਰਦਿਆਂ ਸਕੂਲ ਮੁੱਖੀ ਗੁਰਪਿੰਦਰ ਸਿੰਘ ਗਾਮੀਵਾਲਾ



ਨੇ ਦੱਸਿਆ ਕਿ ਸਕੂਲ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਮਾਪਿਆਂ ਦਾ ਸਕੂਲ 'ਚ ਇਜ਼ਲਾਸ ਸੱਦਿਆ ਗਿਆ ਸੀ। ਇਜਲਾਸ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੀ ਚੋਣ, ਹਾਜ਼ਰ ਮਾਪਿਆ ਨੇ ਕੁਲਵੰਤ ਸਿੰਘ ਨੂੰ ਸਰਬ ਸੰਮਤੀ ਨਾਲ ਚੇਅਰਮੈਨ ਅਤੇ ਮਨਪ੍ਰੀਤ ਕੌਰ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ, ਜਗਸੀਰ ਸਿੰਘ ਬਾਬੇ ਕਾ ਨੂੰ ਸਮਾਜ ਸੇਵੀ ਅਤੇ ਬੁੱਧ ਸਿੰਘ ਸੇਵਾ ਮੁਕਤ ਅਧਿਆਪਕ ਵਜੋਂ ਸਿੱਖਿਆ ਮਾਹਰ ਦੇ ਤੌਰ ਚੁਣਿਆ ਗਿਆ ।ਬਾਕੀ ਮੈਂਬਰ ਵੀ ਸਰਬ ਸੰਮਤੀ ਨਾਲ ਚੁਣੇ ਗਏ| ਇਸ ਸਮੇਂ ਨਗਰ ਪੰਚਾਇਤ ਭੀਖੀ ਦੇ ਪ੍ਰਧਾਨ ਦੇ ਪਤੀ ਸੁਖਦੇਵ ਸਿੰਘ ਮੀਤ ਪ੍ਰਧਾਨ ਪਰਮਿੰਦਰ ਗੋਰਾ ਤੇ ਪੱਪੀ ਸਿੰਘ, ਕ੍ਰਮਵਾਰ ਐਮ. ਸੀ. ਮਨਪ੍ਰੀਤ ਸਿੰਘ, ਰਾਮ ਸਿੰਘ ਚਹਿਲ ਤੇ ਸਮਾਜ ਸੇਵੀ ਰਜਿੰਦਰ ਜਾਫ਼ਰੀ, ਰਾਜ ਕੁਮਾਰ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ,। ਸਕੂਲ ਸਟਾਫ ਵਿੱਚੋਂ ਯਾਦਵਿੰਦਰ ਸਿੰਘ ਲੈਕਚਰਾਰ, ਸੱਤ ਪ੍ਰਤਾਪ ਸਿੰਘ, ਜਗਪਾਲ ਸਿੰਘ, ਹਰਵਿੰਦਰ ਸਿੰਘ, ਵਰਿੰਦਰਜੀਤ ਸਿੰਘ, ਅਮਰੀਕ ਸਿੰਘ, ਅਭਿਸ਼ੇਕ ਬਾਂਸਲ, ਵੀਰਪਾਲ ਕੌਰ, ਅਨੀਤਾ ਰਾਣੀ, ਮਨਿੰਦਰ ਕੌਰ, ਮਨਪ੍ਰੀਤ ਕੌਰ, ਰਜਿੰਦਰ ਕੌਰ ਆਦਿ ਵੀ ਹਾਜ਼ਰ ਸਨ।

# ਯੂਕਰੇਨ ਨੇ ਰੂਸ ਦੇ 40 ਜੰਗੀ ਜਹਾਜ਼ਾਂ ਨੂੰ ਤਬਾਹ ਕਰਨ ਦਾ ਦਾਅਵਾ ਕੀਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 01 ਜੂਨ
INTERNATIONAL PAPER, 9463601616
hardipchumber57@gmail.com

ਕੀਵ : ਯੂਕਰੇਨ ਦੇ ਇਕ ਸੁਰੱਖਿਆ ਅਧਿਕਾਰੀ ਨੇ ਦਾਅਵਾ ਕੀਤਾ ਹੈ ਕਿ ਯੂਕਰੇਨ ਦੇ ਇਕ ਡਰੋਨ ਹਮਲੇ ਵਿਚ ਰੂਸੀ ਖੇਤਰ ਦੇ ਅੰਦਰ 40 ਤੋਂ ਵੱਧ ਰੂਸੀ ਜਹਾਜ਼ ਤਬਾਹ ਹੋ ਗਏ। ਰਾਸ਼ਟਰਪਤੀ ਵੋਲੋਡੀਮੀਰ ਜ਼ੇਲੈਂਸਕੀ ਦੀ ਨਿਗਰਾਨੀ ਹੇਠ ਕੀਤੇ ਗਏ ਇਸ ਆਪਰੇਸ਼ਨ ਨੂੰ ਅੰਜਾਮ ਦੇਣ ਵਿਚ 18 ਮਹੀਨੇ ਤੋਂ ਵੱਧ ਦਾ ਸਮਾਂ ਲੱਗਿਆ। ਡਰੋਨ ਨੂੰ ਟਰੱਕਾਂ ਰਾਹੀਂ ਕੰਟੇਨਰਾਂ ਵਿਚ ਲਿਜਾਇਆ ਗਿਆ ਅਤੇ ਯੂਕਰੇਨ ਤੋਂ 4,000 ਕਿਲੋਮੀਟਰ ਦੂਰ ਰੂਸ ਦੇ ਇਰਕੁਤਸਕ ਖੇਤਰ ਵਿਚ ਬੇਲਾਯਾ ਹਵਾਈ ਅੱਡੇ ਸਮੇਤ ਕਈ ਹਵਾਈ ਖੇਤਰਾਂ ਵਿਚ ਤਾਇਨਾਤ ਬੰਬਾਰਾਂ ਨੂੰ ਨਿਸ਼ਾਨਾ ਬਣਾਇਆ ਗਿਆ। ਸਥਾਨਕ ਗਵਰਨਰ ਇਗੋਰ ਕੋਬਜ਼ੇਵ ਨੇ ਪਹਿਲੀ ਵਾਰ ਖੇਤਰ ਵਿਚ ਯੂਕਰੇਨ ਦੇ ਡਰੋਨ ਦੀ ਮੌਜੂਦਗੀ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਇਸ ਨੂੰ ਇਕ ਟਰੱਕ ਤੋਂ ਲਾਂਚ ਕੀਤਾ ਗਿਆ ਸੀ। ਇਹ ਹਮਲਾ ਉਦੋਂ ਹੋਇਆ ਹੈ ਜਦੋਂ ਯੂਕਰੇਨ ਇਸਤਾਂਬੁਲ ਵਿੱਚ ਰੂਸ ਨਾਲ ਸ਼ਾਂਤੀ ਵਾਰਤਾ ਸਿੱਧੀ ਕਰਨ ਲਈ ਰੱਖਿਆ ਮੰਤਰੀ ਰੁਸਤੇਮ ਉਮੇਰੋਵ ਦੀ ਅਗਵਾਈ ਵਿੱਚ ਇੱਕ ਵਫ਼ਦ ਭੇਜੇਗਾ। ਜ਼ੇਲੈਂਸਕੀ ਨੇ ਕਿਹਾ, "ਅਸੀਂ ਆਪਣੀ ਆਜ਼ਾਦੀ, ਆਪਣੇ ਰਾਜ ਅਤੇ ਆਪਣੇ ਲੋਕਾਂ ਦੀ ਰੱਖਿਆ ਲਈ ਸਭ ਕੁਝ ਕਰ ਰਹੇ ਹਾਂ। ਇਸ ਦੌਰਾਨ ਰੂਸ ਨੇ ਵੀ ਯੂਕਰੇਨ 'ਤੇ ਹੁਣ ਤੱਕ ਦਾ ਸਭ ਤੋਂ ਵੱਡਾ ਡਰੋਨ ਹਮਲਾ ਕੀਤਾ, ਜਿਸ 'ਚ 472 ਡਰੋਨ ਅਤੇ 7 ਮਿਜ਼ਾਈਲਾਂ ਦਾਗੀਆਂ ਗਈਆਂ। ਇਕ ਮਿਜ਼ਾਈਲ ਹਮਲੇ ਵਿਚ ਯੂਕਰੇਨ ਦੇ 12 ਫ਼ੌਜੀ ਮਾਰੇ ਗਏ ਅਤੇ 60 ਤੋਂ ਵੱਧ ਜ਼ਖਮੀ ਹੋ ਗਏ। ਇਸ ਹਮਲੇ ਤੋਂ ਬਾਅਦ ਯੂਕਰੇਨ ਫੌਜ ਦੇ ਕਮਾਂਡਰ ਮਾਈਖਾਇਲੋ ਦਰਾਪਤੀ ਨੂੰ ਅਸਤੀਫਾ ਦੇਣਾ ਪਿਆ।

ਰੂਸ ਨੇ ਯੂਕਰੇਨ ਦੇ ਉੱਤਰੀ ਸੂਮੀ ਖੇਤਰ ਦੇ ਓਲੇਕਸੀਵਕਾ ਪਿੰਡ 'ਤੇ ਵੀ ਕਬਜ਼ਾ ਕਰਨ ਦਾ ਦਾਅਵਾ ਕੀਤਾ ਹੈ, ਜਿਸ ਤੋਂ ਬਾਅਦ 11 ਬਸਤੀਆਂ ਨੂੰ ਖਾਲੀ ਕਰਵਾਇਆ ਗਿਆ ਹੈ। ਯੂਕਰੇਨ ਦੇ ਫੌਜੀ ਅਧਿਕਾਰੀਆਂ ਨੇ ਕਈ ਖੇਤਰਾਂ ਵਿੱਚ ਰੂਸ ਦੀ ਲਗਾਤਾਰ ਤਰੱਕੀ ਦੀ ਰਿਪੋਰਟ ਕੀਤੀ ਹੈ।

# ਬੰਤ ਸਿੰਘ ਆਈ.ਟੀ.ਓ ਸੇਵਾ ਮੁਕਤ ਜਿਲ੍ਹਾ ਕੋਆਰਡੀਨੇਟਰ ਬਸਪਾ ਨੇ ਸੁਰੂ ਕੀਤਾ ਮੀਟਿੰਗਾਂ ਦਾ ਦੌਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com




ਬੰਤ ਸਿੰਘ ਆਈ.ਟੀ.ਓ ਸੇਵਾ ਮੁਕਤ ਜਿਲ੍ਹਾ ਕੋਆਰਡੀਨੇਟਰ ਬਸਪਾ ਪਟਿਆਲਾ ਦੇ ਜਿਲ੍ਹਾ ਕੋਆਰਡੀਨੇਟਰ ਸ਼ ਰੂਪ ਸਿੰਘ ਬਠੋਈ ਅਤੇ ਜਿਲ੍ਹਾ ਸਕੱਤਰ ਸ਼ ਚੰਦ ਸਿੰਘ ਬੱਟੀ ਦੇ ਨਾਲ ਸਮਾਣਾ ਦੇ ਪਿੰਡ ਸ਼ੇਰ ਮਾਜਰਾ ਅਤੇ ਪਿੰਡ ਹੀਰਾ ਮਾਜਰਾ ਅਤੇ ਹੋਰ ਪਿੰਡਾਂ ਵਿੱਚ ਸੈਕਟਰ ਕਮੇਟੀਆਂ ਦਾ ਆਯੋਜਨ 1 ਜੂਨ 2025 ਨੂੰ ਵਿਧਾਨ ਸਭਾ ਦਾ ਨਤੀਜਾ

# ਬਸਪਾ ਵੱਲੋਂ ਪੰਜਾਬ ਸੰਭਾਲੋ ਮੁਹਿੰਮ ਨੂੰ ਜਨਤਕ ਅੰਦੋਲਨ ਦਾ ਰੂਪ ਦਿੱਤਾ ਜਾਵੇ --ਪ੍ਰਵੀਨ ਬੰਗਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਬੰਗਾ (ਚਰਨਜੀਤ ਸੱਲ੍ਹਾਂ )ਬਸਪਾ ਵਲੋਂ ਪੰਜਾਬ ਸੰਭਾਲੋ ਮੁਹਿੰਮ ਨੂੰ ਜਨਤਕ ਅੰਦੋਲਨ ਬਣਾਉਣ ਲਈ ਬੰਗਾ ਹਲਕੇ ਦੇ ਪਿੰਡ ਮੰਢਾਲੀ ਵਿਖੇ ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ ਨੇ ਬਸਪਾ ਆਗੂ ਮਲਕੀਤ ਮੰਢਾਲੀ ਦੇ ਘਰ ਵਿਖੇ ਸਾਥੀਆਂ ਨਾਲ ਵਿਚਾਰ ਵਿਟਾਂਦਰਾ ਕਰਦਿਆਂ ਹੋਏ ਸੈਕਟਰ ਤੇ ਬੂਥ ਕਮੇਟੀਆਂ ਨੂੰ ਚੁਸਤ ਦਰੁਸਤ ਕਰਨ ਲਈ ਜਥੇਬੰਦਕ ਢਾਂਚੇ ਨੂੰ ਮਜਬੂਤ ਬਨਾਉਣ ਦੀ ਅਪੀਲ ਕੀਤੀ ਬੀ ਵੀ ਐਫ ਵਿੱਚ ਨਿਰੰਤਰ ਕੰਮ ਕਰਨ ਵਾਲੇ ਪਿੰਡ ਦੇ ਨੋਜਵਾਨ ਆਗੂ ਚਰਨਜੀਤ ਮੰਢਾਲੀ ਨੂੰ ਬੰਗਾ ਹਲਕੇ ਦੇ ਨਵੇਂ ਜਨਰਲ ਸਕੱਤਰ ਬਣਾਏ ਜਾਣ ਤੇ ਉਨ੍ਹਾਂ ਦੇ ਨਿਵਾਸ ਤੇ ਲੀਡਰਸ਼ਿਪ ਸਮੇਤ ਪਹੁੰਚਕੇ ਉਨ੍ਹਾਂ ਨੂੰ ਮੁਬਾਰਕਾਂ ਦਿਤੀਆਂ ਮੰਢਾਲੀ ਯੂਨਿਟ ਵਲੋਂ ਮੇਰੇ ਸਮੇਤ ਨਵੇਂ ਬਣੇ ਜਨਰਲ ਸਕੱਤਰ ਦਾ ਸਨਮਾਨ ਕੀਤਾ ਤੇ ਪਿੰਡ ਦੇ ਨਿਧੜਕ ਮਹਿਲਾ ਆਗੂ ਬੀਬੀ ਬਲਵਿੰਦਰ ਕੋਰ ਪਤਨੀ ਜਸਵਿੰਦਰ ਕੁਮਾਰ ਬੀਤੇ ਦਿਨੀ ਅਚਾਨਕ ਬੇਵਕਤੀ ਪਰਿਵਾਰ ਨੂੰ ਸਦੀਵੀਂ ਵਿਛੋੜਾ ਦੇ ਗਈ ਸੀ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਇਸ ਮੋਕੇ ਤੇ ਸੈਕਟਰ ਪ੍ਰਧਾਨ ਮਹਿੰਦਰ ਪਾਲ ਬੈਂਸ ਮੰਢਾਲੀ ਦੇ ਪ੍ਰਧਾਨ ਕੁਲਵਿੰਦਰ ਗੋਰਾ, ਸਾਬਕਾ ਸਰਪੰਚ ਕਮਲਜੀਤ ਕੋਰ ਜੀ,ਗੁਰਮੇਲ ਭਟੀ ਜੀ, ਰਾਜ ਕੁਮਾਰ ਸਾਬਕਾ ਪੰਚ, ਸੀਨੀਅਰ ਆਗੂ ਪ੍ਰੇਮ ਕੁਮਾਰ ਜੀ, ਪਰਮਜੀਤ ਕੁਮਾਰ ਜੀ ਬਲਰਾਮ ਬਾਲੀ,ਹਰਬੰਸ ਲਾਲ, ਸਤਨਾਮ ਸ਼ਾਮਾ, ਰਮਨ ਕੁਮਾਰ ਨਿੱਕਾ ਤੇ ਇਲਾਵਾ ਸਾਥੀ ਹਾਜਰ ਸਨ

# ਸਾਡਾ ਉਦੇਸ਼ ਵਿਸ਼ੇਸ਼ ਬੱਚਿਆਂ ਨੂੰ ਸੱਚਮੁੱਚ ਵਿਸ਼ੇਸ਼ ਬਣਾਉਣਾ ਹੋਣਾ ਚਾਹੀਦਾ ਹੈ : ਪ੍ਰੇਮ ਪ੍ਰਕਾਸ਼

## ਸਕੂਲ ਨੂੰ ਦਾਨ ਕੀਤੇ ਗਏ 15,000 ਰੁਪਏ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ, 1 ਜੂਨ (ਤਰਸੇਮ ਦੀਵਾਨਾ) ਕਰਨਲ ਪ੍ਰੇਮ ਪ੍ਰਕਾਸ਼ ਅਤੇ ਉਨ੍ਹਾਂ ਦੀ ਧੀ ਪ੍ਰਾਂਤੀ ਰਾਏ ਪ੍ਰਕਾਸ਼ ਨੇ ਜੇਐਸਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਦਾ ਦੌਰਾ ਕੀਤਾ ਅਤੇ ਵਿਸ਼ੇਸ਼ ਬੱਚਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਸਮਾਂ ਬਿਤਾਇਆ। ਇਸ ਮੌਕੇ ‘ਤੇ, ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਹਰਬੰਸ ਸਿੰਘ ਦੀ ਅਗਵਾਈ ਹੇਠ ਕਮੇਟੀ ਮੈਂਬਰਾਂ ਨੇ ਕਰਨਲ ਪ੍ਰੇਮ ਪ੍ਰਕਾਸ਼ ਅਤੇ ਉਨ੍ਹਾਂ ਦੀ ਧੀ ਦਾ ਸਕੂਲ ਪਹੁੰਚਣ ‘ਤੇ ਸਵਾਗਤ ਕੀਤਾ। ਕਰਨਲ ਪ੍ਰੇਮ ਪ੍ਰਕਾਸ਼ ਨੇ ਕਿਹਾ ਕਿ ਕਮੇਟੀ ਦੇ ਸਕੱਤਰ ਕਰਨਲ ਗੁਰਮੀਤ ਸਿੰਘ ਉਨ੍ਹਾਂ ਦੇ ਸਹਿਪਾਠੀ ਹਨ ਅਤੇ ਜਦੋਂ ਵੀ ਉਹ ਇੱਕ ਦੂਜੇ ਨੂੰ ਮਿਲਦੇ ਹਨ, ਉਹ ਹਮੇਸ਼ਾ ਆਸ਼ਾ ਕਿਰਨ ਸਕੂਲ ਅਤੇ ਵਿਸ਼ੇਸ਼ ਬੱਚਿਆਂ ਬਾਰੇ ਗੱਲ ਕਰਦੇ ਹਨ। ਇਸ ਸਮੇਂ, ਪ੍ਰਾਂਤੀ, ਜੋ ਕਿ ਇੱਕ ਮਾਡਲ ਹੈ, ਨੇ ਵਿਸ਼ੇਸ਼ ਬੱਚਿਆਂ ਦੀ ਭਲਾਈ ਲਈ ਸਕੂਲ ਕਮੇਟੀ ਨੂੰ 15,000 ਰੁਪਏ ਦੀ ਰਕਮ ਦਾਨ ਕੀਤੀ ਅਤੇ ਕਿਹਾ ਕਿ ਭਵਿੱਖ ਵਿੱਚ ਵੀ ਉਹ ਸਕੂਲ ਵਿੱਚ ਸ਼ਾਮਲ ਹੋ ਕੇ ਵਿਸ਼ੇਸ਼ ਬੱਚਿਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦੀ ਰਹੇਗੀ। ਇਸ ਦੌਰਾਨ ਸਲਾਹਕਾਰ ਪਰਮਜੀਤ ਸਿੰਘ ਸਚਦੇਵਾ ਨੇ ਕਰਨਲ ਪ੍ਰੇਮ ਪ੍ਰਕਾਸ਼ ਨੂੰ ਸਕੂਲ ਵਿੱਚ ਚਲਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ ਚਲਾਏ ਜਾ ਰਹੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਕਰਨਲ ਪ੍ਰੇਮ ਪ੍ਰਕਾਸ਼ ਨੇ ਸਕੂਲ ਕਮੇਟੀ ਨੂੰ ਭਰੋਸਾ ਦਿੱਤਾ ਕਿ ਜਦੋਂ ਵੀ ਲੋੜ ਪਵੇਗੀ ਉਹ ਹਮੇਸ਼ਾ ਵਿਸ਼ੇਸ਼ ਬੱਚਿਆਂ ਦੀ ਭਲਾਈ ਲਈ ਖੜ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਨ੍ਹਾਂ ਵਿਸ਼ੇਸ਼ ਬੱਚਿਆਂ ਨੂੰ ਸੱਚਮੁੱਚ ਵਿਸ਼ੇਸ਼ ਬਣਾਉਣਾ ਹੋਣਾ ਚਾਹੀਦਾ ਹੈ। ਇਸ ਮੌਕੇ ਮਲਕੀਤ ਸਿੰਘ ਮਹੇੜੂ, ਸੀਏ ਤਰਨਜੀਤ ਸਿੰਘ, ਹਰਮੇਸ਼ ਤਲਵਾੜ, ਬਲਰਾਮ ਸਿੰਘ, ਪ੍ਰੇਮ ਸੈਣੀ, ਮਸਤਾਨ ਸਿੰਘ ਗਰੇਵਾਲ, ਐਡਵੋਕੇਟ ਹਰੀਸ਼ ਚੰਦਰ ਐਰੀ, ਲੋਕੇਸ਼ ਖੰਨਾ, ਰਾਮ ਆਸਰਾ, ਵਿਨੋਦ ਭੂਸ਼ਣ, ਪ੍ਰਿੰਸੀਪਲ ਸ਼ੈਲੀ ਸ਼ਰਮਾ ਆਦਿ ਵੀ ਮੌਜੂਦ ਸਨ।

# ਐਸ.ਸੀ., ਬੀ.ਸੀ. ਮਹਾਂ ਪੰਚਾਇਤ ਵੱਲੋਂ ਫੇਜ਼ VII ਮੋਹਾਲੀ ਵਿਖੇ ਰਾਖਵਾਂਕਰਨ ਚੋਰ ਫੜੋ ਮੋਰਚੇ ਉੱਤੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com




Today a meeting of the reservation Chor Fero Morcha was organised by SC, BC Maha Panchayat at Phase VII Mohali. I have addressed the meeting as President of the OBC Federation. I have also assured full support to the morcha organiser.

Balwinder Singh Multani
OBC Federation
9463743086

ਅੱਜ ਐਸ.ਸੀ., ਬੀ.ਸੀ. ਮਹਾਂ ਪੰਚਾਇਤ ਵੱਲੋਂ ਫੇਜ਼ VII ਮੋਹਾਲੀ ਵਿਖੇ ਰਾਖਵਾਂਕਰਨ ਚੋਰ ਫੜੋ ਮੋਰਚੇ ਦੀ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੈਂ ਓ.ਬੀ.ਸੀ. ਫੈਡਰੇਸ਼ਨ ਦੇ ਪ੍ਰਧਾਨ ਵਜੋਂ ਮੀਟਿੰਗ ਨੂੰ ਸੰਬੋਧਨ ਕੀਤਾ ਹੈ। ਮੈਂ ਮੋਰਚੇ ਦੇ ਪ੍ਰਬੰਧਕ ਨੂੰ ਪੂਰਾ ਸਮਰਥਨ ਦੇਣ ਦਾ ਵੀ ਭਰੋਸਾ ਦਿੱਤਾ ਹੈ।

ਬਲਵਿੰਦਰ ਸਿੰਘ ਮੁਲਤਾਨੀ
ਓ.ਬੀ.ਸੀ. ਫੈਡਰੇਸ਼ਨ
9463743086

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ ਛਬੀਲ ਲਗਾਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਸੰਗਰੂਰ,1 ਜੂਨ (ਜਗਸੀਰ ਲੌਂਗੋਵਾਲ)- ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਹੋਇਆ ਅਕਾਲ ਅਕੈਡਮੀ ਥੇਹ ਕਲੰਦਰ ਵਿਖੇ ਸਮੂਹ ਅਧਿਆਪਕਾਂ ਦੇ ਸਹਿਯੋਗ ਨਾਲ ਅਰਦਾਸ ਕਰਨ ਉਪਰੰਤ ਗੁਰਬਾਣੀ ਦੇ ਜਾਪ ਤੇ ਗੁਰਮਤਿ ਵਿਚਾਰਾਂ ਕਰਦਿਆਂ ਇਸ ਉਪਰੰਤ ਵਿਦਿਆਰਥੀਆਂ ਦੇ ਮਾਤਾ-ਪਿਤਾ ਅਤੇ ਅਧਿਆਪਕ ਸਾਹਿਬਾਨ ਨਾਲ ਗਰਮੀ ਦੀਆਂ ਛੁੱਟੀਆਂ ਦੇ ਕੰਮ ਦੇ ਸੰਬੰਧ ਵਿੱਚ ਗੱਲਬਾਤ ਕੀਤੀ ਗਈ ਅਤੇ ਇਹ ਛਬੀਲ ਸਵੇਰੇ 10 ਵਜੇ ਸ਼ੁਰੂ ਕੀਤੀ ਗਈ। ਇਹ ਸਮਾਗਮ ਅਕਾਲ ਅਕੈਡਮੀ ਥੇਹ ਕਲੰਦਰ ਦੇ ਪ੍ਰਿੰਸੀਪਲ ਦੀ ਰਹਿਨੁਮਾਈ ਹੇਠ ਹੋਇਆ। ਇਸ ਤੋਂ ਇਲਾਵਾ ਸਮੂਹ ਸਟਾਫ਼ ਮੈਂਬਰ ਜਿਸ ਵਿਚ ਮਨਦੀਪ ਸਿੰਘ, ਪ੍ਰਦੀਪ ਕੁਮਾਰ ਅਤੇ ਸੁਖਪਾਲ ਸਿੰਘ ਸ਼ਾਮਿਲ ਸਨ, ਜਿਨ੍ਹਾਂ ਮੁੱਖ ਸੇਵਾਦਾਰਾਂ ਵਜੋਂ ਭੂਮਿਕਾ ਨਿਭਾਈ। ਇਸ ਸੰਬੰਧੀ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਗੁਰਜੀਤ ਕੌਰ ਸਿੱਧੂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਗੁਰੂ ਅਰਜਨ ਦੇਵ ਜੀ ਦੀ ਅਦੁੱਤੀ ਸ਼ਹਾਦਤ ਅਤੇ ਜੀਵਨ ‘ਤੇ ਚਾਨਣਾ ਪਾਉਂਦੇ ਹੋਏ ਉਹਨਾਂ ਦੇ ਦੱਸੇ ਮਾਰਗ ‘ਤੇ ਚੱਲਣ ਦੀ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ ਸਾਨੂੰ ਆਪਣੀ ਸਿੱਖੀ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਦੁੱਖ ਤਕਲੀਫਾਂ ਸਮੇਂ ਸਾਨੂੰ ਘਬਰਾਉਣਾ ਨਹੀ ਚਾਹੀਦਾ, ਸਗੋਂ ਉਸ ਸਮੇਂ ਸਰਬ ਸਾਂਝੇ ਗੁਰੂ ਦਾ ਆਸਰਾ ਲੈਣਾ ਚਾਹੀਦਾ ਹੈ ਅਤੇ ਉਸ ਅੱਗੇ ਰੱਖਿਆ ਲਈ ਬੇਨਤੀ ਕਰਨੀ ਚਾਹੀਦੀ ਹੈ। ਸਾਰੇ ਸਟਾਫ਼ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ।

# ਡਾ. ਰਜਵੰਤ ਕੌਰ ਹੋਣਗੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ ਮੁਖੀ, ਗੁਰਪ੍ਰੀਤ ਜਖਵਾਲੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 01 ਜੂਨ
INTERNATIONAL PAPER, 94636 01616
hardipchumber57@gmail.com



ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਵਾਈਸ ਚਾਂਸਲਰ ਡਾਕਟਰ ਜਗਦੀਪ ਸਿੰਘ ਵੱਲੋਂ ਜਾਰੀ ਹੋਏ ਅਦੇਸ਼ ਦੇ ਲੋਅ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਵਿਖੇ ਕਾਰਜਸ਼ੀਲ ਸਟੇਟ ਅਵਾਰਡੀ ਡਾਕਟਰ ਰਜਵੰਤ ਕੌਰ ਪੰਜਾਬੀ ਵਿਭਾਗ ਦੇ ਮੁਖੀ ਵਜੋਂ 2 ਜੂਨ 2025 ਨੂੰ ਆਪਣਾ ਅਹੁਦਾ ਸੰਭਾਲਣਗੇ। ਐਮ. ਏ (ਪੰਜਾਬੀ ਅਤੇ ਧਰਮ ਅਧਿਐਨ) ਦੀਆਂ ਡਿਗਰੀਆਂ ਪ੍ਰਾਪਤ ਕਰਨ ਤੇ ਉਰਦੂ ਅਤੇ ਫਾਰਸੀ ਜ਼ੁਬਾਨ ਵਿਚ ਵੀ ਯੂਨੀਵਰਸਿਟੀ ਪੱਧਰ ਤੇ ਤਾਲੀਮ ਹਾਸਲ ਕਰਨ ਵਾਲੇ ਡਾਕਟਰ ਰਾਜਵੰਤ ਕੌਰ ਨੇ ਪੰਜਾਬ ਦੇ ਵਿਆਹਾਂ ਸਮੇਂ ਦੇ ਲੋਕ ਗੀਤਾਂ ਵਿੱਚ ਭਾਵ ਸੰਚਾਰ ਵਿਸੇ ਤੇ ਪੀਐਚ ਡੀ ਦੀ ਡਿਗਰੀ ਹਾਸਲ ਕੀਤੀ । ਯੂਨੀਵਰਸਿਟੀ ਵਿਖੇ ਇਕ ਦਿਹਾੜੀਦਾਰ ਕਲਰਕ ਤੋਂ ਆਪਣੀਆਂ ਸੇਵਾਵਾਂ ਸ਼ੁਰੂ ਕਰਨ ਵਾਲੀ ਡਾਕਟਰ ਸਾਹਿਬ ਨੇ ਪੰਜਾਬੀ ਸਟੈਨੋ ਟਾਈਪਿਸਟ ਦੇ ਅਹੁਦੇ ਤੇ ਲੰਮਾ ਸਮਾਂ ਕੰਮ ਕੀਤਾ ਅਤੇ ਇਸ ਦੇ ਨਾਲ ਅਕਾਦਮਿਕ ਸਿੱਖਿਆ ਦਾ ਅਮਲ ਵੀ ਜਾਰੀ ਰੱਖਿਆ। ਉਨ੍ਹਾਂ ਨੇ ਪਹਿਲਾਂ ਯੂਨੀਵਰਸਿਟੀ ਦੇ ਪੰਜਾਬੀ ਭਾਸ਼ਾ ਸਾਹਿਤ ਅਤੇ ਸਭਿਆਚਾਰ ਦੇ ਤਕਨੀਕੀ ਵਿਭਾਗ ਦੇ ਉੱਚਤਮ ਕੇਂਦਰ ਵਿਖੇ ਬਤੌਰ ਲੈਕਚਰਾਰ ਸੇਵਾਵਾਂ ਨਿਭਾਈਆਂ।ਸਾਲ 2011 ਵਿੱਚ ਉਹ ਤਤਕਾਲੀਨ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਦੇ ਸੇਵਾ ਕਾਲ ਦੌਰਾਨ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵਿਖੇ ਬਤੌਰ ਅਸੀਸਟੈਂਟ ਪ੍ਰੋਫੈਸਰ ਹਾਜ਼ਰ ਹੋਏ ਜਿਥੇ ਉਨ੍ਹਾਂ ਦੀ ਅਗਵਾਈ ਅਧੀਨ ਹੁਣ ਤੱਕ 25 ਖੋਜ ਕਾਰੀ ਐਮ ਫਿਲ ਅਤੇ ਪੀ ਐਚ ਡੀ ਦੀਆਂ ਡਿਗਰੀਆਂ ਪ੍ਰਾਪਤ ਕਰ ਚੁੱਕੇ ਹਨ।

ਡਾ. ਰਜਵੰਤ ਕੌਰ ਪੰਜਾਬੀ ਦੀ ਇੱਕ ਪ੍ਰਸਿੱਧ ਕਲਾਕਾਰ ਵਜੋਂ ਵੀ ਪਛਾਣ ਹੈ। ਉਨ੍ਹਾਂ ਦੀਆਂ ਹੁਣ ਤੱਕ 21 ਪੁਸਤਕਾਂ ਛਪ ਚੁੱਕੀਆਂ ਹਨ ਜਿਨ੍ਹਾਂ ਵਿੱਚ ਮੌਲਿਕ ਖੋਜ,ਸੰਪਾਦਨ, ਲਿਪੀਅੰਤ੍ਰਣ, ਅਨੁਵਾਦ ਅਤੇ ਬਾਲ ਸਾਹਿਤ ਆਦਿ ਸ਼ਾਮਲ ਹਨ। ਉਨ੍ਹਾਂ ਦੀ ਪੁਸਤਕ ਸਿਹਰਾ ਤੇ ਸਿੱਖਿਆ ਸੰਕਲਨ ਅਤੇ ਮੁਲਾਂਕਣ ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2010 ਵਿੱਚ ਸਰਵੋਤਮ ਪੁਸਤਕ ਪੁਰਸਕਾਰ ਪ੍ਰਾਪਤ ਹੋਇਆ ਸੀ। ਸਾਹਿਤ ਅਕਾਦਮੀ ਐਵਾਰਡੀ ਡਾ. ਦਰਸ਼ਨ ਸਿੰਘ ਆਸਟ ਦੇ ਜੀਵਨ ਸਾਥਣ ਡਾਕਟਰ ਪੰਜਾਬੀ ਵਰਤਮਾਨ ਸਮੇਂ ਵਿੱਚ ਸਾਹਿਤ ਅਕਾਦਮੀ ਦਿੱਲੀ ਅਤੇ ਭਾਸ਼ਾ ਵਿਭਾਗ ਪੰਜਾਬ ਵਰਗੇ ਮਹੱਤਵਪੂਰਨ ਅਦਾਰਿਆਂ ਵਲੋਂ ਸੌਂਪੇ ਗਏ ਵੱਖ ਵੱਖ ਖੋਜ ਪ੍ਰਾਜੈਕਟਾਂ ਤੇ ਕੰਮ ਕਰ ਰਹੇ ਹਨ।

Onkar Nath, (IAAS-1984) (Former Additional Deputy Comptroller & Auditor General) CONVENOR, ACTION COMMITTEE FOR RTE ACT, 2009, PUNJAB # 925, Phase 3-B-2, Sector - 60, S.A.S. Nagar, Mohali, (Punjab)-160059, Email: onkarnath 1959@gmail.com, Phone: 95305-00142

Date: 30 May 2025

To

1 The Secretary, School Education Department, Government of Punjab, Civil Secretariat Punjab-II, Sector-09, Chandigarh - 160009

2 The Director of School Education (DPI), (Elementary Education), Punjab, Sector 62, Mohali, Punjab -160062

3 The District Education Officer (Elementary Education), Second Floor, District Administrative Office, Sector 76, SAS Nagar (Mohali), Punjab.

Respected Sir/Madam,

**Subject: Complaint regarding Non-Compliance with RTE Act, 2009 and the Hon'ble Punjab & Haryana High Court Order dated 19.02.2025 by Yadavindra Public School, Mohali - Denial of Admission to Master Arshdeep Singh under Section 12(1)(c)**

With due respect, I would like to draw your urgent attention to a critical issue and serious instance of non-compliance with the provisions of the Right of Children to Free and Compulsory Education Act, 2009, and the binding directions of 19 February 2025 of the Hon'ble Punjab & Haryana High Court, by **Yadavindra Public School (YPS), Mohali.**

2. The details of the case under reference are as under: -

a) **Master Arshdeep Singh, son of Shri Hardeep Singh,** a resident of Village Kumbra, Sector 68, S.A.S. Nagar (Mohali), had applied for admission to Class 1 at Yadavindra Public School, Mohali under the provisions of Section 12(1)(c) of the RTE Act, 2009, which mandates 25% admissions for children from economically weaker sections and disadvantaged groups in the unaided private schools.

b) However, instead of admitting the child as per the law and the High Court's express directive, the school has issued a letter dated 23 May 2025 (copy enclosed), addressed to the Shri Hardeep Singh, child's father, merely acknowledging the application and stating as under:

**"----- your application has been forwarded to the District Education Office, Mohali for the procedure regarding the modalities of admission under the Disadvantaged Group category (RTE Act 2009), as per Punjab and Haryana High Court order dated 19 February 2025".**

c) As per the aforementioned judgment of the Hon'ble High Court dated 19 February 2025, all unaided private schools are duty-bound to directly admit eligible children under Section 12(1)(c) of the RTE Act without delay or procedural obstruction. The deferral of admission by YPS, Mohali is in clear violation of this mandate and constitutes a denial of the child's fundamental right to education under Article 21-A of the Constitution of India and Section 12(1)(c) of the RTE Act, 2009.

3. In the circumstances, you are requested to kindly take following actions without delay: a) Immediate directions may be issued to Yadavindra Public School, Mohali to grant admission to Master Arshdeep Singh in Class-1 under the RTE Act as per the High Court's binding order dated 19.02.2025.

